'ਜ਼ਿਕਰ ਪੰਜਾਬ' ਨੂੰ
ਲੋੜ ਹੈ
ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਅਤੇ ਕਸਬਿਆਂ ਤੋਂ ਤਜ਼ਰਬੇਕਾਰ ਪੜ੍ਹੇ-ਲਿਖੇ ਪੱਤਰਕਾਰਾਂ ਦੀ
ਸੰਪਰਕ:-
9815024577
E-mail:
zikarpunjab44@gmail.com

# ਜ਼ਿਕਰ ਪੰਜਾਬ

ਸੱਚ ਦੀ ਆਵਾਜ਼ ਹੱਕ ਦੀ ਆਵਾਜ਼

WEEKLY ZIKAR PUNJAB

ਹਫਤਾਵਾਰੀ ਅਖ਼ਬਾਰ

ਕੁਲ ਪੰਨੇ : 8 ਮੁੱਲ : 3/- ਰੁਪਏ
ਲੁਧਿਆਣਾ : ਸੋਮਵਾਰ, 13 ਅਪ੍ਰੈਲ ਤੋਂ ਐਤਵਾਰ, 19 ਅਪ੍ਰੈਲ, 2026

ਮੁੱਖ ਸੰਪਾਦਕ : ਅਸ਼ਵਨੀ ਜੇਤਲੀ/ਸਹਿ-ਸੰਪਾਦਕ : ਬਲਵਿੰਦਰ ਕੁਮਾਰ

Ludhiana : Monday, 13 April to Sunday, 19 April 2026

ਹਫਤਾਵਾਰੀ 'ਜ਼ਿਕਰ ਪੰਜਾਬ' ਅਖ਼ਬਾਰ ਵਿੱਚ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਛਪਣਯੋਗ ਸਮੱਗਰੀ ਛਪਵਾਉਣ ਲਈ
ਸੰਪਰਕ:-
9815024577
E-mail:
zikarpunjab44@gmail.com

E-mail : zikarpunjab44@gmail.com | RNI-PUNPUN/2017/75418 | ਮੋਬਾਈਲ ਨੰ. : 9815024577 | ਸਾਲ : 10 ਅੰਕ : 15 | Website : www.zikarpunjab.com

## ਆਸ਼ਾ ਭੌਂਸਲੇ ਦਾ ਦਿਹਾਂਤ

- ਸਰਕਾਰੀ ਸਨਮਾਨਾਂ ਨਾਲ ਅੰਤਿਮ ਸੰਸਕਾਰ ਹੋਵੇਗਾ



**ਜ਼ਿਕਰ ਪੰਜਾਬ**
**ਨਵੀਂ ਦਿੱਲੀ/ਬਿਊਰੋ**

ਪ੍ਰਸਿੱਧ ਭਾਰਤੀ ਗਾਇਕਾ ਆਸ਼ਾ ਭੌਂਸਲੇ ਦਾ ਐਤਵਾਰ ਨੂੰ ਮੁੰਬਈ ਦੇ ਬ੍ਰੀਚ ਕੈਂਡੀ ਹਸਪਤਾਲ ਵਿੱਚ ਇਲਾਜ ਦੌਰਾਨ ਦੇਹਾਂਤ ਹੋ ਗਿਆ। ਉਨ੍ਹਾਂ ਨੂੰ ਸ਼ਨੀਵਾਰ ਨੂੰ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਸੀ, ਪਰ ਡਾਕਟਰਾਂ ਦੀਆਂ ਪੂਰੀਆਂ ਕੋਸ਼ਿਸ਼ਾਂ ਦੇ ਬਾਵਜੂਦ, ਉਨ੍ਹਾਂ ਨੂੰ ਬਚਾਇਆ ਨਹੀਂ ਜਾ ਸਕਿਆ। 92 ਸਾਲ ਦੀ ਉਮਰ ਵਿੱਚ, ਆਸ਼ਾ ਭੌਂਸਲੇ ਦੇ ਸ਼ਰੀਰ ਦੇ ਕਈ ਅੰਗਾਂ ਨੇ ਕੰਮ ਕਰਨਾ ਬੰਦ ਕਰ ਦਿੱਤਾ। ਆਸ਼ਾ ਭੌਂਸਲੇ ਦੇ ਪੁੱਤਰ, ਆਨੰਦ ਭੌਂਸਲੇ ਨੇ ਆਪਣੀ ਮਾਂ ਦੀ ਮੌਤ ਤੋਂ ਬਾਅਦ ਹਸਪਤਾਲ ਦੇ ਬਾਹਰ ਮੀਡੀਆ ਨਾਲ ਗੱਲਬਾਤ ਕੀਤੀ। ਆਨੰਦ ਨੇ ਦੱਸਿਆ ਕਿ ਉਨ੍ਹਾਂ ਦੀ ਮਾਂ ਹੁਣ ਸਾਡੇ ਵਿੱਚ ਨਹੀਂ ਰਹੇ। ਉਨ੍ਹਾਂ ਨੇ ਅੰਤਿਮ ਸੰਸਕਾਰ ਦੇ ਪ੍ਰਬੰਧਾਂ ਬਾਰੇ ਵੀ ਵੇਰਵੇ ਦਿੱਤੇ। ਉਨ੍ਹਾਂ ਨੇ ਕਿਹਾ ਕਿ ਲੋਕ ਕੱਲ੍ਹ, 13 ਅਪ੍ਰੈਲ, ਸੋਮਵਾਰ ਨੂੰ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਉਨ੍ਹਾਂ ਦੇ ਨਿਵਾਸ ਸਥਾਨ, ਕਾਸਾ ਗ੍ਰਾਂਡੇ (ਲੋਅਰ ਪਰੇਲ) ਵਿਖੇ ਅੰਤਿਮ ਦਰਸ਼ਨਾਂ ਕਰ ਸਕਣਗੇ। ਆਸ਼ਾ ਭੌਂਸਲੇ ਦੇ ਪੁੱਤਰ ਆਨੰਦ ਨੇ ਕਿਹਾ ਕਿ ਪ੍ਰਸਿੱਧ ਗਾਇਕਾ ਦਾ ਅੰਤਿਮ ਸੰਸਕਾਰ ਸੋਮਵਾਰ ਸ਼ਾਮ 4 ਵਜੇ ਮੁੰਬਈ ਦੇ ਇਤਿਹਾਸਕ ਸ਼ਿਵਾਜੀ ਪਾਰਕ ਸ਼ਮਸ਼ਾਨਘਾਟ ਵਿੱਚ ਕੀਤਾ ਜਾਵੇਗਾ। ਆਸ਼ਾ ਭੌਂਸਲੇ ਪ੍ਰਸਿੱਧ ਗਾਇਕਾ ਲਤਾ ਮੰਗੇਸ਼ਕਰ ਦੀ ਛੋਟੀ ਭੈਣ ਸੀ। ਲਤਾ ਮੰਗੇਸ਼ਕਰ ਦਾ ਦੇਹਾਂਤ 6 ਫਰਵਰੀ, 2022 ਨੂੰ ਮੁੰਬਈ ਵਿੱਚ ਹੋਇਆ ਸੀ। ਭਾਜਪਾ ਨੇਤਾ ਆਸ਼ੀਸ਼ ਸ਼ੇਲਾਰ ਨੇ ਇਸ ਦੁਖਦਾਈ ਸਮੇਂ ਦੌਰਾਨ ਪਰਿਵਾਰ ਨਾਲ ਮੁਲਾਕਾਤ ਕੀਤੀ ਅਤੇ ਕਿਹਾ ਕਿ ਉਨ੍ਹਾਂ ਨੇ ਇਸ ਮਾਮਲੇ ਬਾਰੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਨਾਲ ਗੱਲ ਕੀਤੀ ਹੈ। ਉਨ੍ਹਾਂ ਅੱਗੇ ਕਿਹਾ ਕਿ ਮਹਾਰਾਸ਼ਟਰ ਸਰਕਾਰ ਨੇ ਫੈਸਲਾ ਕੀਤਾ ਹੈ ਕਿ, ਸੰਗੀਤ ਜਗਤ ਵਿੱਚ ਆਸ਼ਾ ਤਾਈ ਦੇ ਬੇਮਿਸਾਲ ਯੋਗਦਾਨ ਨੂੰ ਦੇਖਦੇ ਹੋਏ, ਉਨ੍ਹਾਂ ਦਾ ਅੰਤਿਮ ਸੰਸਕਾਰ ਪੂਰੇ • ਬਾਕੀ ਸਫ਼ਾ 2 'ਤੇ

### ਬਠਿੰਡਾ ਦੇ ਤਲਵੰਡੀ ਸਾਬੋ ਵਿੱਚ ਵੱਡਾ ਪ੍ਰਸ਼ਾਸਨਿਕ ਸੁਧਾਰ

## ਮੁੱਖ ਮੰਤਰੀ ਮਾਨ ਵੱਲੋਂ ਆਧੁਨਿਕ ਸਬ-ਡਿਵੀਜ਼ਨਲ ਕੰਪਲੈਕਸ ਲੋਕਾਂ ਨੂੰ ਕੀਤਾ ਸਮਰਪਿਤ

- ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਬ-ਡਿਵੀਜ਼ਨਲ ਕੰਪਲੈਕਸ ਦਾ ਕੀਤਾ ਉਦਘਾਟਨ
- 40 ਸਾਲ ਪੁਰਾਣੀ ਇਮਾਰਤ ਖਸਤਾ ਹਾਲਤ ਵਿੱਚ ਸੀ, ਜਿਸ ਕਾਰਨ ਜਾਨ-ਮਾਲ ਲਈ ਲਗਾਤਾਰ ਖ਼ਤਰਾ ਬਣਿਆ ਹੋਇਆ ਸੀ

**ਜ਼ਿਕਰ ਪੰਜਾਬ**
**ਤਲਵੰਡੀ ਸਾਬੋ/ਬਿਊਰੋ**

ਪਵਿੱਤਰ ਨਗਰੀ ਤਲਵੰਡੀ ਸਾਬੋ ਵਿਖੇ ਵੱਡਾ ਪ੍ਰਸ਼ਾਸਨਿਕ ਸੁਧਾਰ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਅਤਿ-ਆਧੁਨਿਕ ਸਬ-ਡਿਵੀਜ਼ਨਲ ਕੰਪਲੈਕਸ ਦਾ ਉਦਘਾਟਨ ਕੀਤਾ। ਇਹ ਕੰਪਲੈਕਸ 40 ਸਾਲ ਪੁਰਾਣੇ ਅਸੁਰੱਖਿਅਤ ਇਮਾਰਤ ਦੀ ਥਾਂ ਲਗਪਗ 6 ਕਰੋੜ ਰੁਪਏ ਦੀ ਲਾਗਤ ਨਾਲ ਬਣਾਇਆ ਗਿਆ ਹੈ, ਜੋ ਆਧੁਨਿਕ ਅਤੇ ਨਾਗਰਿਕ-ਕੇਂਦ੍ਰਿਤ ਸਹੂਲਤ ਨਾਲ ਲੈਸ ਹੈ। ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਤਿੰਨ ਮੰਜ਼ਿਲਾ ਕੰਪਲੈਕਸ ਲੋਕਾਂ ਨੂੰ ਸਮਰਪਿਤ ਕੀਤਾ ਅਤੇ ਕਿਹਾ ਕਿ ਇਸ ਨਵੀਂ ਇਮਾਰਤ ਨਾਲ ਰਜਿਸਟਰੀ ਤੋਂ ਲੈ ਕੇ ਰਿਕਾਰਡ ਰੂਮ ਤੱਕ ਸਾਰੀਆਂ ਜ਼ਰੂਰੀ ਸਰਕਾਰੀ ਸੇਵਾਵਾਂ ਹਾਈ-ਸਪੀਡ ਡਿਜੀਟਲ ਕਨੈਕਟੀਵਿਟੀ ਨਾਲ ਇੱਕੋ ਛੱਤ ਹੇਠ ਪ੍ਰਦਾਨ ਕੀਤੀਆਂ ਜਾਣਗੀਆਂ। ਇਸ ਕੰਪਲੈਕਸ ਵਿੱਚ 28 ਕਮਰੇ ਬਣਾਏ ਗਏ ਹਨ ਜਿਹਨਾਂ ਵਿੱਚ ਆਸਾਨ ਰਜਿਸਟਰੀ, ਐਸਡੀਐਮ ਅਤੇ ਤਹਿਸੀਲਦਾਰ ਅਦਾਲਤਾਂ, ਫਰਦ ਕੇਂਦਰ, ਖਜ਼ਾਨਾ ਦਫ਼ਤਰ, ਰਿਕਾਰਡ ਰੂਮ ਅਤੇ ਹੋਰ ਮੁੱਖ ਸਹੂਲਤਾਂ ਸ਼ਾਮਲ ਹਨ। ਇਸ ਦੇ ਨਾਲ ਹੀ ਇੱਕ ਲਿਫਟ ਅਤੇ ਆਧੁਨਿਕ ਬੁਨਿਆਦੀ ਢਾਂਚਾ ਯਕੀਨੀ ਬਣਾਇਆ ਗਿਆ ਹੈ ਤਾਂ ਜੋ ਕੁਸ਼ਲਤਾ ਦੇ ਨਾਲ-ਨਾਲ ਬਿਹਤਰ ਜਨਤਕ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਿਛਲੀ ਇਮਾਰਤ ਪੂਰੀ ਤਰ੍ਹਾਂ ਖੰਡਰ ਬਣ ਚੁੱਕੀ ਸੀ, ਜੋ ਜਾਨ-ਮਾਲ ਲਈ ਵੱਡਾ ਖ਼ਤਰਾ ਬਣਇਆ ਹੋਇਆ ਸੀ। ਉਨ੍ਹਾਂ ਕਿਹਾ ਕਿ ਨਵਾਂ ਕੰਪਲੈਕਸ ਤਲਵੰਡੀ ਸਾਬੋ ਅਤੇ ਨੇੜਲੇ ਪਿੰਡਾਂ ਦੇ ਵਸਨੀਕਾਂ ਲਈ ਸੇਵਾਵਾਂ ਵਿੱਚ ਪਾਰਦਰਸ਼ਤਾ ਅਤੇ



ਤੇਜ਼ੀ ਲਿਆਵੇਗਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅੱਜ ਤਲਵੰਡੀ ਸਾਬੋ ਦੀ ਪਵਿੱਤਰ ਧਰਤੀ 'ਤੇ ਨਵੇਂ ਸਬ-ਡਿਵੀਜ਼ਨਲ ਕੰਪਲੈਕਸ ਦਾ ਉਦਘਾਟਨ ਕਰਕੇ ਲੋਕਾਂ ਨੂੰ ਸਮਰਪਿਤ ਕੀਤਾ ਗਿਆ। 40 ਸਾਲ ਪੁਰਾਣੀ ਖੰਡਰ ਇਮਾਰਤ ਦੀ ਥਾਂ 'ਤੇ ਲਗਪਗ 6 ਕਰੋੜ ਰੁਪਏ ਦੀ ਲਾਗਤ ਨਾਲ ਇਹ ਆਧੁਨਿਕ ਕੰਪਲੈਕਸ ਬਣਾਇਆ ਗਿਆ ਹੈ। ਉਨ੍ਹਾਂ ਕਿਹਾ, "ਇਸ ਤਿੰਨ ਮੰਜ਼ਿਲਾ ਇਮਾਰਤ ਵਿੱਚ 28 ਕਮਰੇ ਹਨ, ਜਿੱਥੇ ਸਾਰੀਆਂ ਜ਼ਰੂਰੀ ਸਹੂਲਤਾਂ ਜਿਵੇਂ ਕਿ ਐਸਡੀਐਮ ਅਦਾਲਤ, ਤਹਿਸੀਲਦਾਰ ਅਦਾਲਤ, ਫਰਦ ਕੇਂਦਰ, ਰਿਕਾਰਡ ਰੂਮ, ਖਜ਼ਾਨਾ ਦਫ਼ਤਰ ਅਤੇ ਕੰਟੀਨ ਇੱਕੋ ਛੱਤ ਹੇਠ ਉਪਲਬਧ ਹਨ। ਹਰ ਦਫ਼ਤਰ ਨੂੰ ਹਾਈ-ਸਪੀਡ ਇੰਟਰਨੈਟ ਨਾਲ ਲੈਸ ਕੀਤਾ ਗਿਆ ਹੈ ਅਤੇ ਲੋਕਾਂ ਦੀ ਸਹੂਲਤ ਲਈ ਇੱਕ ਲਿਫਟ ਦਾ ਵੀ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਕਿਹਾ, "ਇਹ ਕੰਪਲੈਕਸ ਤਲਵੰਡੀ ਸਾਬੋ ਅਤੇ ਆਲੇ-ਦੁਆਲੇ ਦੇ ਪਿੰਡਾਂ ਦੇ ਲੋਕਾਂ ਲਈ ਵਰਦਾਨ ਸਾਬਤ ਹੋਵੇਗਾ, ਜਿਸ ਨਾਲ ਸਰਕਾਰੀ ਸੇਵਾਵਾਂ ਤੇਜ਼ੀ ਤੇ ਪਾਰਦਰਸ਼ਤਾ ਆਵੇਗੀ ਅਤੇ ਪਹੁੰਚ ਵਿੱਚ ਵਾਧਾ ਹੋਵੇਗਾ। ਲਗਾਤਾਰ ਵਿਕਾਸ ਨਾਲ ਅਸੀਂ ਲੋਕਾਂ ਦੀ ਸੇਵਾ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹਾਂ।" ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਪਵਿੱਤਰ ਇਤਿਹਾਸਕ ਧਰਤੀ 'ਤੇ ਨਵਾਂ ਬਣਿਆ ਸਬ- • ਬਾਕੀ ਸਫ਼ਾ 2 'ਤੇ

## ਪਰਿਵਾਰ ਦੇ 4 ਜੀਆਂ ਦੀਆਂ ਮ੍ਰਿਤਕ ਦੇਹਾਂ ਪਿੰਡ ਪੁੱਜੀਆਂ

**ਜ਼ਿਕਰ ਪੰਜਾਬ**
**ਕਪੂਰਥਲਾ/ਬਿਊਰੋ**

ਕਪੂਰਥਲਾ ਦੇ ਪਿੰਡ ਭੰਡਾਲ ਦੋਨਾਂ ਦੇ ਵਾਸੀ ਪ੍ਰੀਤ ਪੁੱਤਰ ਜੋਗਿੰਦਰ ਸਿੰਘ ਆਪਣੇ ਪਰਿਵਾਰ ਅਤੇ ਆਪਣੇ ਪਿੰਡ ਦੀ ਹੋਰ ਸੰਗਤ ਨੂੰ ਧਾਰਮਿਕ ਯਾਤਰਾ 'ਤੇ ਲੈ ਕੇ ਗਏ ਸਨ, ਉਨ੍ਹਾਂ ਵਿਚੋਂ ਉਹ ਖ਼ੁਦ ਅਤੇ ਉਸ ਦੇ 3 ਹੋਰ ਜੀਅ ਜਿਉਂਦੇ ਨਹੀਂ ਰਹੇ। ਇਨ੍ਹਾਂ ਦੀਆਂ ਮ੍ਰਿਤਕ ਦੇਹਾਂ ਪਿੰਡ ਭੰਡਾਲ 'ਚ ਪਹੁੰਚੀਆਂ। ਹਿਮਾਚਲ ਪ੍ਰਦੇਸ਼ ਵਿਚ ਵਾਪਰੇ ਟਰੈਕਟਰ ਟਰਾਲੀ ਸੜਕ ਹਾਦਸੇ ਦੌਰਾਨ ਟਰੈਕਟਰ ਟਰਾਲੀ ਚਾਲਕ ਪ੍ਰੀਤ (30) ਪੁੱਤਰ ਜੋਗਿੰਦਰ ਸਿੰਘ, ਮੰਗਲ ਸਿੰਘ (50) ਪੁੱਤਰ ਪ੍ਰੀਤਮ ਸਿੰਘ, ਮਨਪ੍ਰੀਤ ਸਿੰਘ (22) ਪੁੱਤਰ ਮੰਗਲ ਸਿੰਘ, ਗੁਰਸ਼ਰਨ ਸਿੰਘ (20 ) ਪੁੱਤਰ ਪਰਮਜੀਤ ਸਿੰਘ ਦੀ ਦਰਦਨਾਕ ਮੌਤ ਹੋ ਗਈ ਅਤੇ ਪਿੰਡ ਭੰਡਾਲ ਦੋਨਾਂ (ਕਪੂਰਥਲਾ) ਵਿਚ ਸੋਗ ਦੀ ਲਹਿਰ ਦੌੜ ਗਈ। ਉਕਤ • ਬਾਕੀ ਸਫ਼ਾ 2 'ਤੇ

## ਹੜ੍ਹਾਂ ਤੋਂ ਬਾਅਦ 70 ਪਿੰਡਾਂ 'ਚ ਜ਼ਮੀਨ ਖਿਸਕਣ ਦਾ ਖਦਸ਼ਾ !

**ਜ਼ਿਕਰ ਪੰਜਾਬ**
**ਰੋਪੜ/ਬਿਊਰੋ**

ਮੌਨਸੂਨ ਦਾ ਸੀਜ਼ਨ ਸ਼ੁਰੂ ਹੋਣ ਵਿੱਚ ਸਿਰਫ਼ ਤਿੰਨ ਮਹੀਨੇ ਬਾਕੀ ਹਨ, ਪਰ ਪੰਜਾਬ ਦੇ ਰੋਪੜ ਜ਼ਿਲ੍ਹੇ ਦੇ ਲਗਪਗ 70 ਪਿੰਡਾਂ 'ਤੇ ਜ਼ਮੀਨ-ਖਿਸਕਣ ਦਾ ਵੱਡਾ ਖ਼ਤਰਾ ਮੰਡਰਾ ਰਿਹਾ ਹੈ। ਪਿਛਲੇ ਸਾਲ ਸਤਲੁਜ ਦਰਿਆ ਵਿੱਚ ਆਏ ਹੜ੍ਹਾਂ ਕਾਰਨ ਹੋਈ ਤਬਾਹੀ ਤੋਂ ਛੇ ਮਹੀਨੇ ਬਾਅਦ ਵੀ ਬਚਾਅ ਕਾਰਜ ਅਜੇ ਤੱਕ ਸ਼ੁਰੂ ਨਹੀਂ ਹੋ ਸਕੇ ਹਨ। ਸਭ ਤੋਂ ਵੱਧ ਪ੍ਰਭਾਵਿਤ ਪਿੰਡਾਂ ਵਿੱਚ ਭਬੌਰ ਸਾਹਿਬ, ਬੜਾ ਪਿੰਡ ਅੱਪਰ, ਪਿੰਗਵੜੀ, ਸੁਰੇਵਾਲ ਅੱਪਰ, ਦੋਲੋਵਾਲ ਅੱਪਰ, ਮਾਨਕਪੁਰ ਅਤੇ ਗੰਭੀਰਪੁਰ ਵਰਗੇ ਇਲਾਕੇ ਸ਼ਾਮਲ ਹਨ। ਇਹ ਪਿੰਡ ਜਾਂ ਤਾਂ ਦਰਿਆ ਦੇ ਕੰਢੇ 'ਤੇ ਹਨ ਜਾਂ ਪਹਾੜੀ ਢਲਾਣਾਂ 'ਤੇ, ਜਿਸ ਕਾਰਨ ਇੱਥੇ ਮਿੱਟੀ ਖੁਰਨ ਦਾ ਖ਼ਤਰਾ ਬਹੁਤ ਜ਼ਿਆਦਾ ਹੈ। 2025 ਦੇ ਮੌਨਸੂਨ ਦੌਰਾਨ ਹੋਈ ਭਾਰੀ ਬਾਰਿਸ਼ ਨੇ ਕਈ ਘਰਾਂ ਅਤੇ ਖੇਤੀਬਾੜੀ



ਰੋਪੜ ਦੇ ਬੜਾ ਪਿੰਡ ਵਿੱਚ ਜ਼ਮੀਨ-ਖਿਸਕਣ (ਲੈਂਡਸਲਾਈਡ) ਕਾਰਨ ਨੁਕਸਾਨੀ ਗਈ ਜ਼ਮੀਨ ਦਾ ਹਿੱਸਾ।

ਵਾਲੀ ਜ਼ਮੀਨ ਵਿੱਚ ਵੱਡੀਆਂ ਤਰੇੜਾਂ ਪਾ ਦਿੱਤੀਆਂ ਸਨ, ਜਿਸ ਨਾਲ ਕਈ ਘਰ ਰਹਿਣ ਦੇ ਯੋਗ ਨਹੀਂ ਰਹੇ। ਸਥਾਨਕ ਨਿਵਾਸੀਆਂ ਦਾ ਕਹਿਣਾ ਹੈ ਕਿ ਲੀਡਰਾਂ ਨੇ ਦੌਰੇ ਤਾਂ ਬਹੁਤ ਕੀਤੇ ਅਤੇ ਭਰੋਸੇ ਵੀ ਦਿੱਤੇ, ਪਰ ਜ਼ਮੀਨੀ ਪੱਧਰ 'ਤੇ ਅਜੇ ਤੱਕ ਕੁਝ ਨਹੀਂ ਬਦਲਿਆ। ਲੋਕ ਅੱਜ ਵੀ ਅੱਧੇ ਨੁਕਸਾਨੇ ਗਏ ਘਰਾਂ ਵਿੱਚ ਡਰ ਦੇ ਸਾਏ ਹੇਠ ਰਹਿਣ ਲਈ ਮਜਬੂਰ ਹਨ। ਪ੍ਰਸ਼ਾਸਨਿਕ ਸੂਤਰਾਂ ਅਨੁਸਾਰ, ਫੰਡਾਂ ਦੀ ਕਮੀ ਕਾਰਨ ਬਚਾਅ ਕਾਰਜਾਂ ਵਿੱਚ ਦੇਰੀ ਹੋ ਰਹੀ ਹੈ। ਮਿੱਟੀ ਸੁਰੱਖਿਆ ਵਿਭਾਗ ਅਤੇ ਲੋਕ ਨਿਰਮਾਣ ਵਿਭਾਗ ਦੋਵਾਂ ਨੇ ਹੀ ਫੰਡਾਂ ਦੀ ਘਾਟ ਦਾ ਹਵਾਲਾ ਦਿੱਤਾ ਹੈ। ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ, ਜੋ ਇਸ ਖੇਤਰ ਦੀ ਨੁਮਾਇੰਦਗੀ ਕਰਦੇ ਹਨ, ਨੇ ਮਾਮਲੇ ਦੀ ਗੰਭੀਰਤਾ ਨੂੰ ਸਵੀਕਾਰ ਕੀਤਾ ਹੈ। ਉਨ੍ਹਾਂ ਦੱਸਿਆ ਕਿ ਸੁਰੱਖਿਆ ਕੰਧਾਂ ਬਣਾਉਣ ਲਈ ਲਗਪਗ 70 ਕਰੋੜ ਰੁਪਏ ਦੀ ਲੋੜ ਹੈ ਅਤੇ ਉਨ੍ਹਾਂ ਨੇ ਇਸ ਲਈ ਸਟੇਟ ਡਿਜ਼ਾਸਟਰ ਮੈਨੇਜਮੈਂਟ ਫੰਡ ਤੋਂ ਮਦਦ ਮੰਗੀ ਹੈ। ਉਨ੍ਹਾਂ ਉਮੀਦ ਜਤਾਈ ਕਿ ਫੰਡ ਜਲਦੀ ਜਾਰੀ ਹੋ ਜਾਣਗੇ, ਪਰ ਪਿੰਡ • ਬਾਕੀ ਸਫ਼ਾ 2 'ਤੇ

## ਮਹਿਲਾ ਰਾਖਵਾਂਕਰਨ ਕਾਨੂੰਨ ਲਾਗੂ ਕਰਨ ਦਾ ਵੇਲਾ ਆ ਗਿਆ ਹੈ : ਮੋਦੀ

**ਜ਼ਿਕਰ ਪੰਜਾਬ**
**ਨਵੀਂ ਦਿੱਲੀ/ਬਿਊਰੋ**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਕਿਹਾ ਹੈ ਕਿ ਮਹਿਲਾ ਰਾਖਵਾਂਕਰਨ ਕਾਨੂੰਨ ਨੂੰ ਹੁਣ ਇਸ ਦੀ ਅਸਲ ਭਾਵਨਾ ਵਿੱਚ ਲਾਗੂ ਕਰਨ ਦਾ ਵੇਲਾ ਆ ਗਿਆ ਹੈ। ਉਨ੍ਹਾਂ ਜ਼ੋਰ ਦਿੱਤਾ ਕਿ ਇਹ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ ਕਿ ਸਾਲ 2029 ਦੀਆਂ ਲੋਕ ਸਭਾ ਅਤੇ ਵਿਧਾਨ ਸਭਾ ਚੋਣਾਂ ਔਰਤਾਂ ਲਈ ਤੈਅ ਕੀਤੇ ਗਏ ਰਾਖਵੇਂ ਕੋਟੇ ਦੇ ਤਹਿਤ ਹੀ ਕਰਵਾਈਆਂ ਜਾਣ। ਸੰਸਦ ਦੇ 16 ਤੋਂ 18 ਅਪਰੈਲ ਤੱਕ ਬੁਲਾਏ ਗਏ ਵਿਸ਼ੇਸ਼ ਸੈਸ਼ਨ ਤੋਂ ਪਹਿਲਾਂ ਪ੍ਰਧਾਨ ਮੰਤਰੀ ਮੋਦੀ ਨੇ ਲੋਕ ਸਭਾ ਅਤੇ ਰਾਜ ਸਭਾ ਵਿੱਚ ਪਾਰਟੀਆਂ ਦੀ ਅਗਵਾਈ ਕਰਨ ਵਾਲੇ ਮੁੱਖ ਆਗੂਆਂ (ਫਲੋਰ ਲੀਡਰਾਂ) ਨੂੰ ਇੱਕ ਪੱਤਰ ਲਿਖਿਆ ਹੈ। ਇਸ ਵਿੱਚ ਉਨ੍ਹਾਂ ਨੇ ਸਾਰੇ ਮੈਂਬਰਾਂ ਨੂੰ ਮਹਿਲਾ ਰਾਖਵਾਂਕਰਨ ਕਾਨੂੰਨ, ਜਿਸ ਦਾ ਅਧਿਕਾਰਤ ਨਾਮ 'ਨਾਰੀ ਸ਼ਕਤੀ ਵੰਦਨ ਕਾਨੂੰਨ' ਹੈ, ਵਿੱਚ ਸੋਧਾਂ ਪਾਸ ਕਰਨ ਲਈ ਇੱਕਮੁੱਠ ਹੋ ਕੇ ਸਾਥ ਦੇਣ



ਦੀ ਅਪੀਲ ਕੀਤੀ ਹੈ। ਪ੍ਰਧਾਨ ਮੰਤਰੀ ਨੇ 11 ਅਪਰੈਲ ਦੇ ਆਪਣੇ ਪੱਤਰ ਵਿੱਚ ਕਿਹਾ, 'ਵਿਆਪਕ ਵਿਚਾਰ-ਵਟਾਂਦਰੇ ਤੋਂ ਬਾਅਦ, ਅਸੀਂ ਇਸ ਸਿੱਟੇ 'ਤੇ ਪਹੁੰਚੇ ਹਾਂ ਕਿ ਹੁਣ ਦੇਸ਼ ਭਰ ਵਿੱਚ ਨਾਰੀ ਸ਼ਕਤੀ ਵੰਦਨ ਕਾਨੂੰਨ ਨੂੰ ਇਸ ਦੀ ਅਸਲ ਭਾਵਨਾ ਵਿੱਚ ਲਾਗੂ ਕਰਨ ਦਾ ਸਮਾਂ ਆ ਗਿਆ ਹੈ। ਇਹ ਲਾਜ਼ਮੀ ਹੈ ਕਿ 2029 ਦੀਆਂ ਲੋਕ ਸਭਾ ਚੋਣਾਂ ਅਤੇ ਵਿਧਾਨ ਸਭਾ ਚੋਣਾਂ ਮਹਿਲਾ ਰਾਖਵਾਂਕਰਨ ਦੇ ਨਾਲ ਕਰਵਾਈਆਂ ਜਾਣ।' ਮਹਿਲਾ ਰਾਖਵਾਂਕਰਨ ਐਕਟ ਲੋਕ ਸਭਾ ਸੀਟਾਂ ਦੀ ਗਿਣਤੀ ਵਧਾ ਕੇ 816 ਕਰਨਾ ਯਕੀਨੀ ਬਣਾਏਗਾ, ਜਿਸ ਵਿੱਚੋਂ 273 ਸੀਟਾਂ ਔਰਤਾਂ ਲਈ ਰਾਖਵੀਆਂ ਹੋਣਗੀਆਂ। ਲੋਕ ਸਭਾ ਅਤੇ ਸੂਬਾ ਵਿਧਾਨ ਸਭਾਵਾਂ ਵਿੱਚ ਔਰਤਾਂ ਨੂੰ 33 ਫੀਸਦੀ ਰਾਖਵਾਂਕਰਨ ਦੇਣ ਦੀ ਵਿਵਸਥਾ 2023 ਵਿੱਚ ਸੰਵਿਧਾਨ 'ਚ ਸੋਧ ਕਰਕੇ ਲਿਆਂਦੀ ਗਈ ਸੀ। ਹਾਲਾਂਕਿ, ਮੌਜੂਦਾ ਕਾਨੂੰਨ ਮੁਤਾਬਕ ਇਹ ਕੋਟਾ 2027 ਦੀ ਮਰਦਮਸ਼ੁਮਾਰੀ ਤੋਂ ਬਾਅਦ ਹੋਣ ਵਾਲੀ ਹੱਦਬੰਦੀ ਤੋਂ ਬਾਅਦ ਹੀ ਲਾਗੂ ਹੋਣਾ ਹੈ। ਇਸ ਦਾ ਮਤਲਬ ਹੈ ਕਿ ਜੇਕਰ ਪੁਰਾਣਾ ਕਾਨੂੰਨ ਇੰਝ ਹੀ ਰਹਿੰਦਾ, ਤਾਂ ਇਹ ਰਾਖਵਾਂਕਰਨ • ਬਾਕੀ ਸਫ਼ਾ 2 'ਤੇ

## ਸੰਤ ਸੀਚੇਵਾਲ ਦੇ ਯਤਨਾਂ ਸਦਕਾ ਰਸ਼ੀਆ ਤੋਂ ਵਾਪਿਸ ਪਰਤੇ ਪੰਜਾਬੀ ਨੌਜਵਾਨ

**ਜ਼ਿਕਰ ਪੰਜਾਬ**
**ਕਪੂਰਥਲਾ/ਬਿਊਰੋ**

ਵਿਦੇਸ਼ ਜਾਣ ਦਾ ਸੁਫਨਾ ਦੇਖਣ ਵਾਲੇ ਨੌਜਵਾਨ ਅਕਸਰ ਹੀ ਟ੍ਰੈਵਲ ਏਜੰਟਾਂ ਦੇ ਧੋਖੇ ਦਾ ਸ਼ਿਕਾਰ ਹੋ ਜਾਂਦੇ ਹਨ। ਜਿਸ ਦੀ ਤਾਜ਼ਾ ਮਿਸਾਲ ਨਕੋਦਰ ਤੋਂ ਸਾਹਮਣੇ ਆਈ ਹੈ, ਜਿੱਥੋਂ ਦਾ ਨੌਜਵਾਨ ਅਸ਼ੋਕ ਕੁਮਾਰ ਜਲੰਧਰ ਦੇ ਟ੍ਰੈਵਲ ਏਜੰਟ ਹੱਥੋਂ ਲੱਖਾਂ ਗੁਆ ਕੇ ਰਸ਼ੀਆ ਪਹੁੰਚਿਆ ਅਤੇ ਉਥੇ ਜਾ ਕੇ ਫਸ ਗਿਆ। ਜਲੰਧਰ ਦੇ ਇੱਕ ਜਾਲਸਾਜ ਟਰੈਵਲ ਏਜੰਟ ਨੇ ਉਸ ਨੂੰ 90 ਹਜ਼ਾਰ ਰੁਪਏ ਮਹੀਨਾ ਤਨਖਾਹ ਦਾ ਲਾਲਚ ਦੇ ਕੇ ਇੱਕ ਲੱਖ ਰੁਪਏ ਲੈ ਲਏ ਅਤੇ ਇੱਕ ਸਾਲ ਦਾ ਐਗਰੀਮੈਂਟ ਵੀ ਕੀਤਾ। ਵਰਕ ਪਰਮਿਟ ਅਤੇ ਆਈ-ਕਾਰਡ ਬਣਾਉਣ ਦੇ ਵਾਅਦੇ ਕੀਤੇ ਗਏ, ਪਰ ਹਕੀਕਤ ਵਿੱਚ ਕੁਝ ਵੀ ਨਹੀਂ ਕੀਤਾ ਗਿਆ। ਰਸ਼ੀਆ ਪਹੁੰਚਣ 'ਤੇ ਅਸ਼ੋਕ ਨੂੰ ਪੈਕਿੰਗ ਦੇ ਕੰਮ 'ਚ ਲਾ ਦਿੱਤਾ ਗਿਆ ਪਰ ਦੋ ਮਹੀਨੇ ਤੱਕ ਕੋਈ ਤਨਖਾਹ ਨਹੀਂ ਦਿੱਤੀ ਗਈ। ਜਿਸ



ਵੀਜ਼ੇ 'ਤੇ ਉਹ ਗਿਆ ਸੀ, ਉਹ ਸਿਰਫ ਤਿੰਨ ਮਹੀਨੇ ਲਈ ਹੀ ਮਾਨਤਾ ਪ੍ਰਾਪਤ ਸੀ। ਅਸ਼ੋਕ ਦੇ ਹਾਲਾਤ ਉਸ ਵੇਲੇ ਹੋਰ ਵੀ ਖਰਾਬ ਹੋ ਗਏ ਜਦੋਂ 14 ਮਾਰਚ ਨੂੰ ਉਸ ਨੂੰ ਪੁਲਿਸ ਵੱਲੋਂ ਗ੍ਰਿਫਤਾਰ ਕਰ ਲਿਆ ਗਿਆ ਅਤੇ ਉਸ ਨੇ 19 ਦਿਨ ਜੇਲ੍ਹ ਵਿੱਚ ਬਿਤਾਏ। ਇਸ ਦੌਰਾਨ ਉਸ ਦਾ ਪਰਿਵਾਰ ਨਾਲ ਸੰਪਰਕ ਪੂਰੀ ਤਰ੍ਹਾਂ ਟੁੱਟ ਗਿਆ। ਇਸ ਵਿੱਚ ਸਭ ਤੋਂ ਅਹਿਮ ਗੱਲ ਇਹ ਹੈ ਕਿ ਅਸ਼ੋਕ ਕੁਮਾਰ ਇਕੱਲਾ ਨਹੀਂ ਸੀ। ਉਸ ਦੇ ਨਾਲ ਹੋਰ ਦੋ ਪੰਜਾਬੀ ਨੌਜਵਾਨ ਵੀ ਇਸੇ ਜਾਲ ਵਿੱਚ ਫਸੇ ਹੋਏ ਸਨ। ਇੱਕ ਖਰੜ ਦਾ ਰਹਿਣ ਵਾਲਾ ਸੀ ਅਤੇ ਦੂਜਾ ਗੋਇੰਦਵਾਲ ਸਾਹਿਬ ਨਾਲ ਸੰਬੰਧਿਤ ਸੀ। ਤਿੰਨਾਂ ਦੇ ਪਰਿਵਾਰਾਂ ਨੇ ਬਹੁਤ ਚਿੰਤਾ ਅਤੇ ਬੇਬਸੀ ਦੇ ਹਾਲਾਤ ਵਿੱਚ ਰਾਜ ਸਭਾ ਮੈਂਬਰ ਬਲਬੀਰ ਸਿੰਘ ਸੀਚੇਵਾਲ ਕੋਲ ਮਦਦ ਲਈ ਗੁਹਾਰ ਲਗਾਈ। ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਵਾਤਾਵਰਣ ਪ੍ਰੇਮੀ ਅਤੇ ਰਾਜ ਸਭਾ ਮੈਂਬਰ ਨੇ ਤੁਰੰਤ ਕਾਰਵਾਈ ਕਰਦਿਆਂ ਭਾਰਤ ਦੇ ਵਿਦੇਸ਼ ਮੰਤਰੀ ਨੂੰ ਪੱਤਰ ਲਿਖਿਆ। ਉਨ੍ਹਾਂ ਦੀ • ਬਾਕੀ ਸਫ਼ਾ 2 'ਤੇ

## ਘਰੇਲੂ ਝਗੜਿਆਂ ਤੋਂ ਤੰਗ ਆ ਕੇ ਨੌਜਵਾਨ ਵੱਲੋਂ ਖੁਦਕੁਸ਼ੀ

**ਜ਼ਿਕਰ ਪੰਜਾਬ**
**ਲੁਧਿਆਣਾ/ਬਿਊਰੋ**

ਲੁਧਿਆਣਾ ਤੋਂ ਇਕ ਦਿਲ ਦਹਲਾ ਦੇਣ ਵਾਲਾ ਮਾਮਲਾ ਸਾਹਮਣੇ ਆਇਆ ਹੈ, ਜਿੱਥੇ ਘਰੇਲੂ ਤਣਾਅ ਕਾਰਨ ਇੱਕ 35 ਸਾਲਾ ਨੌਜਵਾਨ ਨੇ ਆਪਣੀ ਜੀਵਨਲੀਲਾ ਸਮਾਪਤ ਕਰ ਲਈ। ਮ੍ਰਿਤਕ ਦੀ ਪਹਿਚਾਣ ਪ੍ਰਦੀਪ ਵਜੋਂ ਹੋਈ ਹੈ, ਜਿਸ ਨੇ



ਸਲਫਾਸ ਦੀਆਂ ਗੋਲੀਆਂ ਖਾ ਕੇ ਖੁਦਕੁਸ਼ੀ ਕਰ ਲਈ। ਪਰਿਵਾਰਕ ਮੈਂਬਰਾਂ ਅਨੁਸਾਰ, ਪ੍ਰਦੀਪ ਲੰਬੇ ਸਮੇਂ ਤੋਂ ਘਰੇਲੂ ਝਗੜਿਆਂ ਅਤੇ ਮਨੋਵਿਗਿਆਨਕ ਦਬਾਅ ਹੇਠ ਜੀ ਰਹਿਆ ਸੀ। ਉਨ੍ਹਾਂ ਦਾ ਦਾਅਵਾ ਹੈ ਕਿ ਉਸਦੀ ਪਤਨੀ ਅਤੇ ਉਸਦੇ ਭਰਾ ਵੱਲੋਂ ਉਸਨੂੰ ਲਗਾਤਾਰ ਮਾਨਸਿਕ ਤੌਰ 'ਤੇ ਪਰੇਸ਼ਾਨ ਕੀਤਾ ਜਾਂਦਾ ਸੀ, ਜਿਸ ਕਾਰਨ ਉਹ ਡਿਗਦਾ ਗਿਆ ਅਤੇ ਅਖੀਰ ਇਹ ਕਦਮ ਚੁੱਕ ਬੈਠਾ। ਮਾਮਲਾ ਇੱਥੇ ਹੀ ਨਹੀਂ ਰੁਕਿਆ। ਪਰਿਵਾਰ ਨੇ ਦੋਸ਼ ਲਗਾਇਆ ਹੈ ਕਿ ਪ੍ਰਦੀਪ ਦੀ ਮੌਤ ਤੋਂ ਬਾਅਦ ਵੀ ਉਸਦੀ ਪਤਨੀ ਅਤੇ ਉਸਦੇ ਭਰਾਵਾਂ ਨੇ ਘਰ ਵਿੱਚ ਦਾਖਲ ਹੋ ਕੇ ਹੰਗਾਮਾ ਕੀਤਾ, ਜਿਸ ਨਾਲ ਮਾਹੌਲ ਹੋਰ ਵੀ ਗੰਭੀਰ ਹੋ ਗਿਆ। ਘਟਨਾ ਦੀ • ਬਾਕੀ ਸਫ਼ਾ 2 'ਤੇ

## ਖਰੀਦ ਏਜੰਸੀਆਂ ਦੇ ਫੀਲਡ ਸਟਾਫ ਵੱਲੋਂ ਹੜਤਾਲ ਦਾ ਐਲਾਨ

**ਜ਼ਿਕਰ ਪੰਜਾਬ**
**ਚੰਡੀਗੜ੍ਹ/ਬਿਊਰੋ**

ਪੰਜਾਬ ਦੀਆਂ ਸਮੂਹ ਸਰਕਾਰੀ ਖਰੀਦ ਏਜੰਸੀਆਂ ਦੀ ਸਾਂਝੀ ਤਾਲਮੇਲ ਕਮੇਟੀ ਨੇ ਰਬੀ ਸੀਜ਼ਨ 2026-27 ਲਈ ਕਣਕ ਦੀ ਖਰੀਦ ਦਾ ਕੰਮ ਮੁਕੰਮਲ ਤੌਰ 'ਤੇ ਬੰਦ ਕਰਨ ਦਾ ਐਲਾਨ ਕੀਤਾ ਹੈ। ਕਮੇਟੀ ਅਨੁਸਾਰ, ਬੇਮੌਸਮੀ ਬਾਰਿਸ਼ ਅਤੇ ਤਾਪਮਾਨ ਵਿਚ ਤਬਦੀਲੀ ਕਾਰਨ ਮੰਡੀਆਂ ਵਿਚ ਆ ਰਹੀ ਕਣਕ ਦੇ ਮਿਆਰ ਵਿਚ ਕਮੀ ਆਈ ਹੈ, ਜਿਸ ਕਾਰਨ ਫੀਲਡ ਸਟਾਫ ਨੂੰ ਖਰੀਦ ਲਈ ਭਾਰੀ ਸਿਆਸੀ ਅਤੇ ਪ੍ਰਸ਼ਾਸਨਿਕ • ਬਾਕੀ ਸਫ਼ਾ 2 'ਤੇ

## ਅੰਮ੍ਰਿਤਸਰ ਏਅਰਪੋਰਟ 'ਤੇ 'ਬਰਡ-ਹਿੱਟ' ਅਤੇ ਗੈਰ-ਕਾਨੂੰਨੀ ਨਿਰਮਾਣਾਂ 'ਤੇ ਲੱਗੇਗੀ ਰੋਕ

**ਜ਼ਿਕਰ ਪੰਜਾਬ**
**ਅੰਮ੍ਰਿਤਸਰ/ਬਿਊਰੋ**

ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡਾ 'ਤੇ ਜਹਾਜ਼ਾਂ ਦੀ ਸੁਰੱਖਿਅਤ ਆਵਾਜਾਈ ਅਤੇ ਵਾਤਾਵਰਣ ਪ੍ਰਬੰਧਨ ਨੂੰ ਲੈ ਕੇ ਸ਼ਨੀਚਰਵਾਰ ਨੂੰ 'ਏਅਰਪੋਰਟ ਇਨਵਾਇਰਨਮੈਂਟ ਮੈਨੇਜਮੈਂਟ ਕਮੇਟੀ (ਏ. ਈ. ਐੱਮ. ਸੀ)' ਦੀ ਇਕ ਮਹੱਤਵਪੂਰਨ ਮੀਟਿੰਗ ਆਯੋਜਿਤ ਕੀਤੀ ਗਈ। ਇਹ ਮੀਟਿੰਗ ਏਅਰਪੋਰਟ ਡਾਇਰੈਕਟਰ ਭੁਪਿੰਦਰ ਸਿੰਘ ਦੀ ਅਗਵਾਈ ਹੇਠ ਏਅਰਪੋਰਟ ਅਥਾਰਟੀ ਆਫ ਇੰਡੀਆ ਦੇ ਬਿਜ਼ਨੈੱਸ ਸੈਂਟਰ 'ਚ ਹੋਈ, ਜਿਸ 'ਚ ਲੱਗਭਗ ਇਕ ਦਰਜਨ ਵਿਭਾਗਾਂ ਦੇ ਨੁਮਾਇੰਦਿਆਂ ਨੇ ਹਿੱਸਾ ਲਿਆ। ਮੀਟਿੰਗ ਦੌਰਾਨ ਜਹਾਜ਼ਾਂ ਦੀ ਸੁਰੱਖਿਆ 'ਚ ਰੁਕਾਵਟ ਬਣਨ ਵਾਲੇ ਵੱਖ-ਵੱਖ ਕਾਰਨਾਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਖ਼ਾਸ ਕਰਕੇ ਏਅਰਪੋਰਟ ਦੇ ਆਲੇ-ਦੁਆਲੇ ਹੋ ਰਹੇ ਗੈਰ-ਕਾਨੂੰਨੀ ਨਿਰਮਾਣਾਂ ਅਤੇ ਵਾਤਾਵਰਣ ਸਬੰਧੀ ਚੁਣੌਤੀਆਂ 'ਤੇ ਸਖ਼ਤੀ ਕਰਨ ਦਾ ਫੈਸਲਾ ਲਿਆ ਗਿਆ। ਮੀਟਿੰਗ ਦੌਰਾਨ ਕਮੇਟੀ ਨੇ ਚਿੰਤਾ ਜਤਾਈ ਕਿ ਏਅਰਪੋਰਟ ਦੇ ਆਲੇ-ਦੁਆਲੇ ਪੰਛੀਆਂ ਅਤੇ ਜੰਗਲੀ ਜੀਵਾਂ ਦੀ ਵਧ ਰਹੀ ਗਤੀਵਿਧੀ ਜਹਾਜ਼ਾਂ ਲਈ ਵੱਡਾ ਖ਼ਤਰਾ ਬਣ ਰਹੀ ਹੈ। ਡਾਇਰੈਕਟਰ ਭੁਪਿੰਦਰ ਸਿੰਘ ਨੇ ਸਪੱਸ਼ਟ ਕੀਤਾ ਕਿ 'ਬਰਡ-ਹਿੱਟ' ਵਰਗੀਆਂ ਘਟਨਾਵਾਂ ਨੂੰ ਰੋਕਣ ਲਈ ਲਗਾਤਾਰ ਅਤੇ ਪ੍ਰਭਾਵਸ਼ਾਲੀ ਕਦਮ • ਬਾਕੀ ਸਫ਼ਾ 2 'ਤੇ

## ਸਿਆਸੀ ਲਾਹੇ ਲਈ ਸਰਕਾਰ ਕਰ ਰਹੀ ਹੈ ਕਾਹਲੀ : ਖੜਗੇ

**ਜ਼ਿਕਰ ਪੰਜਾਬ**
**ਨਵੀਂ ਦਿੱਲੀ/ਬਿਊਰੋ**

ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਇੱਕ ਸਖ਼ਤ ਚਿੱਠੀ ਲਿਖ ਕੇ ਮਹਿਲਾ ਰਾਖਵਾਂਕਰਨ ਕਾਨੂੰਨ (ਨਾਰੀ ਸ਼ਕਤੀ ਵੰਦਨ ਅਧਿਨਿਯਮ) ਨੂੰ ਲਾਗੂ ਕਰਨ ਦੇ ਤਰੀਕੇ 'ਤੇ ਇਤਰਾਜ਼ ਜਤਾਇਆ ਹੈ। ਖੜਗੇ ਨੇ ਦੋਸ਼ ਲਾਇਆ ਕਿ ਸੂਬਿਆਂ ਦੀਆਂ ਚੋਣਾਂ ਦੌਰਾਨ ਸੰਸਦ ਦਾ ਵਿਸ਼ੇਸ਼ ਇਜਲਾਸ ਬੁਲਾਉਣਾ ਇਹ ਸਾਬਤ ਕਰਦਾ ਹੈ ਕਿ ਸਰਕਾਰ ਔਰਤਾਂ ਦੇ ਸਸ਼ਕਤੀਕਰਨ ਦੀ ਬਜਾਏ 'ਸਿਆਸੀ ਲਾਹਾ' ਲੈਣ ਲਈ ਕਾਹਲੀ ਵਿੱਚ ਹੈ। ਉਨ੍ਹਾਂ ਕਿਹਾ ਕਿ ਹੱਦਬੰਦੀ ਵਰਗੇ ਗੰਭੀਰ ਮੁੱਦਿਆਂ 'ਤੇ ਵਿਰੋਧੀ ਧਿਰ ਨੂੰ ਭਰੋਸੇ ਵਿੱਚ ਲਏ ਬਿਨਾਂ ਕੋਈ ਵੀ • ਬਾਕੀ ਸਫ਼ਾ 2 'ਤੇ

## ਅਮਰੀਕੀ ਅਤੇ ਇਰਾਨੀ ਵਫ਼ਦ ਬਿਨਾਂ ਕਿਸੇ ਸ਼ਾਂਤੀ ਸਮਝੌਤੇ ਦੇ ਪਾਕਿਸਤਾਨ ਤੋਂ ਹੋਏ ਰਵਾਨਾ

**ਜ਼ਿਕਰ ਪੰਜਾਬ**
**ਇਸਲਾਮਾਬਾਦ/ਬਿਊਰੋ**

ਇਸਲਾਮਾਬਾਦ ਵਿੱਚ ਅਮਰੀਕਾ ਅਤੇ ਇਰਾਨ ਵਿਚਾਲੇ ਹੋਈ ਉੱਚ-ਪੱਧਰੀ ਗੱਲਬਾਤ ਬਿਨਾਂ ਕਿਸੇ ਨਤੀਜੇ ਦੇ ਖ਼ਤਮ ਹੋ ਗਈ ਹੈ। ਅਮਰੀਕੀ ਉਪ-ਰਾਸ਼ਟਰਪਤੀ ਜੇ.ਡੀ. ਵੈਂਸ 24 ਘੰਟਿਆਂ ਦੀ ਡੂੰਘੀ ਚਰਚਾ ਤੋਂ ਬਾਅਦ ਵਾਸ਼ਿੰਗਟਨ ਲਈ ਰਵਾਨਾ ਹੋ ਗਏ ਹਨ। ਵੈਂਸ ਨੇ ਸਪੱਸ਼ਟ ਕੀਤਾ ਕਿ ਹਾਲਾਂਕਿ ਗੱਲਬਾਤ ਸਾਰਥਕ ਰਹੀ, ਪਰ ਇਰਾਨ ਨੇ ਅਮਰੀਕਾ ਦੀਆਂ ਮੁੱਖ ਸ਼ਰਤਾਂ ਨੂੰ ਮੰਨਣ ਤੋਂ ਇਨਕਾਰ ਕਰ ਦਿੱਤਾ ਹੈ। ਅਮਰੀਕਾ ਦੀ ਮੁੱਖ ਮੰਗ ਹੈ ਕਿ ਇਰਾਨ ਲੰਬੇ ਸਮੇਂ ਲਈ ਪਰਮਾਣੂ ਹਥਿਆਰ ਨਾ ਬਣਾਉਣ ਦੀ ਪੱਕੀ ਵਚਨਬੱਧਤਾ ਦੁਹਰਾਏ, ਪਰ ਇਰਾਨੀ ਲੀਡਰਸ਼ਿਪ ਨੇ ਇਨ੍ਹਾਂ ਸ਼ਰਤਾਂ ਨੂੰ 'ਬੇਲੋੜੀਆਂ ਮੰਗਾਂ' ਦੱਸਦਿਆਂ ਸਿਰੇ ਤੋਂ ਨਕਾਰ ਦਿੱਤਾ। ਵੈਂਸ ਨੇ ਚਿਤਾਵਨੀ ਦਿੱਤੀ ਕਿ ਸਮਝੌਤਾ ਨਾ



ਹੋਣਾ ਅਮਰੀਕਾ ਨਾਲੋਂ ਜ਼ਿਆਦਾ ਇਰਾਨ ਲਈ ਨੁਕਸਾਨਦੇਹ ਸਾਬਤ ਹੋਵੇਗਾ। ਦੂਜੇ ਪਾਸੇ, ਇਰਾਨ ਨੇ ਵੀ ਸਖ਼ਤ ਰੁਖ਼ ਅਖਤਿਆਰ ਕਰਦਿਆਂ ਕਿਹਾ ਹੈ ਕਿ ਉਹ ਆਪਣੇ ਕੌਮੀ ਹਿੱਤਾਂ ਨਾਲ ਕੋਈ ਸਮਝੌਤਾ ਨਹੀਂ ਕਰਨਗੇ। ਇਰਾਨੀ ਵਿਦੇਸ਼ ਮੰਤਰਾਲੇ ਦੇ ਬੁਲਾਰੇ ਇਸਮਾਈਲ ਬਕਈ ਨੇ ਕਿਹਾ ਕਿ ਉਨ੍ਹਾਂ ਦੇ ਵਫ਼ਦ ਨੇ ਪਾਬੰਦੀਆਂ ਹਟਾਉਣ ਅਤੇ ਖੇਤਰੀ ਸੁਰੱਖਿਆ ਵਰਗੇ ਅਹਿਮ ਮੁੱਦਿਆਂ 'ਤੇ ਜ਼ੋਰ ਦਿੱਤਾ, ਪਰ ਗੱਲਬਾਤ ਦੀ ਸਫਲਤਾ ਅਮਰੀਕਾ ਦੀ 'ਨੇਕ ਨੀਅਤ' 'ਤੇ ਨਿਰਭਰ ਕਰਦੀ ਹੈ। ਪਾਕਿਸਤਾਨ ਵੱਲੋਂ ਕੀਤੀ ਗਈ ਵਿਚੋਲਗੀ ਦੇ ਬਾਵਜੂਦ, ਦੋਵਾਂ ਦੇਸ਼ਾਂ ਵਿਚਾਲੇ ਕਿਸੇ ਵੀ ਸੰਭਾਵੀ ਸਮਝੌਤੇ ਦੀ ਉਮੀਦ ਨਹੀਂ ਦਿਖੀ। ਫਿਲਹਾਲ ਅਮਰੀਕਾ ਨੇ ਆਪਣੀ 'ਆਖਰੀ ਅਤੇ ਸਭ ਤੋਂ ਵਧੀਆ ਪੇਸ਼ਕਸ਼' ਇਰਾਨ ਕੋਲ ਛੱਡ ਦਿੱਤੀ ਹੈ, ਜਿਸ 'ਤੇ ਹੁਣ ਤਹਿਰਾਨ ਦੇ ਅਗਲੇ ਕਦਮ ਦੀ ਉਡੀਕ ਹੈ।

## ਇਰਾਨ ਨੇ ਹੋਰਮੁਜ਼ ਤੋਂ ਵਾਪਸ ਮੋੜੇ ਪਾਕਿਸਤਾਨੀ ਜਹਾਜ਼

**ਜ਼ਿਕਰ ਪੰਜਾਬ**
**ਤਹਿਰਾਨ/ਬਿਊਰੋ**

ਮਿਡਲ ਈਸਟ ਦੇ ਸਮੁੰਦਰੀ ਰਸਤਿਆਂ 'ਤੇ ਹਾਲਾਤ ਇੱਕ ਵਾਰ ਫਿਰ ਨਾਜ਼ੁਕ ਹੋ ਗਏ ਹਨ। ਇਸਲਾਮਾਬਾਦ ਵਿੱਚ ਅਮਰੀਕਾ ਅਤੇ ਇਰਾਨ ਵਿਚਾਲੇ ਹੋਈ ਸ਼ਾਂਤੀ ਗੱਲਬਾਤ ਦੇ ਬੇਸਿੱਟਾ ਰਹਿਣ ਤੋਂ ਤੁਰੰਤ ਬਾਅਦ ਇਰਾਨੀ ਫੌਜ ਨੇ ਹੋਰਮੁਜ਼ 'ਤੇ ਸਖ਼ਤੀ ਵਧਾ ਦਿੱਤੀ ਹੈ। ਤਾਜ਼ਾ ਰਿਪੋਰਟਾਂ ਅਨੁਸਾਰ, ਇਰਾਨ ਨੇ ਪਾਕਿਸਤਾਨ ਦੇ ਦੋ ਵੱਡੇ ਤੇਲ ਵਾਲੇ ਜਹਾਜ਼ਾਂ ਨੂੰ ਹੋਰਮੁਜ਼ ਦੀ ਖਾੜੀ 'ਚ ਦਾਖਲ ਹੋਣ ਤੋਂ ਰੋਕ ਦਿੱਤਾ ਹੈ। ਪਾਕਿਸਤਾਨ ਨੇ ਸ਼ ਨ ਲ • ਬਾਕੀ ਸਫ਼ਾ 2 'ਤੇ

## ਵੈਨਕੂਵਰ 'ਚ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਨਗਰ ਕੀਰਤਨ

**ਜ਼ਿਕਰ ਪੰਜਾਬ**
**ਵੈਨਕੂਵਰ/ਬਿਊਰੋ**

ਕੈਨੇਡਾ ਦੇ ਮਹਾਨਗਰ ਵੈਨਕੂਵਰ ਵਿੱਚ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਇੱਕ ਮਹਾਨ ਨਗਰ ਕੀਰਤਨ ਸਜਾਇਆ ਗਿਆ, ਜਿਸ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕੀਤੀ। ਵੈਨਕੂਵਰ ਦੇ ਪ੍ਰਸਿੱਧ ਗੁਰਦੁਆਰਾ ਖਾਲਸਾ ਦੀਵਾਨ ਸੁਸਾਇਟੀ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਛਤਰ ਛਾਇਆ ਅਤੇ ਪੰਜਾਂ ਪਿਆਰਿਆਂ ਦੀ ਅਗਵਾਈ 'ਚ ਆਰੰਭ ਹੋਇਆ ਇਹ ਨਗਰ ਕੀਰਤਨ ਵੈਨਕੂਵਰ ਦੇ ਤੈਅਸ਼ੁਦਾ ਰਸਤਿਆਂ ਰਾਹੀਂ ਹੁੰਦਾ ਹੋਇਆ ਸ਼ਾਮ ਨੂੰ ਵਾਪਸ ਗੁਰਦੁਆਰਾ ਸਾਹਿਬ ਵਿਖੇ ਸਮਾਪਤ ਹੋਇਆ। ਅੱਜ ਦੇ ਨਗਰ ਕੀਰਤਨ 'ਚ ਸ਼ਾਮਿਲ ਹੋਈਆਂ ਸੰਗਤਾਂ ਵੱਲੋਂ ਸਜਾਈਆਂ ਗਈਆਂ ਕੇਸਰੀ ਦਸਤਾਰਾਂ ਅਤੇ



ਦੁਪੱਟਿਆਂ ਨਾਲ ਸਮੁੱਚਾ ਮਾਹੌਲ ਖਾਲਸਾਈ ਰੰਗ 'ਚ ਰੰਗਿਆ ਨਜਰੀ ਆਇਆ। ਇਸ ਦੇ ਨਾਲ-ਨਾਲ ਵੱਖ-ਵੱਖ ਕਾਰੋਬਾਰੀ ਅਦਾਰਿਆਂ ਅਤੇ ਸਥਾਨਕ ਸਿੱਖ ਸੰਗਤਾਂ ਵੱਲੋਂ ਨਿਰਧਾਰਿਤ ਥਾਵਾਂ 'ਤੇ ਵੱਖ-ਵੱਖ ਪਕਵਾਨਾਂ ਦੇ ਅਟੁੱਟ ਲੰਗਰਾਂ ਦਾ ਕੀਤਾ ਗਿਆ ਇੰਤਜਾਮ ਵੀ ਸਲਾਹੁਣਯੋਗ ਸੀ। ਨਗਰ ਕੀਰਤਨ ਦੌਰਾਨ ਵੱਖ-ਵੱਖ ਵਾਹਨਾਂ ਅਤੇ ਸੜਕ ਦੇ ਦੁਵੱਲੇ ਪਾਸੇ ਸਜਾਈਆਂ ਗਈਆਂ ਆਰਜੀ ਸਟੇਜਾਂ ਤੋਂ ਵੱਖ-ਵੱਖ ਰਾਗੀ ਢਾਡੀ, ਕਵੀਸ਼ਰੀ ਅਤੇ ਕੀਰਤਨੀ ਜਥਿਆਂ ਵੱਲੋਂ ਹਾਜ਼ਰ ਸੰਗਤਾਂ ਨੂੰ ਗੁਰੂ ਇਤਿਹਾਸ ਨਾਲ ਜੋੜਿਆ ਗਿਆ। ਅੱਜ ਦੇ ਇਸ ਨਗਰ ਕੀਰਤਨ ਵਿੱਚ ਸਿੱਖ ਭਾਈਚਾਰੇ ਦੀਆਂ ਸੰਗਤਾਂ ਤੋਂ ਇਲਾਵਾ ਦੂਸਰੇ ਭਾਈਚਾਰੇ ਦੇ ਲੋਕ ਵੀ ਸ਼ਾਮਿਲ ਹੋਏ। • ਬਾਕੀ ਸਫ਼ਾ 2 'ਤੇ

# ਜਨਗਣਨਾ 2027 ਸਬੰਧੀ ਸ੍ਰੀ ਮੁਕਤਸਰ ਸਾਹਿਬ ਵਿਖੇ ਤਿੰਨ ਦਿਨਾਂ ਟ੍ਰੇਨਿੰਗ ਹੋਈ ਮੁਕੰਮਲ

ਜ਼ਿਕਰ ਪੰਜਾਬ
ਸ੍ਰੀ ਮੁਕਤਸਰ ਸਾਹਿਬ/ਨਰਿੰਦਰ ਵਧਵਾ



ਜਨਗਣਨਾ 2027 ਨੂੰ ਸੁਚਾਰੂ, ਸਹੀ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਅਮਲ ਵਿੱਚ ਲਿਆਉਣ ਲਈ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਤਿਆਰੀਆਂ ਨੂੰ ਤੇਜ਼ੀ ਨਾਲ ਅੱਗੇ ਵਧਾਇਆ ਜਾ ਰਿਹਾ ਹੈ। ਇਸ ਸਬੰਧੀ ਉਪ-ਮੰਡਲ ਮੈਜਿਸਟ੍ਰੇਟ ਗੁਰਕਿਰਨਦੀਪ ਸਿੰਘ ਸਿੱਧੂ ਦੀ ਅਗਵਾਈ ਹੇਠ ਡੀ.ਸੀ ਕੰਪਲੈਕਸ ਸ੍ਰੀ ਮੁਕਤਸਰ ਸਾਹਿਬ ਦੇ ਮੀਟਿੰਗ ਹਾਲ ਵਿਖੇ ਮਕਾਨਸੂਚੀਕਰਣ ਅਤੇ ਮਕਾਨਾਂ ਦੀ ਗਿਣਤੀ ਸਬੰਧੀ ਫੀਲਡ ਟ੍ਰੇਨਰਾਂ ਦੀ 3 ਰੋਜ਼ਾ ਟ੍ਰੇਨਿੰਗ ਅੱਜ ਸਮਾਪਤ ਹੋ ਗਈ। ਟ੍ਰੇਨਿੰਗ ਦੌਰਾਨ ਉਪ-ਮੰਡਲ ਮੈਜਿਸਟ੍ਰੇਟ ਗੁਰਕਿਰਨਦੀਪ ਸਿੰਘ ਸਿੱਧੂ ਵੱਲੋਂ ਸਾਰੇ ਟ੍ਰੇਨਰਾਂ ਨੂੰ ਹਦਾਇਤ ਕੀਤੀ ਗਈ ਕਿ ਜਨਗਣਨਾ 2027 ਦੇ ਕੰਮਾਂ ਵਿੱਚ ਕਿਸੇ ਵੀ ਕਿਸਮ ਦੀ ਲਾਪਰਵਾਹੀ ਨਾ ਵਰਤੀ ਜਾਵੇ ਅਤੇ ਸਾਰੀਆਂ ਡਿਊਟੀਆਂ ਅਤੇ ਜ਼ਿੰਮੇਵਾਰੀ ਪੂਰੀ ਨਿਸ਼ਠਾ ਅਤੇ ਸਮੇਂ ਸਿਰ ਨਿਭਾਈਆਂ ਜਾਣ। ਜਨਗਨਣਾ ਦੇ ਸਫਲ ਆਯੋਜਨ ਲਈ ਜ਼ਿਲਾ ਸ੍ਰੀ ਮੁਕਤਸਰ ਸਾਹਿਬ ਵਿੱਚ ਪਹਿਲੇ ਫੇਜ ਤਹਿਤ ਤਿੰਨ ਦਿਨਾਂ ਵਿਸ਼ੇਸ਼ ਟ੍ਰੇਨਿੰਗ ਤਹਿਤ ਮਾਸਟਰ ਟ੍ਰੇਨਰ ਹਰਪ੍ਰੀਤ ਸਿੰਘ ਅਤੇ ਡਾਇਰੈਕਟਰ ਸੈਂਸਜ ਓਪਰੇਸ਼ਨ ਦੇ ਨੁਮਾਇੰਦੇ ਵਿਨੋਦ ਕੁਮਾਰ ਵੱਲੋਂ ਫੀਲਡ ਟ੍ਰੇਨਰਾਂ ਨੂੰ ਟ੍ਰੇਨਿੰਗ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਭਾਰਤ ਸਰਕਾਰ ਵੱਲੋਂ 30 ਅਪ੍ਰੈਲ ਤੋਂ 14 ਮਈ 2026 ਤੱਕ 15 ਦਿਨ ਲਈ ਪੋਰਟਲ ਖੋਲ੍ਹਿਆ ਜਾਵੇਗਾ, ਜਿਸ ਰਾਹੀਂ ਹਰ ਵਿਅਕਤੀ ਆਪਣੇ ਪਰਿਵਾਰ ਦੀ ਜਾਣਕਾਰੀ ਖੁਦ ਆਨਲਾਈਨ ਦਰਜ ਕਰ ਸਕੇਗਾ।ਇਸ ਮੌਕੇ ਅੰਕੜਾ ਵਿਭਾਗ ਦੇ ਡਿਪਟੀ ਈ.ਐਸ.ਏ ਰੁਪਿੰਦਰ ਸਿੰਘ ਅਤੇ ਵੱਖ-ਵੱਖ ਵਿਭਾਗਾਂ ਦੇ ਨੁਮਾਇੰਦੇ ਹਾਜ਼ਰ ਸਨ।

# ਅੱਠਵੀਂ ਜਮਾਤ ਦੇ ਮੋਹਰੀ 20 ਵਿਦਿਆਰਥੀਆਂ ਨੂੰ ਬਿਨਾਂ ਦਾਖਲਾ ਪ੍ਰੀਖਿਆ ਦੇ ਸਕੂਲ ਆਫ਼ ਐਮੀਨੈਂਸ ਵਿੱਚ ਸਿੱਧਾ ਦਾਖਲਾ ਮਿਲੇਗਾ : ਮਾਨ

**■ ਪੰਜਾਬ ਦੀਆਂ ਧੀਆਂ ਨੇ 'ਸਿੱਖਿਆ ਕ੍ਰਾਂਤੀ' ਵਿੱਚ ਮੋਹਰੀ ਭੂਮਿਕਾ ਨਿਭਾਈ, ਪੰਜਾਬ ਸਕੂਲ ਸਿੱਖਿਆ ਬੋਰਡ ਦੇ ਅੱਠਵੀਂ ਜਮਾਤ ਦੇ ਨਤੀਜਿਆਂ ਵਿੱਚ ਪਹਿਲੇ 20 ਵਿੱਚੋਂ 19 ਸਥਾਨ ਪ੍ਰਾਪਤ ਕੀਤੇ: ਮੁੱਖ ਮੰਤਰੀ ਭਗਵੰਤ ਸਿੰਘ ਮਾਨ**

ਜ਼ਿਕਰ ਪੰਜਾਬ
ਚੰਡੀਗੜ੍ਹ/ਬਿਊਰੋ

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਪੰਜਾਬ ਦੀ 'ਸਿੱਖਿਆ ਕ੍ਰਾਂਤੀ' ਜ਼ਮੀਨੀ ਪੱਧਰ 'ਤੇ ਨਤੀਜੇ ਦੇ ਰਹੀ ਹੈ ਅਤੇ ਆਮ ਪਰਿਵਾਰਾਂ ਦੀਆਂ ਧੀਆਂ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਅੱਠਵੀਂ ਜਮਾਤ ਦੀ ਮੈਰਿਟ ਸੂਚੀ ਵਿੱਚ ਪਹਿਲੇ 20 ਵਿੱਚੋਂ 19 ਸਥਾਨ ਪ੍ਰਾਪਤ ਕਰ ਕੇ ਦਬਦਬਾ ਬਣਾਇਆ ਹੈ। ਚੰਡੀਗੜ੍ਹ ਵਿਖੇ ਆਪਣੇ ਗ੍ਰਹਿ ਸਥਾਨ 'ਤੇ ਮੋਹਰੀ ਵਿਦਿਆਰਥੀਆਂ ਦਾ ਸਨਮਾਨ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਕਿ ਅੱਵਲ ਰਹੇ 20 ਵਿਦਿਆਰਥੀਆਂ ਨੂੰ ਬਿਨਾਂ ਕਿਸੇ ਦਾਖਲਾ ਪ੍ਰੀਖਿਆ ਦੇ ਸਕੂਲ ਆਫ਼ ਐਮੀਨੈਂਸ ਵਿੱਚ ਸਿੱਧਾ ਦਾਖਲਾ ਦਿੱਤਾ ਜਾਵੇਗਾ, ਜਿਸ ਨਾਲ ਮਿਆਰੀ ਸਿੱਖਿਆ ਤੱਕ ਪਹੁੰਚ ਵਧਾਉਣ ਦੀ ਪੰਜਾਬ ਸਰਕਾਰ ਦੀ ਵਚਨਬੱਧਤਾ ਦੀ ਪੁਸ਼ਟੀ ਹੁੰਦੀ ਹੈ। ਮੁੱਖ ਮੰਤਰੀ ਨੇ ਪਹਿਲੇ ਤਿੰਨ ਸਥਾਨ ਪ੍ਰਾਪਤ ਕਰਨ ਵਾਲਿਆਂ ਨੂੰ 50-50 ਹਜ਼ਾਰ ਰੁਪਏ ਦੇ ਨਕਦ ਇਨਾਮ ਨਾਲ ਸਨਮਾਨਿਤ ਕੀਤਾ ਅਤੇ ਵਿਦਿਆਰਥੀਆਂ ਨੂੰ ਜ਼ਮੀਨ ਨਾਲ ਜੁੜੇ ਰਹਿਣ, ਸਖ਼ਤ ਮਿਹਨਤ ਕਰਨ ਅਤੇ ਸਹੀ ਰੋਲ ਮਾਡਲ ਚੁਣਨ ਦੀ ਅਪੀਲ ਕੀਤੀ। ਵਿਦਿਆਰਥੀਆਂ ਨਾਲ ਗੱਲਬਾਤ ਦੇ ਕੁਝ ਅੰਸ਼ ਸਾਂਝੇ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਕਸ 'ਤੇ ਲਿਖਿਆ, 'ਪੰਜਾਬ ਸਕੂਲ ਸਿੱਖਿਆ ਬੋਰਡ ਦੇ ਅੱਠਵੀਂ ਜਮਾਤ ਦੇ ਨਤੀਜਿਆਂ ਵਿੱਚ ਪੂਰੇ ਸੂਬੇ ਵਿੱਚੋਂ ਅੱਵਲ ਰਹੇ ਹੋਣਹਾਰ ਵਿਦਿਆਰਥੀਆਂ ਨੂੰ ਅੱਜ ਚੰਡੀਗੜ੍ਹ ਵਿੱਚ ਸਨਮਾਨਿਤ ਕੀਤਾ ਗਿਆ। ਇਸ ਖਾਸ ਮੌਕੇ 'ਤੇ ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵੀ ਤਹਿ-ਦਿਲੋਂ ਵਧਾਈਆਂ ਦਿੱਤੀਆਂ ਗਈਆਂ।' ਅੱਵਲ ਰਹੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਪਹਿਲੀ ਵਾਰ ਕੁੜੀਆਂ ਨੇ ਚੋਟੀ ਦੇ 20 ਵਿੱਚੋਂ 19 ਸਥਾਨ ਪ੍ਰਾਪਤ ਕਰ ਕੇ ਮੈਰਿਟ ਸੂਚੀ ਵਿੱਚ ਦਬਦਬਾ ਬਣਾਇਆ ਹੈ, ਇਹ ਉਨ੍ਹਾਂ ਦੇ ਦ੍ਰਿੜ੍ਹ ਇਰਾਦੇ ਦਾ ਸ਼ਕਤੀਸ਼ਾਲੀ ਪ੍ਰਮਾਣ ਕਿਹਾ। ਉਨ੍ਹਾਂ ਨੇ ਇਸ ਸ਼ਾਨਦਾਰ ਪ੍ਰਾਪਤੀ 'ਤੇ ਜ਼ੋਰ ਦਿੰਦੇ ਹੋਏ ਕਿਹਾ, 'ਇਨ੍ਹਾਂ ਵਿਦਿਆਰਥੀਆਂ ਨੂੰ ਬਿਨਾਂ ਕਿਸੇ ਪ੍ਰਵੇਸ਼ ਪ੍ਰੀਖਿਆ ਦੇ ਸਕੂਲ ਆਫ਼ ਐਮੀਨੈਂਸ ਵਿੱਚ ਨੌਵੀਂ ਜਮਾਤ ਵਿੱਚ ਦਾਖਲਾ ਦਿੱਤਾ ਜਾਵੇਗਾ। ਪਹਿਲੀ ਵਾਰ ਕੁੜੀਆਂ ਨੇ ਪਹਿਲੇ 20 ਵਿੱਚੋਂ 19 ਸਥਾਨ ਪ੍ਰਾਪਤ ਕੀਤੇ ਹਨ, ਜਿਸ ਵਿੱਚ ਸਿਰਫ਼ ਇੱਕ ਲੜਕਾ 20ਵੇਂ ਰੈਂਕ 'ਤੇ ਹੈ। ਪਹਿਲੀਆਂ ਸਾਰੀਆਂ 19 ਪੁਜੀਸ਼ਨਾਂ ਪ੍ਰਾਪਤ ਕਰ ਕੇ ਕੁੜੀਆਂ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਉਹ ਕਿਸੇ ਵੀ ਖੇਤਰ ਵਿੱਚ ਪਿੱਛੇ ਨਹੀਂ ਹਨ।



ਵਿਦਿਆਰਥੀਆਂ ਦੀ ਯੋਗਤਾ ਅਤੇ ਸਮਰੱਥਾ 'ਤੇ ਜ਼ੋਰ ਦਿੰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਇਸ ਸਾਲ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਲਈਆਂ ਗਈਆਂ ਅੱਠਵੀਂ ਜਮਾਤ ਦੀਆਂ ਪ੍ਰੀਖਿਆਵਾਂ ਵਿੱਚ ਕੁੱਲ 2.62 ਲੱਖ ਵਿਦਿਆਰਥੀਆਂ ਨੇ ਹਿੱਸਾ ਲਿਆ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, 'ਇਹ ਚੋਟੀ ਦੇ 20 ਵਿਦਿਆਰਥੀ ਪਹਿਲਾਂ ਹੀ ਆਪਣੀ ਯੋਗਤਾ ਸਾਬਤ ਕਰ ਚੁੱਕੇ ਹਨ। ਮੋਹਰੀ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੇ ਆਪਣੀ ਯੋਗਤਾ ਸਾਬਤ ਕੀਤੀ ਹੈ ਅਤੇ ਇਸ ਲਈ ਉਨ੍ਹਾਂ ਨੂੰ ਬਿਨਾਂ ਕਿਸੇ ਦਾਖਲਾ ਪ੍ਰੀਖਿਆ ਦੇ ਮੈਰਿਟ ਦੇ ਆਧਾਰ 'ਤੇ ਸਕੂਲ ਆਫ਼ ਐਮੀਨੈਂਸ ਵਿੱਚ ਵਿਸ਼ੇਸ਼ ਕੋਟੇ ਤਹਿਤ ਦਾਖਲਾ ਦਿੱਤਾ ਜਾਵੇਗਾ।' ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਉਨ੍ਹਾਂ ਨੂੰ ਨਿਮਰ ਰਹਿਣ ਅਤੇ ਸਖ਼ਤ ਮਿਹਨਤ ਵਿੱਚ ਵਿਸ਼ਵਾਸ ਰੱਖਣ ਦੀ ਅਪੀਲ ਕੀਤੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 'ਪੰਜਾਬ ਸਰਕਾਰ ਸਕੂਲ ਪੱਧਰ 'ਤੇ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਅਣਥੱਕ ਮਿਹਨਤ ਕਰ ਰਹੀ ਹੈ ਅਤੇ ਪੰਜਾਬ ਵਿੱਚ ਸਿੱਖਿਆ ਕ੍ਰਾਂਤੀ ਦੀ ਸ਼ੁਰੂਆਤ ਕੀਤੀ ਹੈ, ਜਿਸ ਨਾਲ ਸਮਾਜਿਕ-ਆਰਥਿਕ ਪਾੜੇ ਨੂੰ ਪੂਰਾ ਕਰਨ ਅਤੇ ਵਿਦਿਆਰਥੀਆਂ ਦੇ ਜੀਵਨ ਨੂੰ ਬਦਲਣ ਵਿੱਚ ਮਦਦ ਮਿਲੀ ਹੈ।' ਸਿੱਖਿਆ ਨੂੰ ਪੰਜਾਬ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਵਿੱਚ ਵੱਡੇ ਸੁਧਾਰ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ, 'ਪੰਜਾਬ ਦੇਸ਼ ਭਰ ਵਿੱਚ ਸਿੱਖਿਆ ਦੇ ਖੇਤਰ ਵਿੱਚ ਰੋਲ ਮਾਡਲ ਵਜੋਂ ਉਭਰਿਆ ਹੈ। ਪੰਜਾਬੀ ਹਮੇਸ਼ਾ ਮੋਹਰੀ ਰਹੇ ਹਨ ਅਤੇ ਹਰ ਖੇਤਰ ਵਿੱਚ ਅੱਗੇ ਹਨ।' ਮੁੱਖ ਮੰਤਰੀ ਨੇ ਆਪਣੀ ਰਿਹਾਇਸ਼ 'ਤੇ ਮੋਹਰੀ ਰਹੇ ਤਿੰਨ ਵਿਦਿਆਰਥੀਆਂ ਨੂੰ 50-50 ਹਜ਼ਾਰ ਰੁਪਏ ਦੇ ਨਕਦ ਇਨਾਮ ਨਾਲ ਸਨਮਾਨਿਤ ਵੀ ਕੀਤਾ। ਸਰਸਵਤੀ ਸੀਨੀਅਰ ਸੈਕੰਡਰੀ ਸਕੂਲ, ਜੈਤੋ (ਫਰੀਦਕੋਟ) ਦੀ ਤਮੰਨਾ ਨੇ 600 ਵਿੱਚੋਂ 600 ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ, ਸਰਕਾਰੀ ਮਿਡਲ ਸਕੂਲ, ਅੜਕਵਾਸ (ਸੰਗਰੂਰ) ਦੀ ਜਪਨੀਤ ਕੌਰ ਨੇ 598 ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਪ੍ਰਾਪਤ ਕੀਤਾ ਅਤੇ ਸੰਤ ਮੋਹਨ ਦਾਸ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ, ਕੋਟ ਸੁਖੀਆ (ਫਰੀਦਕੋਟ) ਦੀ ਜਸ਼ਨਦੀਪ ਕੌਰ ਨੇ 598 ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮਾਣ ਨਾਲ ਕਿਹਾ ਕਿ ਇਹ ਤਿੰਨੋਂ ਵਿਦਿਆਰਥੀ ਸੂਬਾਈ ਅਤੇ ਕੌਮੀ ਪੱਧਰ ਦੇ ਅਥਲੀਟ ਵੀ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਗੱਲਬਾਤ ਦੌਰਾਨ ਵਿਦਿਆਰਥੀਆਂ ਨੇ ਆਪਣੀਆਂ ਇੱਛਾਵਾਂ ਸਾਂਝੀਆਂ ਕੀਤੀਆਂ ਅਤੇ ਨਿੱਜੀ ਤੌਰ 'ਤੇ ਸਨਮਾਨਿਤ ਹੋਣ 'ਤੇ ਖੁਸ਼ੀ ਪ੍ਰਗਟ ਕੀਤੀ। ਉਨ੍ਹਾਂ ਕਿਹਾ ਕਿ ਉਹ ਆਮ ਪਿਛੋਕੜ ਤੋਂ ਆਉਂਦੇ ਹਨ ਅਤੇ ਸਖ਼ਤ ਮਿਹਨਤ, ਸਮਰਪਣ ਤੇ ਸਰਕਾਰ ਦੇ ਸਹਿਯੋਗ ਰਾਹੀਂ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਦ੍ਰਿੜ੍ਹ ਹਨ। ਇਸ ਮੌਕੇ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਚੇਅਰਮੈਨ ਡਾ. ਅਮਰਪਾਲ ਸਿੰਘ, ਸਕੱਤਰ ਸਕੂਲ ਸਿੱਖਿਆ ਸੋਨਾਲੀ ਗਿਰੀ ਅਤੇ ਹੋਰ ਅਧਿਕਾਰੀ ਵੀ ਮੌਜੂਦ ਸਨ।

# ਆਯੁਸ਼ਮਾਨ ਯੋਜਨਾ ਦੀ ਅਸਫਲਤਾ 'ਤੇ ਬਲਤੇਜ ਪੰਨੂ ਦਾ ਮੁੱਖ ਮੰਤਰੀ ਨਾਇਬ ਸੈਣੀ 'ਤੇ ਹਮਲਾ

ਜ਼ਿਕਰ ਪੰਜਾਬ
ਚੰਡੀਗੜ੍ਹ/ਬਿਊਰੋ

ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸਟੇਟ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ 'ਤੇ ਤਿੱਖਾ ਹਮਲਾ ਬੋਲਿਆ ਹੈ। ਪੰਨੂ ਨੇ ਕਿਹਾ ਕਿ ਹਰਿਆਣਾ ਦੇ ਮੁੱਖ ਮੰਤਰੀ ਆਪਣੀਆਂ ਨਾਕਾਮੀਆਂ ਨੂੰ ਛੁਪਾਉਣ ਲਈ ਹਰ ਦੂਜੇ ਦਿਨ ਪੰਜਾਬ ਆ ਕੇ 'ਆਪ' ਸਰਕਾਰ ਦੀ ਕਾਰਜਪ੍ਰਣਾਲੀ 'ਤੇ ਬੇਬੁਨਿਆਦ ਸਵਾਲ ਖੜ੍ਹੇ ਕਰਦੇ ਹਨ, ਜਦਕਿ ਸੱਚਾਈ ਇਹ ਹੈ ਕਿ ਖੁਦ ਹਰਿਆਣਾ ਵਿੱਚ ਸਿਹਤ ਸੇਵਾਵਾਂ ਵੈਂਟੀਲੇਟਰ 'ਤੇ ਹਨ। ਇੰਡੀਅਨ ਮੈਡੀਕਲ ਐਸੋਸੀਏਸ਼ਨ (ਆਈਐਮਏ) ਨੇ ਹਰਿਆਣਾ ਸਰਕਾਰ ਨੂੰ ਸਪੱਸ਼ਟ ਚੇਤਾਵਨੀ ਦਿੱਤੀ ਹੈ ਕਿ ਆਯੁਸ਼ਮਾਨ ਕਾਰਡ ਦੀ ਬਕਾਇਆ ਪੇਮੈਂਟ ਨਾ ਹੋਣ ਕਾਰਨ ਹੁਣ ਜ਼ਿਆਦਾਤਰ ਨਿੱਜੀ ਹਸਪਤਾਲ ਇਸ ਯੋਜਨਾ ਤਹਿਤ ਇਲਾਜ ਬੰਦ ਕਰਨ ਜਾ ਰਹੇ ਹਨ। ਮੁੱਖ ਮੰਤਰੀ ਸੈਣੀ ਨੂੰ ਇਹ ਦੱਸਣਾ ਚਾਹੀਦਾ ਹੈ ਕਿ ਉਨ੍ਹਾਂ ਦੇ ਰਾਜ ਵਿੱਚ ਗਰੀਬ ਜਨਤਾ ਹੁਣ ਇਲਾਜ ਲਈ ਕਿੱਥੇ ਜਾਵੇਗੀ? ਬਲਤੇਜ ਪੰਨੂ ਨੇ ਪੰਜਾਬ ਅਤੇ ਹਰਿਆਣਾ ਦੀਆਂ ਸਿਹਤ ਸੇਵਾਵਾਂ ਦੀ ਤੁਲਨਾ ਕਰਦਿਆਂ ਕਿਹਾ ਕਿ ਇੱਕ ਪਾਸੇ ਹਰਿਆਣਾ ਵਿੱਚ ਕੇਂਦਰ ਦੀਆਂ ਯੋਜਨਾਵਾਂ ਦਮ ਤੋੜ ਰਹੀਆਂ ਹਨ, ਉੱਥੇ ਹੀ ਦੂਜੇ ਪਾਸੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੇ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਬਿਨਾਂ ਕਿਸੇ ਸ਼ਰਤ ਦੇ 10 ਲੱਖ ਰੁਪਏ ਤੱਕ ਦੇ ਕੈਸ਼ਲੈੱਸ ਇਲਾਜ ਦੀ ਵਿਵਸਥਾ ਕੀਤੀ ਹੈ। ਇਸ ਯੋਜਨਾ ਦੀ ਸਫਲਤਾ ਦਾ ਸਬੂਤ ਇਹ ਹੈ ਕਿ ਹੁਣ ਤੱਕ ਪੰਜਾਬ ਦੇ 35 ਲੱਖ ਤੋਂ ਵੱਧ ਪਰਿਵਾਰ ਇਸ ਦੇ ਦਾਇਰੇ ਵਿੱਚ ਆ ਚੁੱਕੇ ਹਨ। ਪੰਜਾਬ ਅੱਜ ਦੇਸ਼ ਦਾ ਪਹਿਲਾ ਅਜਿਹਾ ਸੂਬਾ ਬਣ ਗਿਆ ਹੈ ਜਿੱਥੇ ਸਿੱਖਿਆ ਅਤੇ ਸਿਹਤ ਨੂੰ ਪਹਿਲ ਦਿੰਦਿਆਂ ਆਮ ਆਦਮੀ ਨੂੰ ਇੰਨੀ ਵੱਡੀ ਰਾਹਤ ਦਿੱਤੀ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਨਾਇਬ ਸਿੰਘ ਸੈਣੀ ਨੂੰ ਪੰਜਾਬ ਦੀ ਚਿੰਤਾ ਛੱਡ ਕੇ ਪਹਿਲਾਂ ਆਪਣੇ ਰਾਜ ਦੀਆਂ ਮੁਸ਼ਕਲਾਂ ਨੂੰ ਹੱਲ ਕਰਨ ਵੱਲ ਧਿਆਨ ਦੇਣਾ ਚਾਹੀਦਾ ਹੈ। ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਮੁਹੱਲਾ ਕਲੀਨਿਕ, ਆਧੁਨਿਕ ਸਰਕਾਰੀ ਹਸਪਤਾਲ ਅਤੇ ਹੁਣ 10 ਲੱਖ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਦੇ ਕੇ ਸਿਹਤ ਦੇ ਖੇਤਰ ਵਿੱਚ ਕ੍ਰਾਂਤੀ ਲਿਆ ਦਿੱਤੀ ਹੈ। ਹਰਿਆਣਾ ਦੇ ਮੁੱਖ ਮੰਤਰੀ ਨੂੰ ਸ਼ਾਇਦ ਇਸ ਗੱਲ ਦਾ ਅਹਿਸਾਸ ਨਹੀਂ ਹੈ ਕਿ ਉਨ੍ਹਾਂ ਦੇ ਰਾਜ ਵਿੱਚ ਆਯੁਸ਼ਮਾਨ ਯੋਜਨਾ ਤਹਿਤ ਹੋਣ ਵਾਲਾ ਇਲਾਜ ਲਗਭਗ ਬੰਦ ਹੋ ਚੁੱਕਾ ਹੈ, ਪਰ ਉਹ ਪੰਜਾਬ ਦੀ ਤਰੱਕੀ 'ਤੇ ਉਂਗਲ ਚੁੱਕਣ ਦਾ ਕੋਈ ਮੌਕਾ ਨਹੀਂ ਛੱਡਦੇ। ਪੰਨੂ ਨੇ ਮੁੱਖ ਮੰਤਰੀ ਸੈਣੀ ਨੂੰ ਨਸੀਹਤ ਦਿੰਦਿਆਂ ਕਿਹਾ ਕਿ ਜੇਕਰ ਉਨ੍ਹਾਂ ਨੇ ਤੁਲਨਾ ਕਰਨੀ ਹੀ ਹੈ, ਤਾਂ ਪੰਜਾਬ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਵਿਸ਼ਵ ਪੱਧਰੀ ਸਹੂਲਤਾਂ ਨਾਲ ਕਰਨ। ਬੇਬੁਨਿਆਦ ਇਲਜ਼ਾਮ ਲਗਾ ਕੇ ਜਨਤਾ ਨੂੰ ਮੂਰਖ ਬਣਾਉਣਾ ਬੰਦ ਕਰਨ, ਕਿਉਂਕਿ ਜਨਤਾ ਸਮਝਦਾਰ ਹੈ ਅਤੇ ਦੇਖ ਰਹੀ ਹੈ ਕਿ ਕੌਣ ਜ਼ਮੀਨੀ ਪੱਧਰ 'ਤੇ ਕੰਮ ਕਰ ਰਿਹਾ ਹੈ ਅਤੇ ਕੌਣ ਸਿਰਫ਼ ਰਾਜਨੀਤੀ। ਪੰਜਾਬ ਦੀ 'ਆਪ' ਸਰਕਾਰ ਨੇ ਆਪਣੀਆਂ ਨੀਤੀਆਂ ਨਾਲ ਦਿਖਾ ਦਿੱਤਾ ਹੈ ਕਿ ਜੇਕਰ ਨੀਅਤ ਸਾਫ਼ ਹੋਵੇ ਤਾਂ ਜਨਤਾ ਨੂੰ ਬਿਹਤਰੀਨ ਸਿਹਤ ਸਹੂਲਤਾਂ ਦੇਣਾ ਮੁਮਕਿਨ ਹੈ।



# ਮਾਨ ਸਰਕਾਰ ਜਨਤਕ ਆਵਾਜਾਈ ਨੈੱਟਵਰਕ 'ਚ ਕ੍ਰਾਂਤੀਕਾਰੀ ਤਬਦੀਲੀ ਲਈ ਪੀ.ਆਰ.ਟੀ.ਸੀ. ਅਤੇ ਪਨਬੱਸ ਵਿੱਚ 1,265 ਬੱਸਾਂ ਕਰੇਗੀ ਸ਼ਾਮਲ : ਚੀਮਾ

ਜ਼ਿਕਰ ਪੰਜਾਬ
ਚੰਡੀਗੜ੍ਹ/ਬਿਊਰੋ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਮਜ਼ਬੂਤ ਅਤੇ ਪਹੁੰਚਯੋਗ ਜਨਤਕ ਆਵਾਜਾਈ ਪ੍ਰਦਾਨ ਕਰਨ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਪੰਜਾਬ ਦੇ ਵਿੱਤ ਅਤੇ ਟਰਾਂਸਪੋਰਟ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇੱਥੇ ਸੂਬੇ ਦੇ ਟਰਾਂਸਪੋਰਟ ਨੈੱਟਵਰਕ ਵਿੱਚ ਵੱਡੇ ਵਿਸਥਾਰ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ (ਪੀ.ਆਰ.ਟੀ.ਸੀ.) ਵਿੱਚ 659 ਬੱਸਾਂ ਅਤੇ ਪਨਬੱਸ ਵਿੱਚ 606 ਬੱਸਾਂ ਦਾ ਇੱਕ ਵੱਡਾ ਬੇੜਾ ਸ਼ਾਮਲ ਕਰਨ ਜਾ ਰਹੀ ਹੈ। ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਹਾਲ ਹੀ ਵਿੱਚ ਕਿਲੋਮੀਟਰ ਸਕੀਮ ਤਹਿਤ ਬੇੜੇ ਵਿੱਚ 250 ਬੱਸਾਂ ਸ਼ਾਮਲ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ, 'ਸੂਬੇ ਦੇ ਅੰਦਰ ਰੁਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਪੈਦਾ ਕਰਨ ਲਈ ਇਹ ਪਹਿਲਕਦਮੀ ਵਿਸ਼ੇਸ਼ ਤੌਰ 'ਤੇ ਪੰਜਾਬ ਦੇ ਵਸਨੀਕਾਂ ਨੂੰ ਸਮਰਪਿਤ ਸੀ। ਇਸ ਕਿਲੋਮੀਟਰ ਸਕੀਮ ਦੇ ਤਹਿਤ, ਇਨ੍ਹਾਂ ਬੱਸਾਂ ਦੇ ਮਾਲਕਾਂ (ਪ੍ਰਾਈਵੇਟ ਵਿਅਕਤੀਆਂ) ਨੂੰ ਆਪਣੇ ਵਾਹਨਾਂ ਨੂੰ ਆਪਣੀ ਪਸੰਦ ਅਨੁਸਾਰ ਤਿਆਰ ਕਰਵਾਉਣ ਦੀ ਛੋਟ ਦਿੱਤੀ ਗਈ ਸੀ, ਬਸ਼ਰਤੇ ਉਹ ਸਰਕਾਰੀ ਮਾਪਦੰਡਾਂ ਅਤੇ ਸੁਰੱਖਿਆ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਦੇ ਹੋਣ।' ਪੀ.ਆਰ.ਟੀ.ਸੀ. ਲਈ 659 ਬੱਸਾਂ ਦੇ ਮੁਕੰਮਲ ਟੀਚੇ ਨੂੰ ਪ੍ਰਾਪਤ ਕਰਨ ਲਈ ਟਰਾਂਸਪੋਰਟ ਵਿਭਾਗ ਸਿਰਫ਼ ਕਿਲੋਮੀਟਰ ਸਕੀਮ ਦੇ ਵਾਧੇ 'ਤੇ ਹੀ ਨਹੀਂ ਰੁਕ ਰਿਹਾ। ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, 'ਖੇਤਰੀ ਟਰਾਂਸਪੋਰਟ ਬੁਨਿਆਦੀ ਢਾਂਚੇ ਦੇ ਵਿਆਪਕ ਨਵੀਨੀਕਰਨ ਨੂੰ ਯਕੀਨੀ ਬਣਾਉਂਦੇ ਹੋਏ, ਪੀ.ਆਰ.ਟੀ.ਸੀ. ਵਰਤਮਾਨ ਵਿੱਚ 100 ਮਿੰਨੀ ਬੱਸਾਂ ਦੇ ਨਾਲ-ਨਾਲ 309 ਹੋਰ ਸਟੈਂਡਰਡ ਬੱਸਾਂ ਦੀ ਖਰੀਦ ਲਈ ਇੱਕ ਸਰਗਰਮ ਟੈਂਡਰ ਪ੍ਰਕਿਰਿਆ ਵਿੱਚੋਂ ਲੰਘ ਰਹੀ ਹੈ।' ਪਨਬੱਸ ਲਈ ਨਿਰਧਾਰਿਤ 606 ਬੱਸਾਂ ਦਾ ਵਿਸਤ੍ਰਿਤ ਵੇਰਵਾ ਦਿੰਦੇ ਹੋਏ, ਟਰਾਂਸਪੋਰਟ ਮੰਤਰੀ ਨੇ ਸੰਚਾਲਨ ਨੂੰ ਅਨੁਕੂਲ ਬਣਾਉਣ ਲਈ ਤਿਆਰ ਕੀਤੀ ਗਈ ਇੱਕ ਯੋਜਨਾਬੱਧ ਖਰੀਦ ਯੋਜਨਾ ਦੀ ਰੂਪਰੇਖਾ ਪੇਸ਼ ਕੀਤੀ। ਉਨ੍ਹਾਂ ਕਿਹਾ, '387 ਬੱਸਾਂ ਦਾ ਇੱਕ ਵੱਡਾ ਹਿੱਸਾ ਸਿੱਧੇ ਤੌਰ 'ਤੇ ਆਮ ਪਨਬੱਸ ਫਲੀਟ ਵਿੱਚ ਸ਼ਾਮਲ ਕੀਤਾ ਜਾਵੇਗਾ ਤਾਂ ਜੋ ਵੱਖ-ਵੱਖ ਰੂਟਾਂ 'ਤੇ ਜਨਤਕ ਆਵਾਜਾਈ ਦੀ ਵੱਧ ਰਹੀ ਮੰਗ ਨੂੰ ਤੁਰੰਤ ਪੂਰਾ ਕੀਤਾ ਜਾ ਸਕੇ।

ਪਨਬੱਸ ਦੇ ਬੇੜੇ ਵਿੱਚ ਬਾਕੀ ਰਹਿੰਦਾ ਵਾਧਾ ਕਿਲੋਮੀਟਰ ਸਕੀਮ ਦੇ ਤਹਿਤ ਕੀਤਾ ਜਾਵੇਗਾ ਤਾਂ ਜੋ ਸੰਚਾਲਨ ਕੁਸ਼ਲਤਾ ਅਤੇ ਰੂਟ ਕਵਰੇਜ ਨੂੰ ਹੋਰ ਹੁਲਾਰਾ ਦਿੱਤਾ ਜਾ ਸਕੇ।' ਉਨ੍ਹਾਂ ਅੱਗੇ ਕਿਹਾ, 'ਇਸ ਵਿਸ਼ੇਸ਼ ਪੜਾਅ ਵਿੱਚ 19 ਪਨਬੱਸ ਵੋਲਵੋ ਬੱਸਾਂ ਅਤੇ 100 ਐਚਵੀਏਸੀ ਬੱਸਾਂ ਨੂੰ ਸ਼ਾਮਲ ਕਰਨਾ ਸ਼ਾਮਲ ਹੈ, ਜੋ ਯਾਤਰੀਆਂ ਲਈ ਆਰਾਮਦਾਇਕ ਸਫ਼ਰ ਦੇ ਵਿਕਲਪਾਂ ਨੂੰ ਯਕੀਨੀ ਬਣਾਏਗਾ। ਇਸ ਤੋਂ ਇਲਾਵਾ, ਕਿਲੋਮੀਟਰ ਸਕੀਮ ਤਹਿਤ 100 ਸਾਧਾਰਨ ਬੱਸਾਂ ਦੇ ਸ਼ਾਮਲ ਹੋਣ ਨਾਲ ਇਹ ਵਿਸਥਾਰ ਮੁਕੰਮਲ ਹੋਵੇਗਾ, ਜਿਸ ਨਾਲ ਨਵੇਂ ਪਨਬੱਸ ਵਾਹਨਾਂ ਦੀ ਕੁੱਲ ਗਿਣਤੀ 606 ਹੋ ਜਾਵੇਗੀ।' ਵਿੱਤ ਅਤੇ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੀ. ਆਰ. ਟੀ. ਸੀ. ਅਤੇ ਪਨਬੱਸ ਦੋਵਾਂ ਦੇ ਬੇੜੇ ਵਿੱਚ ਇਸ ਇਤਿਹਾਸਕ ਵਿਸਥਾਰ ਨਾਲ ਪੰਜਾਬ ਭਰ ਵਿੱਚ ਸੰਪਰਕ ਵਿੱਚ ਕਾਫ਼ੀ ਸੁਧਾਰ ਹੋਣ ਦੀ ਉਮੀਦ ਹੈ। ਉਨ੍ਹਾ ਕਿਹਾ ਕਿ ਪੀ.ਆਰ.ਟੀ.ਸੀ. ਅਤੇ ਪਨਬੱਸ ਦੇ ਬੇੜੇ ਵਿੱਚ ਨਵੀਆਂ ਬੱਸਾਂ ਦਾ ਸ਼ਾਮਲ ਹੋਣਾ ਰੋਜ਼ਾਨਾ ਯਾਤਰੀਆਂ ਲਈ ਵਧੇਰੇ ਆਰਾਮਦਾਇਕ, ਭਰੋਸੇਮੰਦ ਅਤੇ ਆਸਾਨ ਸਫ਼ਰ ਦੀ ਸਹੂਲਤ ਮੁਹੱਈਆ ਕਰਨ ਦੇ ਨਾਲ-ਨਾਲ ਉੱਦਮੀ ਮੌਕਿਆਂ ਅਤੇ ਸੂਬੇ ਦੇ ਮਾਲੀਏ ਨੂੰ ਵੀ ਹੁਲਾਰਾ ਵੀ ਦੇਵੇਗਾ।

●----- ਸਫ਼ਾ 1 ਦਾ ਬਾਕੀ -----●

## ਆਸ਼ਾ ਭੌਂਸਲੇ ਦਾ ਦਿਹਾਂਤ

ਰਾਜਕੀ ਸਨਮਾਨ ਨਾਲ ਕੀਤਾ ਜਾਵੇਗਾ।

ਮੀਡੀਆ ਨਾਲ ਗੱਲ ਕਰਦੇ ਹੋਏ, ਆਸ਼ੀਸ਼ ਸ਼ੇਲਾਰ ਨੇ ਕਿਹਾ, "ਅੱਜ, ਪੂਰਾ ਦੇਸ਼ ਅਤੇ ਮਹਾਰਾਸ਼ਟਰ ਬਹੁਤ ਦੁਖੀ ਹੈ। ਆਸ਼ਾ ਤਾਈ ਦਾ ਦੇਹਾਂਤ ਇੱਕ ਯੁੱਗ ਦੇ ਅੰਤ ਨੂੰ ਦਰਸਾਉਂਦਾ ਹੈ। ਉਨ੍ਹਾਂ ਦੀ ਸ਼ਖਸੀਅਤ ਅਜਿਹੀ ਸੀ ਕਿ ਉਹ ਖੁਦ ਦੁੱਖ ਨੂੰ ਗਲੇ ਲਗਾਉਂਦੀ ਸੀ, ਪਰ ਹਮੇਸ਼ਾ ਆਪਣੀ ਆਵਾਜ਼ ਨਾਲ ਦੂਜਿਆਂ ਲਈ ਖੁਸ਼ੀ ਲਿਆਉਂਦੀ ਸੀ। ਉਨ੍ਹਾਂ ਦਾ ਸੰਗੀਤ ਨਾ ਸਿਰਫ਼ ਭਾਰਤ ਲਈ ਸਗੋਂ ਪੂਰੀ ਦੁਨੀਆ ਲਈ ਇੱਕ ਖਜ਼ਾਨਾ ਹੈ।

## ਬਠਿੰਡਾ ਦੇ ਤਲਵੰਡੀ ਸਾਬੋ ਵਿੱਚ ਵੱਡਾ...

ਡਿਵੀਜ਼ਨਲ ਕੰਪਲੈਕਸ ਲੋਕਾਂ ਨੂੰ ਸਮਰਪਿਤ ਕਰਨ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਪ੍ਰੋਜੈਕਟ ਆਧੁਨਿਕ, ਨਾਗਰਿਕ-ਕੇਂਦ੍ਰਿਤ ਬੁਨਿਆਦੀ ਢਾਂਚਾ ਪ੍ਰਦਾਨ ਕਰਕੇ ਜ਼ਮੀਨੀ ਪੱਧਰ 'ਤੇ ਪ੍ਰਸ਼ਾਸਨ ਨੂੰ ਹੋਰ ਮਜ਼ਬੂਤ ਕਰਨ ਪ੍ਰਤੀ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 'ਪਿਛਲੀ ਸਬ-ਡਿਵੀਜ਼ਨਲ ਕੰਪਲੈਕਸ ਦੀ ਇਮਾਰਤ ਲਗਪਗ 40 ਸਾਲ ਪੁਰਾਣੀ ਸੀ ਅਤੇ ਬਹੁਤ ਹੀ ਖਸਤਾ ਹਾਲਤ ਵਿੱਚ ਸੀ। ਨਵੇਂ ਕੰਪਲੈਕਸ ਦੇ ਨਿਰਮਾਣ 'ਤੇ 6 ਕਰੋੜ ਰੁਪਏ ਖਰਚ ਕੀਤੇ ਗਏ ਹਨ ਅਤੇ ਇਸ ਦਾ ਕੁੱਲ ਖੇਤਰਫਲ 3,000 ਵਰਗ ਫੁੱਟ ਹੈ।' ਉਨ੍ਹਾਂ ਕਿਹਾ, 'ਤਿੰਨ ਮੰਜ਼ਿਲਾ ਇਮਾਰਤ ਵਿੱਚ 28 ਕਮਰੇ ਹਨ ਅਤੇ ਇਸ ਵਿੱਚ ਆਸਾਨ ਰਜਿਸਟ੍ਰੇਸ਼ਨ ਲਈ ਦਫ਼ਤਰ, ਐਸਡੀਐਮ ਅਦਾਲਤ, ਤਹਿਸੀਲਦਾਰ ਅਦਾਲਤ, ਫਰਦ ਕੇਂਦਰ, ਰਿਕਾਰਡ ਰੂਮ, ਖਜ਼ਾਨਾ ਦਫ਼ਤਰ ਅਤੇ ਇੱਕ ਕੰਟੀਨ ਵਰਗੀਆਂ ਸਹੂਲਤਾਂ ਸ਼ਾਮਲ ਹਨ।' ਆਧੁਨਿਕ ਬੁਨਿਆਦੀ ਢਾਂਚੇ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 'ਸਾਰੇ ਦਫ਼ਤਰਾਂ ਨੂੰ ਹਾਈ-ਸਪੀਡ ਇੰਟਰਨੈੱਟ ਨਾਲ ਲੈਸ ਕੀਤਾ ਗਿਆ ਹੈ ਅਤੇ ਕੰਪਲੈਕਸ ਵਿੱਚ ਲਿਫਟ ਦੀ ਸਹੂਲਤ ਵੀ ਹੈ।' ਉਨ੍ਹਾਂ ਅੱਗੇ ਕਿਹਾ ਕਿ ਲੋਕਾਂ ਦੀ ਸਹੂਲਤ ਲਈ ਅਜਿਹੇ ਆਧੁਨਿਕ ਤਹਿਸੀਲ ਕੰਪਲੈਕਸ ਪੂਰੇ ਪੰਜਾਬ ਵਿੱਚ ਬਣਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਕਦੇ ਵੀ ਅਜਿਹੇ ਲੋਕ-ਕੇਂਦ੍ਰਿਤ ਉਪਰਾਲਿਆਂ ਵੱਲ ਧਿਆਨ ਨਹੀਂ ਦਿੱਤਾ ਸੀ। ਇਸ ਤੋਂ ਪਹਿਲਾਂ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਵਿੱਚ ਸ਼ਾਂਤੀ, ਤਰੱਕੀ ਅਤੇ ਖੁਸ਼ਹਾਲੀ ਲਈ ਅਰਦਾਸ ਕੀਤੀ। ਵਿਸਾਖੀ ਦੇ ਪਵਿੱਤਰ ਮੌਕੇ ਵਧਾਈਆਂ ਦਿੰਦਿਆਂ ਉਨ੍ਹਾਂ ਕਿਹਾ, 'ਇਹ ਤਿਉਹਾਰ ਪੰਜਾਬੀ ਅਤੇ ਪੰਜਾਬੀਅਤ ਦੀ ਭਾਵਨਾ ਦੇ ਨਾਲ-ਨਾਲ ਅਨੇਕਤਾ ਵਿੱਚ ਏਕਤਾ ਦਾ ਪ੍ਰਤੀਕ ਵੀ ਹੈ।' ਉਨ੍ਹਾਂ ਯਾਦ ਕੀਤਾ ਕਿ 13 ਅਪ੍ਰੈਲ, 1699 ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਖਾਲਸਾ ਪੰਥ ਸਾਜਿਆ ਸੀ ਅਤੇ ਇਸ ਪਲ ਨੂੰ ਇਤਿਹਾਸ ਵਿੱਚ ਵੀ ਦਰਜ ਕੀਤਾ ਗਿਆ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "ਵਿਸਾਖੀ ਦੇ ਇਸ ਪਵਿੱਤਰ ਮੌਕੇ ਸਾਨੂੰ ਸਮਾਜਿਕ ਸਮਾਨਤਾ, ਆਪਸੀ ਭਾਈਚਾਰੇ ਅਤੇ ਸ਼ੋਸ਼ਣ ਤੋਂ ਆਜ਼ਾਦੀ 'ਤੇ ਅਧਾਰਤ ਸਮਾਜ ਦੀ ਉਸਾਰੀ ਲਈ ਆਪਣੇ-ਆਪ ਨੂੰ ਵਚਨਬੱਧ ਕਰਨਾ ਚਾਹੀਦਾ ਹੈ। ਵਿਧਾਨਕ ਮੋਰਚੇ 'ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਕਿ ਪੰਜਾਬ ਸਰਕਾਰ 13 ਅਪ੍ਰੈਲ ਨੂੰ ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਸੈਸ਼ਨ ਵਿੱਚ ਜਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ, 2026 ਪੇਸ਼ ਕਰੇਗੀ। ਉਨ੍ਹਾਂ ਕਿਹਾ, "ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਹੋਰ ਸਤਿਕਾਰਯੋਗ ਪਵਿੱਤਰ ਗ੍ਰੰਥਾਂ ਦੀ 'ਬੇਅਦਬੀ' ਨਾਲ ਸਬੰਧਤ ਕਈ ਘਟਨਾਵਾਂ ਵਾਪਰੀਆਂ ਹਨ, ਜਿਨ੍ਹਾਂ ਨੇ ਜਨਤਕ ਭਾਵਨਾਵਾਂ ਨੂੰ ਡੂੰਘੀ ਠੇਸ ਪਹੁੰਚਾਈ ਹੈ ਅਤੇ ਸਮਾਜਿਕ ਸਦਭਾਵਨਾ ਨੂੰ ਭੰਗ ਕੀਤਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਭਾਰਤੀ ਨਿਆਂ ਸੰਹਿਤਾ, 2023 ਦੀਆਂ ਧਾਰਾਵਾਂ 298, 299 ਅਤੇ 300 ਅਧੀਨ ਅਜਿਹੇ ਮਾਮਲੇ ਆਉਂਦੇ ਹਨ, ਪਰ ਇਸ ਵਿੱਚ ਅਜਿਹੀਆਂ ਮੰਦਭਾਗੀਆਂ ਘਟਨਾਵਾਂ ਨੂੰ ਰੋਕਣ ਲਈ ਸਖ਼ਤ ਸਜ਼ਾ ਦਾ ਕੋਈ ਨੁਸਖ਼ਾ ਨਹੀਂ ਹੈ। ਉਨ੍ਹਾਂ ਅੱਗੇ ਕਿਹਾ, "ਬਹੁਤ ਧਿਆਨ ਨਾਲ ਵਿਚਾਰ ਕਰਨ ਤੋਂ ਬਾਅਦ ਪੰਜਾਬ ਸਰਕਾਰ ਨੇ ਫ਼ੈਸਲਾ ਕੀਤਾ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰਤਾ ਦੀ ਰਾਖੀ ਅਤੇ ਆਪਸੀ ਸਤਿਕਾਰ ਤੇ ਭਾਈਚਾਰਕ ਸਾਂਝ ਨੂੰ ਉਤਸ਼ਾਹਿਤ ਕਰਨ ਲਈ ਸਖ਼ਤ ਕਾਨੂੰਨੀ ਉਪਾਅ ਜ਼ਰੂਰੀ ਹਨ। ਉਨ੍ਹਾਂ ਅੱਗੇ ਕਿਹਾ, "ਜਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ, 2026 ਬੇਅਦਬੀ ਦੇ ਦੋਸ਼ੀ ਪਾਏ ਜਾਣ ਵਾਲਿਆਂ ਲਈ ਉਮਰ ਕੈਦ ਸਮੇਤ ਸਖ਼ਤ ਸਜ਼ਾਵਾਂ ਦੀ ਪੇਸ਼ਕਸ਼ ਕਰਦਾ ਹੈ।"ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਿਸ਼ਵਾਸ ਪ੍ਰਗਟਾਇਆ ਕਿ ਇਹ ਕਾਨੂੰਨ ਇੱਕ ਮਜ਼ਬੂਤ ਰੋਕਥਾਮ ਵਜੋਂ ਕੰਮ ਕਰੇਗਾ ਅਤੇ ਪੰਜਾਬ ਭਰ ਵਿੱਚ ਸ਼ਾਂਤੀ ਅਤੇ ਭਾਈਚਾਰਕ ਸਦਭਾਵਨਾ ਬਣਾਈ ਰੱਖਣ ਵਿੱਚ ਸਹਾਈ ਸਿੱਧ ਹੋਵੇਗਾ।

## ਪਰਿਵਾਰ ਦੇ 4 ਜੀਆਂ ਦੀਆਂ ਮ੍ਰਿਤਕ ਦੇਹਾਂ ਪਿੰਡ...

4 ਮ੍ਰਿਤਕਾਂ ਦੀਆਂ ਲਾਸ਼ਾਂ ਪਿੰਡ ਭੰਡਾਲ ਦੋਨਾਂ ਪਹੁੰਚੀਆਂ ਤਾਂ ਚਾਰੇ ਪਾਸੇ ਵੈਣ, ਪਿਟ ਸਿਆਪੇ, ਧਾਂਹਾਂ ਮਾਰਨ ਦੀਆਂ ਆਵਾਜ਼ਾਂ ਨੇ ਹਰ ਅੱਖ ਨੂੰ ਨਮ ਕਰ ਦਿੱਤਾ। ਮ੍ਰਿਤਕਾਂ ਦਾ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਨਗਰ ਨਿਵਾਸੀਆਂ ਅਤੇ ਹੋਰ ਮੋਹਤਬਾਰਾਂ ਦੀ ਹਾਜ਼ਰੀ ਦੌਰਾਨ ਅੰਤਿਮ ਸੰਸਕਾਰ ਕਰ ਦਿੱਤਾ ਗਿਆ। ਅਕਾਲੀ ਦਲ 'ਵਾਰਿਸ ਪੰਜਾਬ ਦੇ' ਦੇ ਜ਼ਿਲ੍ਹਾ ਆਗੂ ਜਥੇਦਾਰ ਨਰਿੰਦਰ ਸਿੰਘ ਖੁਸਰੋਪੁਰ, ਸ਼੍ਰੋਮਣੀ ਅਕਾਲੀ ਦਲ ਕਪੂਰਥਲਾ ਦੇ ਜ਼ਿਲ੍ਹਾ ਪ੍ਰਧਾਨ ਜਥੇਦਾਰ ਦਲਵਿੰਦਰ ਸਿੰਘ ਸਿੱਧੂ, ਹਲਕਾ ਵਿਧਾਇਕ ਰਾਣਾ ਗੁਰਜੀਤ ਸਿੰਘ, ਨੰਬਰਦਾਰ ਹਰਭਜਨ ਸਿੰਘ ਭਲਾਈਪੁਰ, ਸਰਪੰਚ ਅਮਰਜੀਤ ਸਿੰਘ ਭੰਡਾਲ ਆਦਿ ਵਿਸ਼ੇਸ਼ ਤੌਰ ਉੱਤੇ ਪਿੰਡ ਭੰਡਾਲ ਦੋਨਾਂ ਵਿਖੇ ਪਹੁੰਚੇ ਅਤੇ ਹਿਮਾਚਲ ਪ੍ਰਦੇਸ਼ ਵਿਖੇ ਵਾਪਰੇ ਟਰੈਕਟਰ ਟਰਾਲੀ ਸੜਕ ਹਾਦਸੇ ਵਿੱਚ ਮਾਰੇ ਗਏ ਚਾਰੇ ਮ੍ਰਿਤਕਾਂ ਦੇ ਪਰਿਵਾਰਿਕ ਮੈਂਬਰਾਂ ਨਾਲ ਹਮਦਰਦੀ ਦਾ ਪ੍ਰਗਟਾਵਾ ਕੀਤਾ।

## ਹੜ੍ਹਾਂ ਤੋਂ ਬਾਅਦ 70 ਪਿੰਡਾਂ 'ਚ ਜ਼ਮੀਨ...

ਵਾਸੀਆਂ ਦਾ ਸਬਰ ਹੁਣ ਟੁੱਟ ਰਿਹਾ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਜੇਕਰ ਅਗਲੇ ਮੌਨਸੂਨ ਤੋਂ ਪਹਿਲਾਂ ਕੰਮ ਸ਼ੁਰੂ ਨਾ ਹੋਇਆ, ਤਾਂ ਜਾਨੀ ਅਤੇ ਮਾਲੀ ਨੁਕਸਾਨ ਹੋਣ ਦਾ ਵੱਡਾ ਖ਼ਤਰਾ ਬਣਿਆ ਰਹੇਗਾ।

## ਮਹਿਲਾ ਰਾਖਵਾਂਕਰਨ ਕਾਨੂੰਨ ਲਾਗੂ ਕਰਨ...

2034 ਤੋਂ ਪਹਿਲਾਂ ਲਾਗੂ ਨਹੀਂ ਹੋ ਸਕਦਾ ਸੀ। ਹੁਣ ਇਸ ਨੂੰ 2029 ਦੀਆਂ ਲੋਕ ਸਭਾ ਚੋਣਾਂ ਤੋਂ ਹੀ ਲਾਗੂ ਕਰਨ ਲਈ ਨਾਰੀ ਸ਼ਕਤੀ ਵੰਦਨ ਕਾਨੂੰਨ ਵਿੱਚ ਸੋਧਾਂ ਦੀ ਲੋੜ ਹੈ। ਇਸੇ ਲਈ ਸਰਕਾਰ ਨੇ ਇਹ ਸੋਧਾਂ ਪਾਸ ਕਰਨ ਲਈ ਵਿਸ਼ੇਸ਼ ਸੈਸ਼ਨ ਬੁਲਾਇਆ ਹੈ।

## ਸੰਤ ਸੀਚੇਵਾਲ ਦੇ ਯਤਨਾਂ ਸਦਕਾ ਰਸ਼ੀਆ ਤੋਂ...

ਦਖ਼ਲਅੰਦਾਜ਼ੀ ਸਦਕਾ ਨਾ ਸਿਰਫ ਅਸ਼ੋਕ ਕੁਮਾਰ, ਸਗੋਂ ਖਰੜ ਅਤੇ ਗੋਇੰਦਵਾਲ ਸਾਹਿਬ ਨਾਲ ਸੰਬੰਧਿਤ ਦੋਵੇਂ ਨੌਜਵਾਨਾਂ ਨੂੰ ਵੀ ਸੁਰੱਖਿਅਤ ਤੌਰ 'ਤੇ ਵਾਪਸ ਭਾਰਤ ਲਿਆਇਆ ਗਿਆ। ਵਾਪਸੀ 'ਤੇ ਤਿੰਨਾਂ ਨੌਜਵਾਨਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੇ ਸੁੱਖ ਦਾ ਸਾਹ ਲਿਆ ਅਤੇ ਰਾਜ ਸਭਾ ਮੈਂਬਰ ਬਲਬੀਰ ਸਿੰਘ ਸੀਚੇਵਾਲ ਦਾ ਦਿਲੋਂ ਧੰਨਵਾਦ ਕੀਤਾ, ਜਿਨ੍ਹਾਂ ਨੇ ਮੁਸ਼ਕਲ ਵੇਲੇ ਵਿੱਚ ਉਨ੍ਹਾਂ ਲਈ ਮਸੀਹਾ ਬਣ ਕੇ ਕੰਮ ਕੀਤਾ। ਮੀਡੀਆ ਨਾਲ ਗੱਲਬਾਤ ਕਰਦਿਆਂ ਬਲਬੀਰ ਸਿੰਘ ਸੀਚੇਵਾਲ ਨੇ ਪੰਜਾਬ ਦੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ 'ਉਹ ਟ੍ਰੈਵਲ ਏਜੰਟਾਂ ਦੇ ਝਾਂਸੇ ਵਿੱਚ ਨਾ ਆਉਣ ਅਤੇ ਸਿਰਫ ਕਾਨੂੰਨੀ ਅਤੇ ਸਹੀ ਤਰੀਕੇ ਨਾਲ ਹੀ ਵਿਦੇਸ਼ ਜਾਣ। ਨਹੀਂ ਤਾਂ ਅਜਿਹੇ ਹਾਲਾਤ ਪੈਦਾ ਹੋ ਸਕਦੇ ਹਨ ਜੋ ਜ਼ਿੰਦਗੀ ਲਈ ਵੱਡੀ ਸਜ਼ਾ ਬਣ ਜਾਂਦੇ ਹਨ। ਇਹ ਘਟਨਾ ਸਿਰਫ਼ ਇੱਕ ਕਹਾਣੀ ਨਹੀਂ, ਸਗੋਂ ਹਰ ਉਸ ਨੌਜਵਾਨ ਲਈ ਚਿਤਾਵਨੀ ਹੈ ਜੋ ਵਿਦੇਸ਼ ਦੇ ਸੁਫਨੇ ਦੇਖਦਾ ਹੈ,ਸਹੀ ਰਸਤਾ ਚੁਣੋ, ਨਹੀਂ ਤਾਂ ਸੁਫਨੇ ਡਰਾਉਣੀ ਹਕੀਕਤ ਬਣ ਸਕਦੇ ਹਨ।'

## ਘਰੇਲੂ ਝਗੜਿਆਂ ਤੋਂ ਤੰਗ ਆ ਕੇ ਨੌਜਵਾਨ...

ਸੂਚਨਾ ਮਿਲਣ 'ਤੇ ਪੁਲਿਸ ਤੁਰੰਤ ਮੌਕੇ 'ਤੇ ਪਹੁੰਚੀ ਅਤੇ ਸਥਿਤੀ ਨੂੰ ਕਾਬੂ ਵਿੱਚ ਲਿਆ। ਪੁਲਿਸ ਵੱਲੋਂ ਪਤਨੀ ਅਤੇ ਉਸਦੇ ਭਰਾਵਾਂ ਨੂੰ ਹਿਰਾਸਤ ਵਿੱਚ ਲੈ ਕੇ ਪੁੱਛਗਿੱਛ ਕੀਤੀ ਜਾ ਰਹੀ ਹੈ। ਇਸੇ ਦੌਰਾਨ, ਮ੍ਰਿਤਕ ਦੇ ਪਰਿਵਾਰਕ ਮੈਂਬਰ ਇਨਸਾਫ ਦੀ ਮੰਗ ਕਰ ਰਹੇ ਹਨ ਅਤੇ ਦੋਸ਼ੀਆਂ ਖਿਲਾਫ ਸਖ਼ਤ ਕਾਰਵਾਈ ਦੀ ਅਪੀਲ ਕਰ ਰਹੇ ਹਨ।

## ਖਰੀਦ ਏਜੰਸੀਆਂ ਦੇ ਫੀਲਡ ਸਟਾਫ ਵੱਲੋਂ...

ਦਬਾਅ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕਮੇਟੀ ਨੇ ਮੰਗ ਕੀਤੀ ਹੈ ਕਿ ਸਰਕਾਰ ਕਣਕ ਦੀ ਖਰੀਦ ਲਈ ਅਧੀਨ ਮਾਪਦੰਡਾਂ ਵਿਚ ਢਿੱਲ ਦੇਵੇ ਅਤੇ ਐੱਫ.ਸੀ.ਆਈ. ਵੱਲੋਂ ਕਣਕ ਦੀ ਡਿਲੀਵਰੀ ਸਮੇਂ ਕੀਤੀ ਜਾਂਦੀ ਸਟੋਰੇਜ ਗੇਨ ਦੀ ਕਟੌਤੀ ਨੂੰ ਤੁਰੰਤ ਖ਼ਤਮ ਕੀਤਾ ਜਾਵੇ। ਜਥੇਬੰਦੀਆਂ ਨੇ ਸਪੱਸ਼ਟ ਕੀਤਾ ਹੈ ਕਿ ਜਦੋਂ ਤੱਕ ਇਹ ਮੰਗਾਂ ਪੂਰੀਆਂ ਨਹੀਂ ਹੁੰਦੀਆਂ, ਸਮੂਹ ਫੀਲਡ ਸਟਾਫ ਵੱਲੋਂ ਕਣਕ ਦੀ ਖਰੀਦ ਦਾ ਕੰਮ ਬੰਦ ਰੱਖਿਆ ਜਾਵੇਗਾ। ਇਸ ਫੈਸਲੇ ਨਾਲ ਸੂਬੇ ਦੀਆਂ ਮੰਡੀਆਂ ਵਿਚ ਕਣਕ ਦੀ ਖਰੀਦ ਪ੍ਰਕਿਰਿਆ ਪ੍ਰਭਾਵਿਤ ਹੋਵੇਗੀ।

## ਅੰਮ੍ਰਿਤਸਰ ਏਅਰਪੋਰਟ 'ਤੇ 'ਬਰਡ-ਹਿੱਟ'...

ਚੁੱਕਣੇ ਬਹੁਤ ਜ਼ਰੂਰੀ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਪਿਛਲੀ ਮੀਟਿੰਗ 22 ਮਈ 2025 ਨੂੰ ਹੋਈ ਸੀ, ਜਿਸ ਤੋਂ ਬਾਅਦ ਹੁਣ ਤੱਕ ਕੀਤੇ ਗਏ ਸੁਰੱਖਿਆ ਉਪਾਵਾਂ ਦੀ ਸਮੀਖਿਆ ਵੀ ਇਸ ਬੈਠਕ 'ਚ ਕੀਤੀ ਗਈ। ਏਅਰਪੋਰਟ ਡਾਇਰੈਕਟਰ ਭੁਪਿੰਦਰ ਸਿੰਘ ਨੇ ਦੱਸਿਆ ਕਿ ਇਸ ਮੀਟਿੰਗ 'ਚ ਪੰਛੀਆਂ ਦੇ ਖ਼ਤਰੇ ਦੇ ਨਾਲ-ਨਾਲ ਕਈ ਆਧੁਨਿਕ ਚੁਣੌਤੀਆਂ 'ਤੇ ਵੀ ਗੰਭੀਰਤਾ ਨਾਲ ਵਿਚਾਰ ਕੀਤਾ ਗਿਆ। ਉਨ੍ਹਾਂ ਕਿਹਾ ਕਿ ਏਅਰਪੋਰਟ 'ਤੇ ਲੈਂਡਿੰਗ ਅਤੇ ਟੇਕ-ਆਫ਼ ਦੌਰਾਨ ਹਰ ਗਤੀਵਿਧੀ 'ਤੇ ਤਿੱਖੀ ਨਿਗਰਾਨੀ ਰੱਖੀ ਜਾਂਦੀ ਹੈ। ਲੈਂਡਿੰਗ ਅਤੇ ਟੇਕ-ਆਫ਼ ਸਮੇਂ ਜਹਾਜ਼ਾਂ 'ਤੇ ਲੇਜ਼ਰ ਲਾਈਟ ਮਾਰਨ ਵਾਲੀਆਂ ਘਟਨਾਵਾਂ 'ਤੇ ਰੋਕ ਲਾਉਣ 'ਤੇ ਵੀ ਜ਼ੋਰ ਦਿੱਤਾ ਗਿਆ। ਦੱਸਿਆ ਗਿਆ ਕਿ ਇਸ ਨਾਲ ਪਾਇਲਟਾਂ ਦੀ ਦ੍ਰਿਸ਼ਟੀ ਪ੍ਰਭਾਵਿਤ ਹੁੰਦੀ ਹੈ, ਜੋ ਸੁਰੱਖਿਆ ਲਈ ਖ਼ਤਰਨਾਕ ਹੈ। ਹਵਾਈ ਅੱਡੇ ਦੇ ਪਾਬੰਦੀਸ਼ੁਦਾ ਖੇਤਰਾਂ 'ਚ ਗੈਰ-ਅਧਿਕਾਰਤ ਡ੍ਰੋਨ ਉਡਾਣਾਂ 'ਤੇ ਸਖ਼ਤੀ ਕਰਨ ਦੇ ਨਿਰਦੇਸ਼ ਦਿੱਤੇ ਗਏ। ਏਅਰਪੋਰਟ ਦੇ ਨੇੜੇ ਨਿਯਮਾਂ ਖ਼ਿਲਾਫ਼ ਹੋ ਰਹੇ ਨਿਰਮਾਣ ਕੰਮਾਂ 'ਤੇ ਵੀ ਖੁੱਲ੍ਹ ਕੇ ਚਰਚਾ ਕੀਤੀ ਗਈ। ਹਵਾਈ ਅੱਡੇ ਦੇ ਆਲੇ-ਦੁਆਲੇ ਮੌਜੂਦ ਗੈਰ-ਕਾਨੂੰਨੀ ਝੁੱਗੀਆਂ-ਬਸਤੀਆਂ ਅਤੇ ਬੁੱਚੜਖਾਨਿਆਂ ਕਾਰਨ ਪੰਛੀ ਹਵਾਈ ਅੱਡੇ ਵੱਲ ਆਕਰਸ਼ਿਤ ਹੁੰਦੇ ਹਨ ਮੀਟਿੰਗ 'ਚ ਕਿਹਾ ਗਿਆ ਕਿ ਖੁੱਲ੍ਹੇ 'ਚ ਸੁੱਟਿਆ ਕੂੜਾ-ਕਰਕਟ, ਪਸ਼ੂਆਂ ਦੇ ਅਵਸ਼ੇਸ਼ ਅਤੇ ਖੁੱਲ੍ਹਾ ਸੀਵਰੇਜ ਹੀ ਇਸ ਦਾ ਮੁੱਖ ਕਾਰਨ ਹਨ।

## ਸਿਆਸੀ ਲਾਹੇ ਲਈ ਸਰਕਾਰ ਕਰ...

ਚਰਚਾ ਬੇਮਾਇਨੇ ਹੈ। ਖੜਗੇ ਨੇ ਮੰਗ ਕੀਤੀ ਹੈ ਕਿ 29 ਅਪਰੈਲ ਨੂੰ ਮੌਜੂਦਾ ਵਿਧਾਨ ਸਭਾ ਚੋਣਾਂ ਖ਼ਤਮ ਹੋਣ ਤੋਂ ਬਾਅਦ ਇੱਕ ਸਰਬ ਪਾਰਟੀ ਮੀਟਿੰਗ ਬੁਲਾ ਕੇ ਸੰਵਿਧਾਨਕ ਸੋਧਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਜਾਵੇ। ਉਨ੍ਹਾਂ ਚਿੱਠੀ ਵਿੱਚ ਲਿਖਿਆ ਕਿ ਨੋਟਬੰਦੀ, ਜੀਐਸਟੀ ਅਤੇ ਮਰਦਮਸ਼ੁਮਾਰੀ ਵਰਗੇ ਮੁੱਦਿਆਂ 'ਤੇ ਸਰਕਾਰ ਦਾ ਪਿਛਲਾ ਰਿਕਾਰਡ ਭਰੋਸੇਯੋਗ ਨਹੀਂ ਰਿਹਾ। ਜ਼ਿਕਰਯੋਗ ਹੈ ਕਿ ਸਰਕਾਰ 16 ਅਪ੍ਰੈਲ ਤੋਂ ਸੰਸਦ ਦਾ ਤਿੰਨ ਦਿਨਾਂ ਵਿਸ਼ੇਸ਼ ਸੈਸ਼ਨ ਬੁਲਾ ਰਹੀ ਹੈ, ਜਿਸ ਵਿੱਚ ਲੋਕ ਸਭਾ ਸੀਟਾਂ ਦੀ ਗਿਣਤੀ ਵਧਾ ਕੇ 816 ਕਰਨ ਅਤੇ 273 ਸੀਟਾਂ ਔਰਤਾਂ ਲਈ ਰਾਖਵੀਆਂ ਕਰਨ ਦੀ ਯੋਜਨਾ ਹੈ। ਕਾਂਗਰਸ ਨੇ ਇਸ ਕਦਮ ਨੂੰ ਗੈਰ-ਸੰਵਿਧਾਨਕ ਦੱਸਦਿਆਂ 15 ਅਪ੍ਰੈਲ ਨੂੰ ਵਿਰੋਧੀ ਪਾਰਟੀਆਂ ਦੀ ਸਾਂਝੀ ਮੀਟਿੰਗ ਬੁਲਾਈ ਹੈ।

## ਇਰਾਨ ਨੇ ਹੋਰਮੁਜ਼ ਤੋਂ ਵਾਪਸ ਮੋੜੇ...

ਸ਼ਿਪਿੰਗ ਕਾਰਪੋਰੇਸ਼ਨ ਦੇ ਦੋ ਜਹਾਜ਼, 'ਸ਼ਾਲੀਮਾਰ' ਅਤੇ 'ਖੈਰਪੁਰ', ਜੋ ਕੱਚਾ ਤੇਲ ਲੈ ਕੇ ਆ ਰਹੇ ਸਨ, ਨੂੰ ਇਰਾਨੀ ਅਧਿਕਾਰੀਆਂ ਨੇ ਹੋਰਮੁਜ਼ 'ਤੇ ਰੋਕ ਲਿਆ ਹੈ। ਇਹ ਦੋਵੇਂ ਜਹਾਜ਼ ਇਰਾਨ ਦੁਆਰਾ ਬਣਾਏ ਗਏ ਨਵੇਂ 'ਆਈਆਰਜੀਸੀ ਸੇਫ਼ ਰੂਟ' ਰਾਹੀਂ ਲੰਘਣ ਦੀ ਕੋਸ਼ਿਸ਼ ਕਰ ਰਹੇ ਸਨ। ਇਰਾਨੀ ਜਲ ਸੈਨਾ ਨੇ ਇਨ੍ਹਾਂ ਨੂੰ ਅੱਗੇ ਵਧਣ ਦੀ ਇਜਾਜ਼ਤ ਨਹੀਂ ਦਿੱਤੀ, ਜਿਸ ਤੋਂ ਬਾਅਦ ਇਨ੍ਹਾਂ ਜਹਾਜ਼ਾਂ ਨੂੰ ਵਿਚਕਾਰੋਂ ਹੀ ਮੁੜਨਾ ਪਿਆ। ਹਾਲਾਂਕਿ ਇਰਾਨ ਨੇ ਅਜੇ ਕੋਈ ਅਧਿਕਾਰਤ ਬਿਆਨ ਜਾਰੀ ਨਹੀਂ ਕੀਤਾ ਹੈ, ਪਰ ਸੂਤਰਾਂ ਅਨੁਸਾਰ ਇਰਾਨ ਨੇ ਨਵੇਂ 'ਕਲੀਅਰੈਂਸ ਕੋਡ' ਅਤੇ 'ਸੁਰੱਖਿਆ ਟੈਕਸ' ਦੀ ਮੰਗ ਕੀਤੀ ਹੈ। ਦੱਸਿਆ ਜਾ ਰਿਹਾ ਹੈ ਕਿ ਗੱਲਬਾਤ ਅਸਫਲ ਹੋਣ ਤੋਂ ਬਾਅਦ ਇਰਾਨ ਹੁਣ ਇਸ ਰਸਤੇ ਨੂੰ ਪੂਰੀ ਤਰ੍ਹਾਂ ਆਪਣੇ ਕੰਟਰੋਲ ਵਿੱਚ ਰੱਖਣਾ ਚਾਹੁੰਦਾ ਹੈ।

ਇਹ ਘਟਨਾ ਪਾਕਿਸਤਾਨ ਲਈ ਇੱਕ ਵੱਡਾ ਝਟਕਾ ਹੈ ਕਿਉਂਕਿ ਪਾਕਿਸਤਾਨ ਨੇ ਉਮੀਦ ਜਤਾਈ ਸੀ ਕਿ ਇਰਾਨ ਨਾਲ ਚੰਗੇ ਸਬੰਧਾਂ ਕਾਰਨ ਉਸ ਦੇ ਜਹਾਜ਼ਾਂ ਨੂੰ ਰਸਤਾ ਮਿਲਦਾ ਰਹੇਗਾ। ਟੈਂਕਰਾਂ ਦੇ ਮੁੜਨ ਕਾਰਨ ਪਾਕਿਸਤਾਨ ਵਿੱਚ ਤੇਲ ਦੀ ਕਿੱਲਤ ਵਧਣ ਦਾ ਖ਼ਤਰਾ ਪੈਦਾ ਹੋ ਗਿਆ ਹੈ। ਜਹਾਜ਼ਾਂ ਦਾ ਇਸ ਤਰ੍ਹਾਂ ਰੋਕਿਆ ਜਾਣਾ ਇਹ ਸੰਕੇਤ ਦਿੰਦਾ ਹੈ ਕਿ ਇਰਾਨ ਹੁਣ ਹੋਰਮੁਜ਼ ਦੇ ਰਸਤੇ ਨੂੰ ਇੱਕ 'ਹਥਿਆਰ' ਵਜੋਂ ਵਰਤ ਰਿਹਾ ਹੈ। ਜੇਕਰ ਪਾਕਿਸਤਾਨ ਵਰਗੇ ਦੋਸਤ ਦੇਸ਼ਾਂ ਦੇ ਜਹਾਜ਼ਾਂ ਨੂੰ ਵੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਤਾਂ ਆਉਣ ਵਾਲੇ ਦਿਨਾਂ ਵਿੱਚ ਗਲੋਬਲ ਵਪਾਰ ਲਈ ਇਹ ਬਹੁਤ ਵੱਡੀ ਚੁਣੌਤੀ ਬਣ ਸਕਦਾ ਹੈ।

## ਵੈਨਕੂਵਰ 'ਚ ਖਾਲਸਾ ਸਾਜਨਾ ਦਿਵਸ ਨੂੰ...

ਪ੍ਰਬੰਧਕਾਂ ਵੱਲੋਂ ਸਮੁੱਚੇ ਨਗਰ ਕੀਰਤਨ ਦੇ ਰੂਟ ਅਤੇ ਹੋਰਨਾਂ ਪ੍ਰਬੰਧਾਂ ਨੂੰ ਸਬੰਧੀ ਸੁਚੱਜੇ ਢੰਗ ਨਾਲ ਕਰਵਾਉਣ ਲਈ ਵਿਆਪਕ ਇੰਤਜਾਮ ਕੀਤੇ ਗਏ ਸਨ, ਜਦਕਿ ਸਥਾਨਕ ਪੁਲਿਸ ਅਤੇ ਵੈਨਕੂਵਰ ਸਿਟੀ ਦੇ ਸਾਂਝੇ ਸਹਿਯੋਗ ਨਾਲ ਟ੍ਰੈਫਿਕ ਸੰਬੰਧੀ ਬਦਲਵੇਂ ਰੂਟਾਂ ਦਾ ਪ੍ਰਬੰਧ ਕੀਤਾ ਗਿਆ ਸੀ। ਇਹ ਮਹਾਨ ਨਗਰ ਕੀਰਤਨ ਬ੍ਰਿਟਿਸ਼ ਕੋਲੰਬੀਆ ਸੂਬੇ ਦੇ ਸਭ ਤੋਂ ਵੱਡੇ ਧਾਰਮਿਕ ਸਮਾਗਮਾਂ 'ਚੋਂ ਇੱਕ ਗਿਣਿਆ ਜਾਂਦਾ ਹੈ ਅੱਜ ਦੇ ਨਗਰ ਕੀਰਤਨ 'ਚ ਬ੍ਰਿਟਿਸ਼ ਕੋਲੰਬੀਆ ਦੇ ਪ੍ਰੀਮੀਅਰ ਡੇਵਿਡ ਏ ਬੀ ਸਮੇਤ ਕਈ ਹੋਰ ਸਿਆਸੀ ਅਤੇ ਧਾਰਮਿਕ ਹਸਤੀਆਂ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ।

# ਵਿਧਾਇਕ ਪਰਗਟ ਸਿੰਘ ਨੇ ਜਲੰਧਰ ਛਾਉਣੀ ਵਿੱਚ ਸ਼੍ਰੀ ਸ਼ਿਵ ਮਹਾਪੂਰਨ ਗਿਆਨ ਯੱਗ ਵਿੱਚ ਕੀਤੀ ਸ਼ਿਰਕਤ, ਸੰਤਾਂ ਤੋਂ ਲਿਆ ਅਸ਼ੀਰਵਾਦ

**ਅਜਿਹੇ ਧਾਰਮਿਕ ਸਮਾਗਮ ਸਮਾਜ ਵਿੱਚ ਅਧਿਆਤਮਿਕਤਾ, ਨੈਤਿਕ ਕਦਰਾਂ-ਕੀਮਤਾਂ ਅਤੇ ਭਾਈਚਾਰੇ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ : ਪਰਗਟ ਸਿੰਘ**

ਜ਼ਿਕਰ ਪੰਜਾਬ
ਜਲੰਧਰ/ਬਿਊਰੋ

ਸਾਬਕਾ ਸਿੱਖਿਆ ਮੰਤਰੀ ਅਤੇ ਵਿਧਾਇਕ ਪਰਗਟ ਸਿੰਘ ਨੇ ਜਲੰਧਰ ਛਾਉਣੀ ਵਿੱਚ ਆਯੋਜਿਤ ਸ਼੍ਰੀ ਸ਼ਿਵ ਮਹਾਪੂਰਨ ਗਿਆਨ ਯੱਗ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਧਾਰਮਿਕ ਰਸਮਾਂ ਵਿੱਚ ਹਿੱਸਾ ਲਿਆ, ਸੰਤਾਂ ਦਾ ਅਸ਼ੀਰਵਾਦ ਪ੍ਰਾਪਤ ਕੀਤਾ ਅਤੇ ਸ਼ਰਧਾਲੂਆਂ ਦੇ ਨਾਲ ਭਗਵਾਨ ਸ਼ਿਵ ਦੇ ਗੁਣ ਗਾਏ। 4 ਅਪ੍ਰੈਲ ਨੂੰ ਸ਼ੁਰੂ ਹੋਇਆ ਇਹ ਬ੍ਰਹਮ ਗਿਆਨ ਯੱਗ ਆਚਾਰੀਆ ਮਹਾਮੰਡਲੇਸ਼ਵਰ ਸਵਾਮੀ ਆਤਮਾਨੰਦ ਪੁਰੀ ਦੀ ਸਰਪ੍ਰਸਤੀ ਹੇਠ ਸ਼੍ਰੀ ਸ਼ਿਵ ਮਹਾਪੂਰਨ ਦੀ ਕਥਾ ਦੇ ਕਥਨ ਨਾਲ ਆਯੋਜਿਤ ਕੀਤਾ ਜਾ ਰਿਹਾ ਹੈ। ਵੱਡੀ ਗਿਣਤੀ ਵਿੱਚ ਸ਼ਰਧਾਲੂ ਸਮਾਗਮ ਸਥਾਨ 'ਤੇ ਪਹੁੰਚ ਰਹੇ ਹਨ, ਅਧਿਆਤਮਿਕ ਗਿਆਨ ਪ੍ਰਾਪਤ ਕਰ ਰਹੇ ਹਨ ਅਤੇ ਧਾਰਮਿਕ ਮਾਹੌਲ ਦਾ ਆਨੰਦ ਮਾਣ ਰਹੇ ਹਨ। ਇਹ ਸ਼ਾਨਦਾਰ ਸਮਾਗਮ ਸ਼ਿਵ ਸ਼ਕਤੀ ਯੋਗ ਮਿਸ਼ਨ ਦੁਆਰਾ ਆਯੋਜਿਤ ਕੀਤਾ ਜਾ ਰਿਹਾ ਹੈ। ਇਸ ਸਮਾਗਮ ਵਿੱਚ ਸ਼ਾਮਲ ਵਿਧਾਇਕ ਪਰਗਟ ਸਿੰਘ ਨੇ ਇਸ ਸਮਾਗਮ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਅਜਿਹੇ ਧਾਰਮਿਕ ਇਕੱਠ ਸਮਾਜ ਵਿੱਚ ਅਧਿਆਤਮਿਕਤਾ, ਨੈਤਿਕ ਕਦਰਾਂ-ਕੀਮਤਾਂ ਅਤੇ ਭਾਈਚਾਰੇ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ। ਇਸ ਮੌਕੇ ਪਰਗਟ ਸਿੰਘ ਨੇ ਸੰਤਾਂ ਦਾ ਆਸ਼ੀਰਵਾਦ ਲਿਆ ਅਤੇ ਸ਼ਰਧਾ ਨਾਲ ਯੱਗ ਵਿੱਚ ਸ਼ਿਰਕਤ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ, ਜੋ ਭਗਵਾਨ ਸ਼ਿਵ ਦੀ ਮਹਿਮਾ ਫੈਲਾਉਂਦੇ ਹਨ ਅਤੇ ਲੋਕਾਂ ਨੂੰ ਧਾਰਮਿਕਤਾ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕਰਦੇ ਹਨ, ਸਮਾਜ ਲਈ ਬਹੁਤ ਪ੍ਰੇਰਨਾਦਾਇਕ ਹਨ। ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਸ਼ਰਧਾਲੂ ਮੌਜੂਦ ਸਨ ਅਤੇ ਪੂਰੇ ਕੰਪਲੈਕਸ ਵਿੱਚ ਇੱਕ ਭਗਤੀ ਵਾਲਾ ਮਾਹੌਲ ਸੀ। ਪ੍ਰਬੰਧਕਾਂ ਨੇ ਦੱਸਿਆ ਕਿ ਗਿਆਨ ਯੱਗ ਦੌਰਾਨ, ਰੋਜ਼ਾਨਾ ਸ਼੍ਰੀ ਸ਼ਿਵ ਮਹਾਪੁਰਾਣ ਕਥਾ ਦੇ ਪਾਠ, ਭਜਨ ਅਤੇ ਕੀਰਤਨ ਅਤੇ ਵਿਸ਼ੇਸ਼ ਧਾਰਮਿਕ ਰਸਮਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ, ਜੋ ਦੂਰ-ਦੂਰ ਤੋਂ ਸ਼ਰਧਾਲੂਆਂ ਨੂੰ ਆਕਰਸ਼ਿਤ ਕਰਦੇ ਹਨ। ਇਸ ਮੌਕੇ ਕਾਂਗਰਸ ਦੇ ਯੁਵਾ ਆਗੂ ਅਖਿਲ ਸੂਰੀ ਵੀ ਮੌਜੂਦ ਸਨ।




ਅਸ਼ਵਨੀ ਜੇਤਲੀ ਮਾਲਕ, ਐਡੀਟਰ/ਪ੍ਰਿੰਟਰ ਤੇ ਪਬਲਿਸ਼ਰ ਨੇ ਰੋਟਰੀ ਪ੍ਰਿੰਟਰਜ਼ ਤੋਂ ਛਪਵਾ ਕੇ ਦਫ਼ਤਰ ਜ਼ਿਕਰ ਪੰਜਾਬ (ਸਪਤਾਹਿਕ) 7, ਮਾਨਕ ਇਨਕਲੇਵ, ਧਾਂਦਰਾ ਰੋਡ, ਲੁਧਿਆਣਾ ਤੋਂ ਪ੍ਰਕਾਸ਼ਿਤ ਕੀਤਾ।
Published, Printed & Owned by Ashwani Jaitly Published at 7, Manak Enclave, Dhandra Road, Ludhiana, Punjab State Printed at Rotary Printers, Kot Almgir, Ludhiana, Punjab State Editor- Ashwani Jaitly

ਸੰਪਾਦਕੀ

# ਬੋਰਸਰ ਵਾਸੀਆਂ ਦੀ ਵਿਲੱਖਣ ਪਹਿਲ ਨੂੰ ਸਲਾਮ !

ਮੱਧ ਪ੍ਰਦੇਸ਼ ਦੇ ਇੱਕ ਛੋਟੇ ਜਿਹੇ ਪਿੰਡ ਤੋਂ ਵੱਡੀ ਖਬਰ ਹੈ, ਜਿਸਨੇ ਹਰ ਸੰਵੇਦਨਸ਼ੀਲ ਵਿਅਕਤੀ ਨੂੰ ਇਹ ਸੰਕੇਤ ਦਿੱਤਾ ਹੈ ਕਿ ਆਓ ਭਾਈ ਸਾਰੇ ਰਲ ਮਿਲ ਕੇ ਇਕ ਸੁਥਰਾ ਸਮਾਜ ਸਿਰਜੀਏ, ਜਿਸ ਵਿਚ ਜ਼ੁਬਾਨ ਤੋਂ ਨਿਕਲਣ ਵਾਲੇ ਬੇਹੂਦਾ ਸ਼ਬਦਾਂ ਲਈ ਕੋਈ ਥਾਂ ਨਾ ਹੋਵੇ। ਇਸ ਲੇਖ ਦਾ ਕੇਂਦਰ ਬਿੰਦੂ ਸਮਾਜਿਕ ਵਰਤਾਰੇ ਨੂੰ ਗਰਿਮਾਮਈ ਬਣਾਉਣ ਲਈ ਯਤਨਸ਼ੀਲ ਹੋਣ ਵਾਲੇ ਲੋਕਾਂ ਪ੍ਰਤੀ ਸਤਿਕਾਰ ਅਤੇ ਧੰਨਵਾਦ ਪ੍ਰਗਟ ਕਰਦੇ ਹੋਏ ਆਪਣੇ ਆਗੂਆਂ,ਜਿਨ੍ਹਾਂ ਨੂੰ ਕਿ ਸਮਾਜ ਦੇ ਰਾਹਦਸੇਰੇ ਸਮਝਿਆ ਜਾਂਦਾ ਹੈ, ਪਰ ਉਹ ਖੁਦ ਹੀ ਨੈਤਿਕਤਾ ਦਾ ਰਾਹ ਭੁੱਲੀ ਬੈਠੇ ਹਨ, ਨੂੰ ਇਸ ਖਬਰ ਤੋਂ ਸੇਧ ਲੈਣ ਲਈ ਪ੍ਰੇਰਿਤ ਕਰਨਾ ਹੈ।



ਮੱਧ ਪ੍ਰਦੇਸ਼ ਦੇ ਬੁਰਹਾਨਪੁਰ ਜ਼ਿਲ੍ਹੇ ਦਾ ਬੋਰਸਰ ਪਿੰਡ ਇਨ੍ਹੀਂ ਦਿਨੀਂ ਅਪਸ਼ਬਦ ਭਾਸ਼ਾ ਦੀ ਵਰਤੋਂ ਵਿਰੁੱਧ ਆਪਣੀ ਵਿਲੱਖਣ ਪਹਿਲਕਦਮੀ ਲਈ ਖ਼ਬਰਾਂ ਵਿੱਚ ਹੈ। ਪਿੰਡ ਦੀ ਪੰਚਾਇਤ ਨੇ ਬੋਰਸਰ ਨੂੰ 'ਗਾਲ੍ਹੀ ਗਲੋਚ ਮੁਕਤ (ਐਬਿਊਜ਼ ਫ?ਰੀ) ਪਿੰਡ' ਐਲਾਨਿਆ ਹੈ ਅਤੇ ਫੈਸਲਾ ਕੀਤਾ ਹੈ ਕਿ ਜੋ ਵੀ ਕੋਈ ਮਾਵਾਂ ਅਤੇ ਭੈਣਾਂ ਵਿਰੁੱਧ ਅਪਸ਼ਬਦ ਬੋਲਦਾ ਤੇ ਗਲਤ ਭਾਸ਼ਾ ਦੀ ਵਰਤੋਂ ਕਰਦਾ ਪਾਇਆ ਗਿਆ, ਉਸਨੂੰ ਜਾਂ ਤਾਂ 500 ਰੁਪਏ ਜੁਰਮਾਨਾ ਭਰਨਾ ਪਵੇਗਾ ਜਾਂ ਇੱਕ ਘੰਟੇ ਲਈ ਪੂਰੇ ਪਿੰਡ ਦੀ ਸਫਾਈ ਕਰਨੀ ਪਵੇਗੀ। ਮੱਧ ਪ੍ਰਦੇਸ਼ ਦੇ ਪਹਿਲੇ ਦੁਰਵਿਵਹਾਰ ਮੁਕਤ ਪਿੰਡ ਬਣੇ ਬੋਰਸਰ ਦੀ ਗ੍ਰਾਮ ਪੰਚਾਇਤ ਬੁਰਹਾਨਪੁਰ ਜ਼ਿਲ੍ਹਾ ਮੁੱਖ ਦਫਤਰ ਤੋਂ ਲਗਭਗ 20 ਕਿਲੋਮੀਟਰ ਦੂਰ ਸਥਿਤ ਪਿੰਡ ਵਿੱਚ ਹਰ ਜਗ?ਹਾ ਪੋਸਟਰ ਅਤੇ ਬੈਨਰ ਦਿਖਾਈ ਦੇ ਰਹੇ ਹਨ, ਜਿਸ ਵਿੱਚ ਬੋਰਸਰ ਨੂੰ 'ਮੱਧ ਪ੍ਰਦੇਸ਼ ਦਾ ਪਹਿਲਾ ਦੁਰਵਿਵਹਾਰ ਮੁਕਤ ਪਿੰਡ' ਐਲਾਨਿਆ ਗਿਆ ਹੈ। ਪਿੰਡ ਦੇ ਡਿਪਟੀ ਸਰਪੰਚ ਵਿਨੋਦ ਸ਼ਿੰਦੇ ਅਨੁਸਾਰ ਗ੍ਰਾਮ ਪੰਚਾਇਤ ਰਾਹੀਂ ਇੱਕ ਮਤਾ ਪਾਸ ਕੀਤਾ ਗਿਆ ਹੈ ਕਿ ਪਿੰਡ ਵਿੱਚ ਅਪਸ਼ਬਦ ਭਾਸ਼ਾ ਦੀ ਵਰਤੋਂ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਜੁਰਮਾਨਾ ਭਰਨਾ ਪਵੇਗਾ ਜਾਂ ਪਿੰਡ ਦੀ ਸਫਾਈ ਕਰਨੀ ਪਵੇਗੀ। ਲਗਭਗ 6,000 ਦੀ ਆਬਾਦੀ ਵਾਲੇ ਇਸ ਪਿੰਡ ਦੀਆਂ ਔਰਤਾਂ ਇਸ ਪਹਿਲਕਦਮੀ ਦੀ ਸ਼ਲਾਘਾ ਕਰ ਰਹੀਆਂ ਹਨ, ਕਿਉਂਕਿ ਇਹ ਗੱਲ ਹੈ ਹੀ ਸ਼ਲਾਘਾਯੋਗ। ਇਸ ਪਹਿਲਕਦਮੀ ਤੋਂ ਉਹਨਾਂ ਨੇਤਾਵਾਂ ਨੂੰ ਆਪਣੀ ਜ਼ੁਬਾਨ ਤੇ ਕੰਟਰੋਲ ਰੱਖਣ ਦਾ ਅਹਿਸਾਸ ਕਰਨਾ ਚਾਹੀਦਾ ਹੈ ਜੋ ਆਪਣੇ ਵਿਰੋਧੀਆਂ ਵਿਰੁੱਧ ਬੋਲਣ ਸਮੇਂ ਬੇਲਗਾਮ ਹੋ ਕੇ ਗੰਦੀ ਭਾਸ਼ਾ ਦਾ ਇਸਤੇਮਾਲ ਕਰਨ ਲੱਗਿਆਂ ਇਹ ਵੀ ਨਹੀਂ ਸੋਚਦੇ ਕਿ ਉਹਨਾਂ ਦੇ ਇਹਨਾਂ ਸ਼ਬਦਾਂ ਦਾ ਨਵੀਂ ਪੀੜ੍ਹੀ ਉਪਰ ਕੀ ਅਸਰ ਪਵੇਗਾ? ਇਸ ਬਾਰੇ ਮਿਸਾਲਾਂ ਤਾਂ ਬਹੁਤ ਹਨ ਪਰ ਸਭ ਦਾ ਜ਼ਿਕਰ ਕਰਨ ਲੱਗੇ ਤਾਂ ਲੇਖ ਲੰਬਾ ਹੋ ਜਾਵੇਗਾ, ਇਸਲਈ ਸਿਰਫ ਹਾਲ ਹੀ ਵਿਚ ਇਕ ਸੂਬੇ ਦੇ ਮੁੱਖ ਮੰਤਰੀ ਵਲੋਂ ਬਹੁਤ ਅਸਾਨ ਢੰਗ ਨਾਲ ਬੋਲੇ ਗਏ ਅਸ਼ਲੀਲ ਸ਼ਬਦ ਬਾਰੇ ਗੱਲ ਕਰਨੀ ਹੀ ਕਾਫੀ ਹੈ। ਇਸ ਸ਼ਬਦ ਨੂੰ ਬੋਲਣ ਲੱਗੇ ਉਸਨੂੰ ਭਾਵੇਂ ਕੋਈ ਖੇੜਾ ਖੁਸ਼ੀ ਮਿਲੀ ਹੋਵੇ ਪਰ ਉਸਦੀ ਗੰਦੀ ਸੋਚ ਨੂੰ ਜ਼ਰੂਰ ਦਰਸਾ ਗਈ। ਸੋ ਭਾਈ ਰਾਜਨੇਤਾਓ ਮਾੜੀ ਮੋਟੀ ਅਕਲ ਇਸ ਪਿੰਡ ਦੇ ਲੋਕਾਂ ਤੋਂ ਹੀ ਲੈ ਲਵੋ। ਉਮੀਦ ਹੈ ਕਿ ਬੋਰਸਰ ਦੀ ਇਸ ਪਹਿਲਕਦਮੀ ਦੀ ਪੈੜ ਦੂਸਰੇ ਪਿੰਡ ਵੀ ਨੱਪਣਗੇ ਅਤੇ ਸਾਡੇ ਸੂਬਿਆਂ ਦੀਆਂ ਵਿਧਾਨ ਸਭਾਵਾਂ ਤੇ ਸੰਸਦ ਵਿਚ ਵੀ ਇਸਦਾ ਅਨੁਸਰਣ ਕੀਤਾ ਜਾਵੇਗਾ।

- ਅਸ਼ਵਨੀ ਜੇਤਲੀ

# ਆਸ਼ਾ ਭੋਸਲੇ ਨੂੰ ਸ਼ਰਧਾਂਜਲੀ : ਸੱਤ ਦਹਾਕਿਆਂ ਦੇ ਸੁਰੀਲੇ ਸਫ਼ਰ ਦਾ ਅੰਤ



ਜ਼ਿਕਰ ਪੰਜਾਬ

ਭਾਰਤੀ ਸੰਗੀਤ ਜਗਤ ਲਈ ਅੱਜ ਦਾ ਦਿਨ ਬਹੁਤ ਹੀ ਦੁਖਦਾਈ ਖ਼ਬਰ ਲੈ ਕੇ ਆਇਆ। ਮਹਾਨ ਗਾਇਕਾ ਆਸ਼ਾ ਭੋਸਲੇ ਦਾ 92 ਸਾਲ ਦੀ ਉਮਰ ਵਿੱਚ ਦਿਹਾਂਤ ਹੋ ਗਿਆ। ਜਦੋਂ ਵੀ ਸੁਰਾਂ, ਰਾਗਾਂ ਅਤੇ ਸੁਰੀਲੀ ਆਵਾਜ਼ ਦੀ ਗੱਲ ਹੋਵੇਗੀ ਤਾਂ ਆਸ਼ਾ ਭੋਸਲੇ ਦਾ ਨਾਮ ਆਪਣੇ ਆਪ ਜ਼ੁਬਾਨ 'ਤੇ ਆ ਜਾਵੇਗਾ। ਉਹ ਸਿਰਫ਼ ਇੱਕ ਗਾਇਕਾ ਨਹੀਂ ਸਨ, ਸਗੋਂ ਸੰਗੀਤ ਦਾ ਇੱਕ ਜੀਉਂਦਾ ਜਾਗਦਾ ਇਤਿਹਾਸ ਸਨ, ਜਿਨ੍ਹਾਂ ਨੇ ਆਪਣੇ ਸੁਰਾਂ ਨਾਲ ਸੱਤ ਦਹਾਕਿਆਂ ਤਕ ਕਈ ਪੀੜ੍ਹੀਆਂ ਨੂੰ ਰੰਗਿਆ।

8 ਸਤੰਬਰ 1933 ਨੂੰ ਮਹਾਰਾਸ਼ਟਰ ਦੇ ਸਾਂਗਲੀ 'ਚ ਜਨਮੀ ਆਸ਼ਾ ਭੋਸਲੇ ਦਾ ਸਬੰਧ ਇੱਕ ਸੰਗੀਤਮਈ ਪਰਿਵਾਰ ਨਾਲ ਸੀ। ਉਨ੍ਹਾਂ ਦੇ ਪਿਤਾ ਦੀਨਾਨਾਥ ਮੰਗੇਸ਼ਕਰ ਪ੍ਰਸਿੱਧ ਗਾਇਕ ਅਤੇ ਰੰਗਮੰਚ ਕਲਾਕਾਰ ਸਨ। ਵੱਡੀ ਭੈਣ ਲਤਾ ਮੰਗੇਸ਼ਕਰ ਪਹਿਲਾਂ ਹੀ ਸੰਗੀਤ ਜਗਤ ਵਿੱਚ ਆਪਣੀ ਪਛਾਣ ਬਣਾ ਚੁੱਕੀ ਸੀ, ਪਰ ਆਸ਼ਾ ਭੋਸਲੇ ਨੇ ਆਪਣੇ ਲਈ ਇੱਕ ਵੱਖਰਾ ਰਸਤਾ ਚੁਣਿਆ। ਉਹਨਾਂ ਨੇ ਸਾਬਤ ਕੀਤਾ ਕਿ ਆਪਣੀ ਮਿਹਨਤ ਅਤੇ ਲਗਨ ਨਾਲ ਹਰ ਇਨਸਾਨ ਆਪਣੀ ਵੱਖਰੀ ਪਛਾਣ ਬਣਾ ਸਕਦਾ ਹੈ।

ਆਸ਼ਾ ਭੋਸਲੇ ਦੀ ਆਵਾਜ਼ ਵਿੱਚ ਇੱਕ ਅਨੋਖੀ ਲਚਕ ਅਤੇ ਮਿਠਾਸ ਸੀ। ਉਹ ਕਿਸੇ ਇੱਕ ਹੀ ਸ਼ੈਲੀ ਤੱਕ ਸੀਮਿਤ ਨਹੀਂ ਰਹੀ। ਜਿੱਥੇ ਇੱਕ ਪਾਸੇ ਉਹ ਗ਼ਜ਼ਲਾਂ ਨੂੰ ਰੂਹਾਨੀ ਅਹਿਸਾਸ ਦੇ ਸਕਦੀ ਸੀ, ਉੱਥੇ ਦੂਜੇ ਪਾਸੇ ਉਹ ਚੁਸਤ ਤੇ ਜੋਸ਼ ਭਰੇ ਗੀਤਾਂ ਨੂੰ ਵੀ ਆਪਣੇ ਅੰਦਾਜ਼ ਨਾਲ ਜ਼ਿੰਦਗੀ ਦਿੰਦੀ ਸੀ। "ਪੀਆ ਤੂੰ ਅਬ ਤੋ ਆਜਾ , "ਦਮ ਮਾਰੋ ਦਮ , "ਚੁਰਾ ਲਿਆ ਹੈ ਤੁਮਨੇ , "ਇਨ ਆਂਖੋਂ ਦੀ ਮਸਤੀ , "ਦਿਲ ਚੀਜ਼ ਕਿਆ ਹੈ , 'ਦਸ ਮੇਰਿਆ ਦਿਲਬਰਾ ਵੇ', 'ਯਾਰੀ ਹਾਣ ਦੇ ਮੁੰਡੇ ਨਾਲ ਲਾਉਣੀ-ਅਮੀਰੀ ਦਾ ਤੂੰ ਮਾਣ ਨਾ ਕਰੀਂ', 'ਪਹਿਲੀ ਪਹਿਲੀ ਵਾਰ ਮੈਨੂੰ', 'ਮੈਨੂੰ ਚੂੜੀਆਂ ਚੜ੍ਹਾਦੇ ਚੰਨ ਵੇ ਮੈਂ ਛਮ ਛਮ ਨੱਚਦੀ ਫਿਰਾਂ' ਵਰਗੇ ਗੀਤ ਅੱਜ ਵੀ ਉਨ੍ਹਾਂ ਦੀ ਕਲਾ ਦੇ ਗਵਾਹ ਹਨ। ਭਾਰਤੀ ਸੰਗੀਤ ਦੇ ਸੁਹਣੇ ਅਸਮਾਨ 'ਚ ਚਮਕਦੀ ਸੁਰਾਂ ਦੀ ਮਲਿਕਾ ਆਸ਼ਾ ਭੋਸਲੇ ਦੀ ਸ਼ੁਰੂਆਤੀ ਯਾਤਰਾ ਸੰਘਰਸ਼ ਅਤੇ ਸਬਰ ਨਾਲ ਭਰੀ ਰਹੀ। 1950 ਦੇ ਦਹਾਕੇ ਵਿੱਚ, ਜਦੋਂ ਬਾਲੀਵੁੱਡ ਵਿੱਚ ਕਈ ਮਸ਼ਹੂਰ ਪਲੇਅਬੈਕ ਗਾਇਕਾਂ ਦਾ ਰਾਜ ਸੀ, ਉਸ ਵੇਲੇ ਆਸ਼ਾ ਨੇ ਆਪਣੇ ਹੁਨਰ ਨੂੰ ਸਾਬਤ ਕਰਨ ਲਈ ਬੇਹਿਸਾਬ ਗੀਤ ਗਾਏ। ਪਰ ਇਹਨਾਂ ਵਿੱਚੋਂ ਜ਼ਿਆਦਾਤਰ ਗੀਤ ਘੱਟ ਬਜਟ ਵਾਲੀਆਂ ਫ਼ਿਲਮਾਂ ਦਾ ਹਿੱਸਾ ਰਹੇ ਜਿਸ ਕਾਰਨ ਇਨ੍ਹਾਂ ਨੂੰ ਕੋਈ ਵੀ ਵੱਡੀ ਪਛਾਣ ਨਹੀਂ ਮਿਲੀ। ਉਸਦੇ ਮੁੱਢਲੇ ਗੀਤ ਕਈ ਪ੍ਰਸਿੱਧ ਸੰਗੀਤਕਾਰਾਂ ਸੁਰਬੱਧਤਾ ਹੇਠ ਬਣੇ। ਫੇਰ ਵੀ ਇਹ ਗੀਤ ਉਸ ਸਮੇਂ ਵੱਡੀ ਕਾਮਯਾਬੀ ਹਾਸਲ ਨਾ ਕਰ ਸਕੇ, ਪਰ ਇਨ੍ਹਾਂ ਗੀਤਾਂ ਨੇ ਆਸ਼ਾ ਦੀ ਆਵਾਜ਼ ਨੂੰ ਇੱਕ ਨਵੀਂ ਮੰਜਿਲ ਦਾ ਰਾਹ ਵਿਖਾਇਆ। ਉਸਦੀ



ਕਿਸਮਤ ਨੂੰ ਇੱਕ ਨਵੀਂ ਦਿਸ਼ਾ ਦਿੱਤੀ ਫ਼?ਲਮ 'ਨਿਆ ਦੌਰ' ਦੇ ਗੀਤਾਂ ਨੇ , ਬੀ. ਆਰ. ਚੋਪੜਾ ਦੀ ਇਸ ਕਲਾਸਿਕ ਫ਼?ਲਮ ਵਿੱਚ ਆਸ਼ਾ ਭੋਸਲੇ ਦੀ ਆਵਾਜ਼ ਨੂੰ ਉਹ ਮੌਕਾ ਮਿਲਿਆ, ਜਿਸ ਦੀ ਉਹ ਲੰਮੇ ਸਮੇਂ ਤੋਂ ਉਡੀਕ ਕਰ ਰਹੀ ਸੀ। ਸਾਹਿਰ ਲੁਧਿਆਣਵੀ ਦੇ ਲਿਖੇ ਅਮਰ ਗੀਤ,"ਮਾਂਗ ਕੇ ਸਾਥ ਤੁਮਹਾਰਾ , "ਸਾਥੀ ਹਾਥ ਬੜਾਨਾ"ਅਤੇ "ਉਡੇਂ ਜਬ ਜਬ ਜ਼ੁਲਫੇਂ ਤੇਰੀ । ਜਿਨ੍ਹਾਂ ਨੂੰ ਉਸਨੇ ਮਹੁੰਮਦ ਰਫ਼ੀ ਦੇ ਨਾਲ ਮਿਲ ਕੇ ਗਾਇਆ ਅਤੇ ਇਹ ਗੀਤ ਲੋਕਾਂ ਦੇ ਦਿਲਾਂ ਵਿੱਚ ਘਰ ਕਰ ਗਏ। ਇਹ ਗੀਤ ਸਿਰਫ਼ ਹਿੱਟ ਨਹੀਂ ਹੋਏ, ਸਗੋਂ ਆਸ਼ਾ ਦੀ ਇੱਕ ਵੱਖਰੀ ਅਤੇ ਮਜ਼ਬੂਤ ਪਛਾਣ ਬਣਾਉਣ ਵਿੱਚ ਵੀ ਮੀਲ ਪੱਥਰ ਸਾਬਤ ਹੋਏ। ਇਹ ਪਹਿਲਾ ਮੌਕਾ ਸੀ ਜਦੋਂ ਆਸ਼ਾ ਨੇ ਕਿਸੇ ਪ੍ਰਮੁੱਖ ਅਭਿਨੇਤਰੀ ਲਈ ਪੂਰੇ ਗੀਤ ਗਾਏ, ਜਿਸ ਨਾਲ ਉਸਦੀ ਕਲਾ ਨੂੰ ਨਵੀਂ ਉਚਾਈ ਮਿਲੀ। ਇਸ ਸਫ਼ਲਤਾ ਤੋਂ ਪ੍ਰਭਾਵਿਤ ਹੋ ਕੇ, ਬੀ.ਆਰ. ਚੋਪੜਾ ਨੇ ਆਪਣੀਆਂ ਅਗਲੀਆਂ ਕਈ ਮਹੱਤਵਪੂਰਨ ਫ਼?ਲਮਾਂ ਲਈ ਵੀ ਆਸ਼ਾ ਨੂੰ ਚੁਣਿਆ। ਗੁੰਮਰਾਹ, ਵਕਤ, ਹਮਰਾਜ, ਆਦਮੀ ਔਰ ਇਨਸਾਨ ਅਤੇ ਧੁੰਦ ਵਰਗੀਆਂ ਫ਼ਿਲਮਾਂ ਵਿੱਚ ਉਸਦੀ ਆਵਾਜ਼ ਨੇ ਸੰਗੀਤ ਨੂੰ ਨਵੀਂ ਰੂਹ ਬਖ਼ਸ਼ੀ। ਇਸ ਤਰ੍ਹਾਂ ਦੇ ਸੰਘਰਸ਼ ਤੋਂ ਸ਼ੁਰੂ ਹੋਈ ਆਸ਼ਾ ਭੋਸਲੇ ਦੀ ਇਹ ਯਾਤਰਾ ਕਾਮਯਾਬੀ ਦੇ ਸੁਰੀਲੇ ਸਫ਼ਰ ਵਿੱਚ ਬਦਲ ਗਈ, ਜਿਸ ਨੇ ਉਸਨੂੰ ਭਾਰਤੀ ਸੰਗੀਤ ਜਗਤ ਦੀ ਅਮਰ ਹਸਤੀ ਬਣਾ ਦਿੱਤਾ। ਆਸ਼ਾ ਭੋਸਲੇ ਦਾ ਸੰਗੀਤਕ ਦਾਇਰਾ ਬਹੁਤ ਵਿਸ਼ਾਲ ਸੀ। ਉਹਨਾਂ ਨੇ ਸਿਰਫ਼ ਹਿੰਦੀ ਹੀ ਨਹੀਂ, ਸਗੋਂ ਪੰਜਾਬੀ, ਬੰਗਾਲੀ, ਤਮਿਲ, ਤੇਲਗੂ, ਮਲਿਆਲਮ, ਕਨੜ, ਗੁਜਰਾਤੀ ਤੋਂ ਇਲਾਵਾ ਲਗਭਗ 20 ਤੋਂ ਵੱਧ ਭਾਸ਼ਾਵਾਂ ਵਿੱਚ ਗੀਤ ਗਾਏ। ਇਹ ਉਨ੍ਹਾਂ ਦੀ ਕਲਾ ਦੀ ਵਿਸ਼ਾਲਤਾ ਅਤੇ ਲੋਕਪ੍ਰਿਯਤਾ ਦਾ ਸਪਸ਼ਟ ਸਬੂਤ ਹੈ। ਉਹਨਾਂ ਦੇ ਗੀਤ ਸਿਰਫ਼ ਫ਼?ਲਮਾਂ ਦਾ ਹਿੱਸਾ ਨਹੀਂ ਹੁੰਦੇ ਸਨ, ਸਗੋਂ ਉਹ ਫ਼?ਲਮ ਦੀ ਰੂਹ ਬਣ ਜਾਂਦੇ ਸਨ।

ਉਨ੍ਹਾਂ ਦੇ ਯੋਗਦਾਨ ਲਈ ਉਹਨਾਂ ਨੂੰ ਬੇਸ਼ੁਮਾਰ ਸਨਮਾਨ ਪ੍ਰਾਪਤ ਹੋਏ। ਉਹਨਾਂ ਨੇ ਕਈ ਵਾਰ ਫ਼?ਲਮਫੇਅਰ ਅਵਾਰਡ ਜਿੱਤੇ ਅਤੇ 2001 ਵਿੱਚ ਲਾਈਫਟਾਈਮ ਅਚੀਵਮੈਂਟ ਐਵਾਰਡ ਨਾਲ ਸਨਮਾਨਿਤ ਹੋਏ। ਉਨ੍ਹਾਂ ਨੂੰ ਪਦਮ ਵਿਭੂਸ਼ਣ ਅਤੇ ਦਾਦਾ ਸਾਹਿਬ ਫਾਲਕੇ ਐਵਾਰਡ ਵਰਗੇ ਦੇਸ਼ ਦੇ ਸਭ ਤੋਂ ਵੱਡੇ ਸਨਮਾਨ ਵੀ ਮਿਲੇ।



ਬਲਦੇਵ ਸਿੰਘ ਬੇਦੀ (ਜਲੰਧਰ)

ਆਸ਼ਾ ਭੋਸਲੇ ਦਾ ਦਿਹਾਂਤ ਸੰਗੀਤ ਜਗਤ ਲਈ ਇੱਕ ਨਾ ਪੂਰਾ ਹੋ ਸਕਣ ਵਾਲਾ ਘਾਟਾ ਹੈ। ਉਹਨਾਂ ਦੀ ਆਵਾਜ਼ ਭਾਵੇਂ ਅੱਜ ਖਾਮੋਸ਼ ਹੋ ਗਈ ਹੈ, ਪਰ ਉਹਨਾਂ ਦੇ ਗੀਤ ਸਦਾ ਸਾਡੇ ਦਿਲਾਂ ਵਿੱਚ ਗੂੰਜਦੇ ਰਹਿਣਗੇ। ਉਹ ਹਰ ਉਸ ਦਿਲ ਵਿੱਚ ਜ਼ਿੰਦਾ ਰਹਿਣਗੇ ਜੋ ਸੰਗੀਤ ਨੂੰ ਪਿਆਰ ਕਰਦੇ ਹਨ। ਸਚਮੁੱਚ, ਆਸ਼ਾ ਭੋਸਲੇ ਸਿਰਫ਼ ਇੱਕ ਨਾਮ ਨਹੀਂ, ਸਗੋਂ ਸੰਗੀਤ ਦਾ ਇੱਕ ਅਮਰ ਅਧਿਆਇ ਹੈ, ਜੋ ਕਦੇ ਵੀ ਖ਼ਤਮ ਨਹੀਂ ਹੋਵੇਗਾ।


# ਹੀਰੋਸ਼ੀਮਾ ਤੋਂ 2026 ਤੱਕ ਪਰਮਾਣੂ ਵਿਨਾਸ਼ ਅਤੇ ਟਰੰਪ ਦਾ 'ਸਰਪ੍ਰਾਈਜ਼': 21ਵੀਂ ਸਦੀ ਵਿੱਚ ਮਨੁੱਖਤਾ ਦੇ ਹੋਂਦ ਦੀ ਸਭ ਤੋਂ ਵੱਡੀ ਪ੍ਰੀਖਿਆ

ਜ਼ਿਕਰ ਪੰਜਾਬ

ਮਨੁੱਖੀ ਇਤਿਹਾਸ ਦੇ ਪੰਨਿਆਂ 'ਤੇ ਕੁਝ ਤਾਰੀਖ਼ਾਂ ਸਿਆਹੀ ਨਾਲ ਨਹੀਂ, ਸਗੋਂ ਸਦੀਵੀ ਜ਼ਖ਼ਮਾਂ ਨਾਲ ਲਿਖੀਆਂ ਗਈਆਂ ਹਨ। 6 ਅਗਸਤ 1945 ਅਜਿਹੀ ਹੀ ਇੱਕ ਭਿਆਨਕ ਤਾਰੀਖ਼ ਹੈ, ਜੋ ਮਨੁੱਖਤਾ ਨੂੰ ਪਰਮਾਣੂ ਤਬਾਹੀ ਦੇ ਅੰਤਹੀਣ ਹਨੇਰੇ ਦੀ ਯਾਦ ਦਿਵਾਉਂਦੀ ਹੈ। ਅੱਜ, ਜਦੋਂ ਅਸੀਂ 2026 ਦੇ ਗੁੰਝਲਦਾਰ ਦੌਰ ਵਿੱਚ ਖੜ੍ਹੇ ਹਾਂ, ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ 'ਅਣਪਛਾਤੇ' ਬਿਆਨਾਂ ਅਤੇ ਉਨ੍ਹਾਂ ਦੀ ਵਿਲੱਖਣ ਵਿਦੇਸ਼ ਨੀਤੀ ਨੇ ਵਿਸ਼ਵ ਨੂੰ ਮੁੜ ਉਸੇ ਖ਼ਤਰਨਾਕ ਮੋੜ 'ਤੇ ਲਿਆ ਖੜ੍ਹਾ ਕੀਤਾ ਹੈ। ਟਰੰਪ ਦੀ ਕਾਰਜਸ਼ੈਲੀ ਹਮੇਸ਼ਾ ਹੀ ਦੁਸ਼ਮਣ ਨੂੰ ਭੁਲੇਖੇ ਵਿੱਚ ਰੱਖਣ ਅਤੇ ਅਚਾਨਕ ਫੈਸਲੇ ਲੈਣ ਲਈ ਜਾਣੀ ਜਾਂਦੀ ਰਹੀ ਹੈ। ਪਰ ਜਦੋਂ ਇਹ 'ਸਰਪ੍ਰਾਈਜ਼' ਨੀਤੀ ਦੁਨੀਆ ਦੇ ਸਭ ਤੋਂ ਵਿਨਾਸ਼ਕਾਰੀ ਪਰਮਾਣੂ ਹਥਿਆਰਾਂ ਦੇ ਸੰਦਰਭ ਵਿੱਚ ਦੇਖੀ ਜਾਂਦੀ ਹੈ, ਤਾਂ ਹੀਰੋਸ਼ੀਮਾ ਦਾ ਉਹ ਕਾਲਾ ਦਿਨ ਅਤੇ ਉਸ ਦੀਆਂ ਭਿਆਨਕ ਯਾਦਾਂ ਤਾਜ਼ਾ ਹੋਣਾ ਸੁਭਾਵਿਕ ਹੈ। ਅੱਜ ਦੀ ਗਲੋਬਲ ਸਿਆਸਤ ਵਿੱਚ ਇਹ ਅਨਿਸ਼ਚਿਤਤਾ ਸਿਰਫ਼ ਇੱਕ ਰਣਨੀਤੀ ਨਹੀਂ, ਸਗੋਂ ਸਮੁੱਚੀ ਮਨੁੱਖਤਾ ਦੀ ਹੋਂਦ ਲਈ ਇੱਕ ਵੱਡਾ ਸਵਾਲੀਆ ਚਿੰਨ੍ਹ ਬਣ ਗਈ ਹੈ।

ਹੀਰੋਸ਼ੀਮਾ ਦੀ ਤਬਾਹੀ ਕੋਈ ਅਚਾਨਕ ਵਾਪਰੀ ਘਟਨਾ ਨਹੀਂ ਸੀ, ਸਗੋਂ ਇਹ ਸਾਲਾਂ ਦੀ ਗੁਪਤ ਮਿਹਨਤ ਅਤੇ ਖ਼ਤਰਨਾਕ ਸਿਆਸੀ ਇੱਛਾ-ਸ਼ਕਤੀ ਦਾ ਸਿੱਟਾ ਸੀ। ਦੂਜੀ ਵਿਸ਼ਵ ਜੰਗ ਦੇ ਪਰਛਾਵੇਂ ਹੇਠ, ਅਮਰੀਕਾ ਨੇ 'ਮੈਨਹੈਟਨ ਪ੍ਰੋਜੈਕਟ' ਰਾਹੀਂ ਮਨੁੱਖਤਾ ਦੇ ਇਤਿਹਾਸ ਦਾ ਸਭ ਤੋਂ ਵਿਨਾਸ਼ਕਾਰੀ ਹਥਿਆਰ ਤਿਆਰ ਕੀਤਾ। ਰਾਬਰਟ ਓਪਨਹਾਈਮਰ ਵਰਗੇ ਮਹਾਨ ਵਿਗਿਆਨੀ, ਜੋ ਪਰਮਾਣੂ ਊਰਜਾ ਦੇ ਭਵਿੱਖ ਨੂੰ ਮਨੁੱਖੀ ਕਲਿਆਣ ਲਈ ਦੇਖ ਸਕਦੇ ਸਨ, ਅਣਚਾਹੇ ਹੀ ਇਸ ਨੂੰ 'ਵਿਨਾਸ਼ ਦੇ ਸਾਧਨ' ਵਿੱਚ ਬਦਲਣ ਦੇ ਗਵਾਹ ਬਣੇ। ਜਦੋਂ 16 ਜੁਲਾਈ 1945 ਨੂੰ ਨਿਊ ਮੈਕਸੀਕੋ ਦੇ ਰੇਗਿਸਤਾਨ ਵਿੱਚ 'ਟ੍ਰਿਨਿਟੀ ਟੈਸਟ' (ਪਹਿਲਾ ਸਫਲ ਪ੍ਰੀਖਣ) ਹੋਇਆ, ਤਾਂ ਉਸ ਦੀ ਭਿਆਨਕ ਰੋਸ਼ਨੀ ਅਤੇ ਗਰਮੀ ਨੂੰ ਦੇਖ ਕੇ ਖੁਦ ਵਿਗਿਆਨੀ ਵੀ ਕੰਬ ਗਏ ਸਨ। ਇਹ ਵਿਗਿਆਨ ਦੀ ਇੱਕ ਅਜਿਹੀ 'ਜਿੱਤ' ਸੀ, ਜਿਸ ਨੇ ਮਨੁੱਖਤਾ ਦੀ ਸਭ ਤੋਂ ਵੱਡੀ 'ਹਾਰ' ਦੀ ਨੀਂਹ ਰੱਖੀ। ਓਪਨਹਾਈਮਰ ਦੇ ਆਪਣੇ ਸ਼ਬਦਾਂ ਵਿੱਚ, ਉਹ 'ਮੌਤ' ਅਤੇ 'ਦੁਨੀਆ ਨੂੰ ਤਬਾਹ ਕਰਨ ਵਾਲੇ' ਬਣ ਚੁੱਕੇ ਸਨ। 6 ਅਗਸਤ 1945, ਸਵੇਰੇ 8:15 ਵਜੇ—ਇਹ ਉਹ ਪਲ ਸੀ ਜਦੋਂ ਹੀਰੋਸ਼ੀਮਾ ਦੀ ਧਰਤੀ 'ਤੇ ਸਮਾਂ ਹਮੇਸ਼ਾ ਲਈ ਰੁਕ ਗਿਆ। ਜਿਵੇਂ ਹੀ 'ਲਿਟਲ ਬੁਆਏ' ਨਾਮਕ ਪ੍ਰਮਾਣੂ ਬੰਬ ਸ਼ਹਿਰ 'ਤੇ ਡਿੱਗਿਆ, ਇੱਕ ਅਜਿਹੀ ਰੌਸ਼ਨੀ ਪੈਦਾ ਹੋਈ ਜਿਸ ਨੇ ਹਜ਼ਾਰਾਂ ਸੂਰਜਾਂ ਦੀ ਚਮਕ ਨੂੰ ਵੀ ਮਾਤ ਪਾ ਦਿੱਤੀ। ਧਮਾਕੇ ਦੇ ਕੇਂਦਰ ਵਿੱਚ ਤਾਪਮਾਨ ਇੰਨਾ ਪ੍ਰਚੰਡ ਸੀ ਕਿ ਲੋਕਾਂ ਦੇ ਵਜੂਦ ਅਤੇ ਉਨ੍ਹਾਂ ਦੀਆਂ ਹੱਡੀਆਂ ਪਲਾਂ ਵਿੱਚ ਸੁਆਹ ਹੋ ਗਈਆਂ। ਜਿਹੜੇ ਲੋਕ ਇਸ ਭਿਆਨਕ ਤਾਪ ਤੋਂ ਸਿੱਧੇ ਤੌਰ 'ਤੇ ਬਚ ਗਏ, ਉਨ੍ਹਾਂ ਦਾ ਹਾਲ ਇਸ ਤੋਂ ਵੀ ਮਾੜਾ ਸੀ; ਉਨ੍ਹਾਂ ਦੀ ਚਮੜੀ ਸਰੀਰਾਂ ਤੋਂ ਕੱਪੜਿਆਂ ਵਾਂਗ ਲਟਕ ਰਹੀ ਸੀ ਅਤੇ ਉਹ ਅੰਤਹੀਣ ਪੀੜ ਵਿੱਚ ਇਧਰ-ਉਧਰ ਭਟਕ ਰਹੇ ਸਨ। ਹੀਰੋਸ਼ੀਮਾ ਦੀ ਇਹ ਤਬਾਹੀ ਮਹਿਜ਼ ਇੱਕ ਫੌਜੀ ਕਾਰਵਾਈ ਨਹੀਂ ਸੀ, ਸਗੋਂ ਇੱਕ ਹੱਸਦੇ-ਵੱਸਦੇ ਸ਼ਹਿਰ 'ਤੇ ਕੀਤਾ ਗਿਆ ਇੱਕ ਅਜਿਹਾ ਖ਼ੌਫ਼ਨਾਕ ਪ੍ਰਯੋਗ ਸੀ, ਜਿਸ ਨੇ ਮਨੁੱਖੀ ਕਲਪਨਾ ਦੀਆਂ ਸਾਰੀਆਂ ਹੱਦਾਂ ਪਾਰ ਕਰ ਦਿੱਤੀਆਂ।

ਪਰਮਾਣੂ ਧਮਾਕੇ ਦੀ ਉਸ ਭਿਆਨਕ ਮਾਰ ਤੋਂ ਜੋ ਲੋਕ ਕਿਸੇ ਤਰ੍ਹਾਂ ਬਚ ਗਏ, ਉਨ੍ਹਾਂ ਦੀ ਹੋਣੀ ਮਰਨ ਵਾਲਿਆਂ ਨਾਲੋਂ ਵੀ ਕਿਤੇ ਵੱਧ ਦਰਦਨਾਕ ਸਾਬਿਤ ਹੋਈ। ਜਾਪਾਨੀ ਭਾਸ਼ਾ ਵਿੱਚ ਇਨ੍ਹਾਂ ਅਭਾਗੇ ਲੋਕਾਂ ਨੂੰ 'ਹਿਬਾਕੁਸ਼ਾ' ਕਿਹਾ ਜਾਂਦਾ ਹੈ। ਇਨ੍ਹਾਂ ਪੀੜਤਾਂ ਨੇ ਰੇਡੀਏਸ਼ਨ (ਵਿਕਿਰਣ) ਦਾ ਉਹ ਅਦਿੱਖ ਕਹਿਰ ਹੰਢਾਇਆ, ਜਿਸ ਦਾ ਵਿਗਿਆਨ ਕੋਲ ਕੋਈ ਇਲਾਜ ਨਹੀਂ ਸੀ। ਉਨ੍ਹਾਂ ਦੇ ਵਾਲ ਝੜਨ ਲੱਗੇ, ਸਰੀਰ ਨੀਲੇ ਨਿਸ਼ਾਨਾਂ ਨਾਲ ਭਰ ਗਿਆ ਅਤੇ ਅੰਦਰੂਨੀ ਅੰਗਾਂ ਨੇ ਹੌਲੀ-ਹੌਲੀ ਜਵਾਬ ਦੇ ਦਿੱਤਾ। ਸਭ ਤੋਂ ਮੰਦਭਾਗੀ ਗੱਲ ਇਹ ਸੀ ਕਿ ਉਨ੍ਹਾਂ ਦੇ ਆਪਣੇ ਸਮਾਜ ਨੇ ਵੀ ਉਨ੍ਹਾਂ ਤੋਂ ਮੁੱਖ ਮੋੜ ਲਿਆ। ਲੋਕਾਂ ਵਿੱਚ ਇਹ ਖ਼ੌਫ਼ ਸੀ ਕਿ ਰੇਡੀਏਸ਼ਨ ਦੀ ਬਿਮਾਰੀ ਕੋਈ ਛੂਤ ਦਾ ਰੋਗ ਹੈ, ਜਿਸ ਕਾਰਨ 'ਹਿਬਾਕੁਸ਼ਾ' ਨੂੰ ਦਹਾਕਿਆਂ ਤੱਕ ਸਮਾਜਿਕ ਬਾਈਕਾਟ ਅਤੇ ਇਕੱਲਤਾ ਦਾ ਸੰਤਾਪ ਭੋਗਣਾ ਪਿਆ। ਇਨ੍ਹਾਂ ਜਿਊਂਦੀਆਂ-ਜਾਗਦੀਆਂ ਲਾਸ਼ਾਂ ਨੇ ਜਿਸ ਨਰਕ ਨੂੰ ਹੰਢਾਇਆ, ਉਹ ਅੱਜ ਵੀ ਦੁਨੀਆ ਨੂੰ ਇੱਕੋ-ਇੱਕ ਅਪੀਲ ਕਰਦੇ ਹਨ: 'ਪਰਮਾਣੂ ਹਥਿਆਰਾਂ ਤੋਂ ਮੁਕਤ ਸੰਸਾਰ', ਤਾਂ ਜੋ ਕੋਈ ਹੋਰ ਇਨਸਾਨ ਮੁੜ ਕਦੇ ਅਜਿਹੀ ਤਬਾਹੀ ਦਾ ਸ਼ਿਕਾਰ ਨਾ ਹੋਵੇ।



ਡਾ. ਕ੍ਰਿਸ਼ਨ ਲਾਲ

ਹੁਣ ਸਵਾਲ ਇਹ ਉੱਠਦਾ ਹੈ ਕਿ ਇਸ ਇਤਿਹਾਸਕ ਚਰਚਾ ਵਿੱਚ ਡੋਨਾਲਡ ਟਰੰਪ ਦਾ ਜ਼ਿਕਰ ਇੰਨਾ ਪ੍ਰਸੰਗਿਕ ਕਿਉਂ ਹੈ? ਟਰੰਪ ਦੀ ਰਾਜਨੀਤਿਕ ਸ਼ੈਲੀ ਦੀ ਸਭ ਤੋਂ ਵੱਡੀ ਵਿਸ਼ੇਸ਼ਤਾ ਉਸ ਦਾ 'ਅਣਪਛਾਤਾਪਣ' ਹੈ। ਉਹ ਅਜਿਹੇ ਫੈਸਲੇ ਲੈਣ ਲਈ ਜਾਣੇ ਜਾਂਦੇ ਹਨ ਜੋ ਦੁਨੀਆ ਦੇ ਵੱਡੇ-ਵੱਡੇ ਰਣਨੀਤੀਕਾਰਾਂ ਨੂੰ ਹੈਰਾਨ ਕਰ ਦਿੰਦੇ ਹਨ। ਸਾਲ 2025-26 ਦੇ ਇਸ ਨਾਜ਼ੁਕ ਦੌਰ ਵਿੱਚ, ਜਦੋਂ ਵਿਸ਼ਵ ਦੇ ਕਈ ਖੇਤਰ ਜੰਗ ਦੇ ਮੁਹਾਨੇ 'ਤੇ ਖੜ੍ਹੇ ਹਨ, ਟਰੰਪ ਨੇ ਵਾਰ-ਵਾਰ ਅਮਰੀਕਾ ਦੇ ਪ੍ਰਮਾਣੂ ਹਥਿਆਰਾਂ ਦੀ ਸਰਵਉੱਚਤਾ ਅਤੇ ਤਾਕਤ ਦਾ ਜ਼ਿਕਰ ਕੀਤਾ ਹੈ। ਉਨ੍ਹਾਂ ਦਾ ਸਪੱਸ਼ਟ ਕਹਿਣਾ ਹੈ ਕਿ ਅਮਰੀਕੀ ਹਿੱਤਾਂ ਦੀ ਰੱਖਿਆ ਲਈ ਉਹ ਕਿਸੇ ਵੀ ਹੱਦ ਤੱਕ ਜਾਣ ਤੋਂ ਗੁਰੇਜ਼ ਨਹੀਂ ਕਰਨਗੇ। ਜਦੋਂ ਇੱਕ ਮਹਾਂਸ਼ਕਤੀ ਦਾ ਮੁਖੀ ਅਜਿਹੀ ਭਾਸ਼ਾ ਵਰਤਦਾ ਹੈ, ਤਾਂ ਦੁਨੀਆ ਦੇ ਮਨ ਵਿੱਚ ਇਹ ਡਰ ਪੈਦਾ ਹੋਣਾ ਲਾਜ਼ਮੀ ਹੈ ਕਿ ਕਿਤੇ ਕੋਈ ਅਚਾਨਕ ਲਿਆ ਗਿਆ 'ਸਰਪ੍ਰਾਈਜ਼' ਫੈਸਲਾ ਮਨੁੱਖਤਾ ਨੂੰ ਮੁੜ ਹੀਰੋਸ਼ੀਮਾ ਵਰਗੇ ਕਿਸੇ ਕਾਲੇ ਅਧਿਆਏ ਦੇ ਰੂਬਰੂ ਨਾ ਕਰ ਦੇਵੇ। ਰਾਸ਼ਟਰਪਤੀ ਡੋਨਾਲਡ ਟਰੰਪ ਦੀ ਵਿਦੇਸ਼ ਨੀਤੀ ਦਾ ਕੇਂਦਰੀ ਧੁਰਾ 'ਤਾਕਤ ਰਾਹੀਂ ਸ਼ਾਂਤੀ' ਦਾ ਸਿਧਾਂਤ ਹੈ। ਇਸੇ ਰਣਨੀਤੀ ਤਹਿਤ ਅਮਰੀਕਾ ਆਪਣੇ ਪਰਮਾਣੂ ਹਥਿਆਰਾਂ ਦੇ ਜਖ਼ੀਰੇ ਨੂੰ ਤੇਜ਼ੀ ਨਾਲ ਆਧੁਨਿਕ ਬਣਾ ਰਿਹਾ ਹੈ। ਪਰ ਇਤਿਹਾਸ ਗਵਾਹ ਹੈ ਕਿ ਇਹ ਨੀਤੀ ਅਕਸਰ ਇੱਕ ਖ਼ਤਰਨਾਕ 'ਹਥਿਆਰਾਂ ਦੀ ਦੌੜ' ਨੂੰ ਜਨਮ ਦਿੰਦੀ ਹੈ; ਜਦੋਂ ਇੱਕ ਮਹਾਂਸ਼ਕਤੀ ਆਪਣੇ ਹਥਿਆਰ ਵਧਾਉਂਦੀ ਹੈ, ਤਾਂ ਰੂਸ ਅਤੇ ਚੀਨ ਵਰਗੇ ਵਿਰੋਧੀ ਦੇਸ਼ ਵੀ ਆਪਣੀ ਸੁਰੱਖਿਆ ਲਈ ਉਸੇ ਵਿਨਾਸ਼ਕਾਰੀ ਰਸਤੇ 'ਤੇ ਚੱਲਣ ਲਈ ਮਜਬੂਰ ਹੋ ਜਾਂਦੇ ਹਨ। ਟਰੰਪ ਦਾ ਇਹ ਮੰਨਣਾ ਕਿ 'ਹਥਿਆਰਾਂ ਦਾ ਡਰ' ਦੁਨੀਆ ਵਿੱਚ ਸਥਿਰਤਾ ਲਿਆਵੇਗਾ, ਇੱਕ ਬਹੁਤ ਹੀ ਨਾਜ਼ੁਕ ਅਤੇ ਖ਼ਤਰਨਾਕ ਧਾਰਨਾ ਹੈ। ਪਰਮਾਣੂ ਯੁੱਗ ਵਿੱਚ 'ਡਰ' ਅਤੇ 'ਸ਼ਾਂਤੀ' ਵਿਚਕਾਰਲੀ ਲਕੀਰ ਬਹੁਤ ਧੁੰਦਲੀ ਹੁੰਦੀ ਹੈ। ਅਜਿਹੇ ਤਣਾਅਪੂਰਨ ਮਾਹੌਲ ਵਿੱਚ ਇੱਕ ਮਾਮੂਲੀ ਜਿਹੀ ਗਲਤਫਹਿਮੀ, ਤਕਨੀਕੀ ਖ਼ਰਾਬੀ ਜਾਂ ਸਿਰਫ਼ ਇੱਕ 'ਗਲਤ ਬਟਨ' ਦਾ ਦਬਣਾ ਪੂਰੀ ਮਨੁੱਖੀ ਸੱਭਿਅਤਾ ਦੇ ਅੰਤ ਦਾ ਕਾਰਨ ਬਣ ਸਕਦਾ ਹੈ। ਇਹ ਰਣਨੀਤੀ 'ਸ਼ਾਂਤੀ' ਦੀ ਬਜਾਏ ਦੁਨੀਆ ਨੂੰ ਇੱਕ ਅਜਿਹੇ ਜਵਾਲਾਮੁਖੀ 'ਤੇ ਬਿਠਾ ਰਹੀ ਹੈ ਜੋ ਕਿਸੇ ਵੀ ਪਲ ਫਟ ਸਕਦਾ ਹੈ।

ਅੱਜ ਜਦੋਂ ਵਿਸ਼ਵ ਦੀ ਇੱਕ ਵੱਡੀ ਆਬਾਦੀ ਗਰੀਬੀ, ਭੁੱਖਮਰੀ ਅਤੇ ਸਿਹਤ ਸਹੂਲਤਾਂ ਦੀ ਘਾਟ ਨਾਲ ਜੂਝ ਰਹੀ ਹੈ, ਤਾਕਤਵਰ ਦੇਸ਼ਾਂ ਦਾ ਸਾਰਾ ਧਿਆਨ ਸਿਰਫ਼ ਵਿਨਾਸ਼ਕਾਰੀ ਹਥਿਆਰਾਂ ਦੇ ਜਖ਼ੀਰੇ ਇਕੱਠੇ ਕਰਨ 'ਤੇ ਕੇਂਦਰਿਤ ਹੈ। ਇਕੱਲਾ ਅਮਰੀਕਾ ਆਪਣੇ ਪਰਮਾਣੂ ਪ੍ਰੋਗਰਾਮ ਦੇ ਆਧੁਨਿਕੀਕਰਨ 'ਤੇ ਅਗਲੇ ਤਿੰਨ ਦਹਾਕਿਆਂ ਵਿੱਚ £1.2 ਟ੍ਰਿਲੀਅਨ ਖ਼ਰਚ ਕਰਨ ਦੀ ਯੋਜਨਾ ਬਣਾ ਰਿਹਾ ਹੈ। ਇਹ ਅੰਕੜਾ ਇੰਨਾ ਵਿਸ਼ਾਲ ਹੈ ਕਿ ਜੇਕਰ ਇਸ ਦਾ ਇੱਕ ਹਿੱਸਾ ਵੀ ਮਾਨਵਤਾ ਦੇ ਭਲੇ ਲਈ ਵਰਤਿਆ ਜਾਵੇ, ਤਾਂ ਵਿਸ਼ਵ ਵਿੱਚੋਂ ਅਨਪੜ੍ਹਤਾ, ਬਿਮਾਰੀਆਂ ਅਤੇ ਕੁਪੋਸ਼ਣ ਵਰਗੀਆਂ ਲਾਹਣਤਾਂ ਨੂੰ ਜੜ੍ਹੋਂ ਖ਼ਤਮ ਕੀਤਾ ਜਾ ਸਕਦਾ ਹੈ। ਟਰੰਪ ਪ੍ਰਸ਼ਾਸਨ ਦਾ ਹਥਿਆਰਾਂ 'ਤੇ ਇਹ ਬੇਅੰਤ ਖ਼ਰਚਾ ਇਸ ਗੱਲ ਦਾ ਪ੍ਰਮਾਣ ਹੈ ਕਿ ਅਸੀਂ ਇਤਿਹਾਸ ਦੇ ਖ਼ੌਫ਼ਨਾਕ ਸਬਕਾਂ ਨੂੰ ਵਿਸਾਰ ਕੇ ਸਿਰਫ਼ 'ਤਾਕਤ' ਦੇ ਅੰਨ੍ਹੇ ਮੋਹ ਵਿੱਚ ਫਸ ਗਏ ਹਾਂ। ਇਹ ਰਣਨੀਤੀ ਸਾਨੂੰ ਸੁਰੱਖਿਆ ਨਹੀਂ, ਸਗੋਂ ਇੱਕ ਅਜਿਹੇ ਨੈਤਿਕ ਪਤਨ ਵੱਲ ਲੈ ਕੇ ਜਾ ਰਹੀ ਹੈ ਜਿੱਥੇ ਇਨਸਾਨ ਦੀ ਜਾਨ ਦੀ ਕੀਮਤ ਹਥਿਆਰਾਂ ਦੇ ਲੋਹੇ ਤੋਂ ਵੀ ਘੱਟ ਰਹਿ ਗਈ ਹੈ। ਹੀਰੋਸ਼ੀਮਾ ਦਾ 'ਪੀਸ ਮੈਮੋਰੀਅਲ ਮਿਊਜ਼ੀਅਮ' ਮਹਿਜ਼ ਇੱਕ ਅਜਾਇਬ ਘਰ ਨਹੀਂ, ਸਗੋਂ ਮਨੁੱਖੀ ਜ਼ਮੀਰ 'ਤੇ ਲੱਗਿਆ ਇੱਕ ਅਮਿੱਟ ਦਾਗ਼ ਹੈ। ਉੱਥੇ ਕੱਚ ਦੇ ਬਕਸਿਆਂ ਵਿੱਚ ਰੱਖੇ ਬੱਚਿਆਂ ਦੇ ਅੱਧ-ਜਲੇ ਕੱਪੜੇ, ਤਾਪ ਨਾਲ ਪਿਘਲੀਆਂ ਹੋਈਆਂ ਕੰਧਾਂ ਅਤੇ ਉਹ ਨਿੱਕਾ ਜਿਹਾ 'ਤਿੰਨ ਪਹੀਆਂ ਵਾਲਾ ਸਾਈਕਲ', ਜਿਸ 'ਤੇ ਕਦੇ ਕੋਈ ਮਾਸੂਮ ਬੱਚਾ ਖੇਡ ਰਿਹਾ ਸੀ, ਅੱਜ ਵੀ ਉਸ ਭਿਆਨਕ ਕੀਮਤ ਦੀ ਗਵਾਹੀ ਦਿੰਦੇ ਹਨ ਜੋ ਮਨੁੱਖਤਾ ਨੇ ਜੰਗ ਦੇ ਨਾਮ 'ਤੇ ਚੁਕਾਈ ਸੀ। ਜਦੋਂ ਅਸੀਂ ਰਾਸ਼ਟਰਪਤੀ ਡੋਨਾਲਡ ਟਰੰਪ ਵਰਗੇ ਸ਼ਕਤੀਸ਼ਾਲੀ ਰਾਜਨੇਤਾਵਾਂ ਦੇ 'ਸਖ਼ਤ ਅਤੇ ਅਣਪਛਾਤੇ' ਬਿਆਨ ਸੁਣਦੇ ਹਾਂ, ਤਾਂ ਸਾਨੂੰ ਮਿਊਜ਼ੀਅਮ ਦੀਆਂ ਉਹ ਬੇਜਾਨ ਚੀਜ਼ਾਂ ਜ਼ਰੂਰ ਯਾਦ ਕਰਨੀਆਂ ਚਾਹੀਦੀਆਂ ਹਨ। ਉਹ ਚੀਜ਼ਾਂ ਅੱਜ ਵੀ ਚੀਕ-ਚੀਕ ਕੇ ਪੂਰੀ ਦੁਨੀਆ ਨੂੰ ਇਹੀ ਸੁਨੇਹਾ ਦੇ ਰਹੀਆਂ ਹਨ ਕਿ ਪ੍ਰਮਾਣੂ ਹਥਿਆਰ ਕਦੇ ਵੀ ਸੁਰੱਖਿਆ ਦਾ ਹੱਲ ਨਹੀਂ ਹੋ ਸਕਦੇ, ਸਗੋਂ ਇਹ ਸਿਰਫ਼ ਸਾਂਝੀ ਤਬਾਹੀ ਦਾ ਇੱਕ ਰਸਤਾ ਹਨ। ਇਤਿਹਾਸ ਦੀਆਂ ਇਹ ਖ਼ਾਮੋਸ਼ ਨਿਸ਼ਾਨੀਆਂ ਸਾਨੂੰ ਚੇਤਾਵਨੀ ਦਿੰਦੀਆਂ ਹਨ ਕਿ ਜੇਕਰ ਅਸੀਂ ਨਾ ਸੰਭਲੇ, ਤਾਂ ਅਗਲੇ ਮਿਊਜ਼ੀਅਮ ਵਿੱਚ ਰੱਖਣ ਲਈ ਸ਼ਾਇਦ ਕੋਈ ਇਨਸਾਨ ਹੀ ਨਾ ਬਚੇ। ਅੱਜ ਦੇ ਦੌਰ ਵਿੱਚ ਹੀਰੋਸ਼ੀਮਾ ਦੀ ਯਾਦ ਪਹਿਲਾਂ ਨਾਲੋਂ ਕਿਤੇ ਜ਼ਿਆਦਾ ਅਹਿਮ ਅਤੇ ਜ਼ਰੂਰੀ ਹੋ ਗਈ ਹੈ। ਰਾਸ਼ਟਰਪਤੀ ਡੋਨਾਲਡ ਟਰੰਪ ਦੇ ਇਸ ਦੌਰ ਵਿੱਚ, ਜਿੱਥੇ ਉਗਰ-ਰਾਸ਼ਟਰਵਾਦ ਅਤੇ ਫੌਜੀ ਤਾਕਤ ਦਾ ਪ੍ਰਦਰਸ਼ਨ ਆਪਣੇ ਸਿਖਰ 'ਤੇ ਹੈ, ਸਾਨੂੰ ਇਹ ਕਦੇ ਨਹੀਂ ਭੁੱਲਣਾ ਚਾਹੀਦਾ ਕਿ ਅਗਲੀ ਪਰਮਾਣੂ ਜੰਗ ਮਨੁੱਖਤਾ ਦੀ 'ਆਖਰੀ ਜੰਗ' ਹੋਵੇਗੀ, ਕਿਉਂਕਿ ਉਸ ਤੋਂ ਬਾਅਦ ਜੰਗ ਲੜਨ ਲਈ ਸ਼ਾਇਦ ਕੋਈ ਇਨਸਾਨ ਹੀ ਨਾ ਬਚੇ। ਹੁਣ ਸਮਾਂ ਆ ਗਿਆ ਹੈ ਕਿ ਦੁਨੀਆ ਦੇ ਸਾਰੇ ਮੁਲਕ ਆਪਣੀਆਂ ਸੌੜੀਆਂ ਸਿਆਸਤਾਂ ਤੋਂ ਉੱਪਰ ਉੱਠ ਕੇ ਹਥਿਆਰਾਂ ਦੇ ਮੁਕੰਮਲ ਖ਼ਾਤਮੇ ਦੀ ਗੱਲ ਕਰਨ। ਹੀਰੋਸ਼ੀਮਾ ਦੇ ਪੀੜਤਾਂ ਦਾ ਸਿਰਫ਼ ਇੱਕ ਹੀ ਸੁਨੇਹਾ ਹੈ: 'ਮਨੁੱਖਤਾ ਨੂੰ ਜਿਉਣ ਦਿਓ'। ਸਾਨੂੰ ਇਹ ਉਮੀਦ ਅਤੇ ਦੁਆ ਕਰਨੀ ਚਾਹੀਦੀ ਹੈ ਕਿ ਦੁਨੀਆ ਦੇ ਸ਼ਕਤੀਸ਼ਾਲੀ ਲੀਡਰ ਆਪਣੇ 'ਅਣਪਛਾਤੇ' ਅਤੇ 'ਸਰਪ੍ਰਾਈਜ਼' ਫੈਸਲਿਆਂ ਵਿੱਚ ਵਿਨਾਸ਼ ਦੀ ਬਜਾਏ 'ਸ਼ਾਂਤੀ' ਨੂੰ ਪਹਿਲ ਦੇਣਗੇ। ਵਿਗਿਆਨ ਦੀ ਤਾਕਤ ਮਨੁੱਖੀ ਜੀਵਨ ਨੂੰ ਸੰਵਾਰਨ ਲਈ ਹੋਣੀ ਚਾਹੀਦੀ ਹੈ, ਨਾ ਕਿ ਉਸ ਨੂੰ ਮਿਊਜ਼ੀਅਮ ਦੀਆਂ ਬੇਜਾਨ ਵਸਤੂਆਂ ਵਿੱਚ ਬਦਲਣ ਲਈ।

# ਇੱਕ ਸਾਲ ਦੀ ਸਰਕਾਰ..!

ਜੇ ਤੁਸੀਂ ਇੱਕ ਵਾਰੀ ਇਸ ਗੱਲ ਤੇ ਗੰਭੀਰਤਾ ਨਾਲ ਵਿਚਾਰ ਕਰੋ ਤਾਂ ਲੱਗੇਗਾ ਕਿ ਭਾਰਤੀ ਲੋਕਤੰਤਰ ਦੀ ਸਭ ਤੋਂ ਵੱਡੀ ਤਾਕਤ 'ਚੋਣਾਂ' ਉਸਦੀ ਕਮਜ਼ੋਰੀ ਵੀ ਹੈ। ਹਰ ਪੰਜ ਸਾਲ ਬਾਅਦ ਇੱਕ ਵੱਡਾ ਤਮਾਸ਼ਾ, ਜਿਸ ਵਿਚ ਰਾਜਨੀਤਿਕ ਪਾਰਟੀਆਂ ਆਪਣੀਆਂ ਝੋਲੀਆਂ ਭਰ ਲੈਂਦੀਆਂ ਹਨ ਅਤੇ ਜਨਤਾ ਆਪਣਾ ਜਮੀਰ ਵੇਚ ਕੇ ਉਨ੍ਹਾਂ ਝੋਲੀਆਂ ਵਿਚ ਆਪਣੀਆਂ ਉਮੀਦਾਂ ਭਰ ਦਿੰਦੀ ਹੈ। ਫਿਰ ਪੰਜ ਸਾਲ ਲੰਬੀ ਉਦਾਸੀ ਰਹਿੰਦੀ ਹੈ। ਇਸ ਉਦਾਸੀ ਨੂੰ ਖਤਮ ਕਰਨ ਲਈ ਇੱਕ ਨਵੀਂ ਤਜਵੀਜ਼ ਰੱਖੀ ਜਾ ਰਹੀ ਹੈ, ਜੇਕਰ ਤਰੱਕੀ ਕਰਾਉਣੀ ਹੈ ਤਾਂ ਸਰਕਾਰ ਚੁਣੋ ਇੱਕ ਸਾਲ ਦੀ। ਇਹ ਤਜਵੀਜ਼ ਸੁਣਨ ਨੂੰ ਬਿਲਕੁਲ ਵਿਅੰਗਮਈ ਲੱਗਦੀ ਹੈ, ਪਰ ਇਸ ਵਿਅੰਗ ਵਿਚ ਉਹ ਅਸਲੀਅਤ ਛੁਪੀ ਹੋਈ ਹੈ ਜੋ ਅਸੀਂ ਰੋਜ਼ ਦੇਖਦੇ ਹਾਂ। ਚੋਣਾਂ ਦਾ ਮੌਸਮ ਆਉਂਦਾ ਹੀ ਹੈ ਕਿ ਹਰ ਸੂਬੇ ਵਿਚ ਰਾਜਨੀਤੀ ਦੇ ਖਿਡਾਰੀ ਆਪਣੀਆਂ ਮੁਫ਼ਤ ਦੀਆਂ ਰਿਓੜੀਆਂ ਲੈ ਕੇ ਬਾਹਰ ਨਿਕਲ ਆਉਂਦੇ ਹਨ। ਲੈ ਲਓ ਬਿਜਲੀ ਮੁਫ਼ਤ, ਲੈ ਲਓ ਪਾਣੀ ਮੁਫ਼ਤ, ਲੈ ਲਓ ਰਸੋਈ ਗੈਸ ਮੁਫ਼ਤ, ਲੈ ਲਓ ਲੈਪਟਾਪ, ਟੈਬਲੈਟ, ਸਾਈਕਲ ਤੇ ਸਮਾਰਟਫੋਨ। ਇਸ ਤੋਂ ਇਲਾਵਾ ਲਾਰਿਆਂ ਵਾਲੀਆਂ ਰਿਓੜੀਆਂ ਵੀ ਚੱਲਦੀਆਂ ਹਨ, ਜਿਵੇਂ ਨੌਕਰੀਆਂ ਦੇ ਵਾਅਦੇ, ਘਰ ਬਣਾਉਣ ਦੇ ਵਾਅਦੇ, ਫਸਲਾਂ ਲਈ ਬੋਨਸ। ਜਨਤਾ ਇਨ੍ਹਾਂ ਰਿਓੜੀਆਂ ਵੱਲ ਲਾਲਚੀ ਨਜ਼ਰ ਨਾਲ ਤੱਕਦੀ ਹੈ ਤੇ ਫਿਰ ਆਪਣਾ ਵੋਟ ਉਸ ਪਾਰਟੀ ਨੂੰ ਦੇ ਦਿੰਦੀ ਹੈ ਜੋ ਸਭ ਤੋਂ ਵੱਡੀ ਮੁਫ਼ਤ ਦੀ ਰਿਓੜੀ ਦਾ ਵਾਅਦਾ ਕਰਦੀ ਹੈ। ਇਸ ਲਾਲਚ ਵਿਚ ਜਨਤਾ ਆਪਣਾ ਜਮੀਰ ਵੀ ਵੇਚ ਦਿੰਦੀ ਹੈ। ਇੱਕ ਵਾਰ ਵੋਟ ਪੈ ਗਿਆ ਤਾਂ ਫਿਰ ਪੰਜ ਸਾਲ ਤੱਕ ਉਸੀ ਲਾਲਚੀ ਫੈਸਲੇ ਦਾ ਭੋਗ ਭੁਗਤਣਾ ਪੈਂਦਾ ਹੈ। ਇੱਕ ਵਿਅਕਤੀ ਦਾ ਲਾਲਚ ਸਾਰੇ ਸਮਾਜ ਲਈ ਨੁਕਸਾਨਦਾਇਕ ਬਣ ਜਾਂਦਾ ਹੈ। ਬਹੁ-ਗਿਣਤੀ ਵੋਟਰਾਂ ਨੇ ਗਲਤ ਪਾਰਟੀ ਚੁਣ ਲਈ ਤਾਂ ਫਿਰ ਪੂਰਾ ਸੂਬਾ ਉਸ ਗਲਤ ਫੈਸਲੇ ਦੀ ਕੀਮਤ ਚੁਕਾਉਂਦਾ ਹੈ। ਰੋਡ ਬਣਨ ਦੀ ਬਜਾਏ ਰਿਸ਼ਵਤਖੋਰੀ ਵਧਦੀ ਹੈ, ਹਸਪਤਾਲਾਂ ਵਿਚ ਦਵਾਈਆਂ ਦੀ ਬਜਾਏ ਲੀਡਰਾਂ ਦੀਆਂ ਤਸਵੀਰਾਂ ਲੱਗਦੀਆਂ ਹਨ ਤੇ ਸਕੂਲਾਂ ਵਿਚ ਬੱਚਿਆਂ ਨੂੰ ਪੜ੍ਹਾਉਣ ਦੀ ਬਜਾਏ ਉਨ੍ਹਾਂ ਨੂੰ ਰਾਜਨੀਤੀ ਦਾ ਪਾਠ ਪੜ੍ਹਾਇਆ ਜਾਂਦਾ ਹੈ। ਪਰ ਕਦੀ ਕਿਸੇ ਨੇ ਇਹ ਸੋਚਿਆ ਹੈ ਕਿ ਇਨ੍ਹਾਂ ਮੁਫ਼ਤ ਦੀਆਂ ਰਿਓੜੀਆਂ ਦਾ ਖਰਚਾ ਕਿਥੋਂ ਆਉਂਦਾ ਹੈ? ਇਹ ਪੈਸਾ ਟੈਕਸ ਧਾਰਕਾਂ ਦੀਆਂ ਜੇਬਾਂ ਵਿਚੋਂ ਨਿਕਲਦਾ ਹੈ। ਉਹ ਲੋਕ ਜੋ ਸਵੇਰ ਤੋਂ ਸ਼ਾਮ ਤੱਕ ਮਿਹਨਤ ਕਰਦੇ ਹਨ, ਆਪਣੀ ਤਨਖ਼ਾਹ ਵਿਚੋਂ ਟੈਕਸ ਕੱਟਵਾਉਂਦੇ ਹਨ ਤੇ ਉਸ ਟੈਕਸ ਨੂੰ ਦੇਸ਼ ਦੇ ਵਿਕਾਸ ਲਈ ਵਰਤਣਾ ਚਾਹੀਦਾ ਹੈ। ਪਰ ਇਹ ਪੈਸਾ ਰਾਜਨੀਤਿਕ ਪਾਰਟੀਆਂ ਅਸਿੱਧੇ ਢੰਗ ਨਾਲ ਵੋਟ ਖਰੀਦਣ ਲਈ ਬਰਬਾਦ ਕਰ ਦਿੰਦੀਆਂ ਹਨ। ਇੱਕ ਤਰ੍ਹਾਂ ਨਾਲ ਟੈਕਸ ਧਾਰਕ ਆਪਣੀਆਂ ਆਪਣੀਆਂ ਰਿਓੜੀਆਂ ਪੈਸੇ ਨਾਲ ਖਰੀਦ ਰਿਹਾ ਹੈ ਤੇ ਫਿਰ ਉਸੇ ਰਿਓੜੀ ਨਾਲ ਠੱਗਿਆ ਵੀ ਜਾ ਰਿਹਾ ਹੈ। ਇਸ ਤੋਂ ਵੱਡੀ ਮਜ਼ਾਕੀ ਗੱਲ ਹੋਰ ਕੀ ਹੋ ਸਕਦੀ ਹੈ? ਰਾਜਨੀਤਿਕ ਪਾਰਟੀਆਂ ਸੱਤਾ ਵਿਚ ਆਉਣ ਤੋਂ ਬਾਅਦ ਵਿਕਾਸ ਦਾ ਨਾਅਰਾ ਤਾਂ ਲਾਉਂਦੀਆਂ ਹਨ, ਪਰ ਉਨ੍ਹਾਂ ਦਾ ਅਸਲ ਮਕਸਦ ਸੱਤਾ ਤੇ ਕਬਜ਼ਾ ਬਣਾਈ ਰੱਖਣਾ ਹੁੰਦਾ ਹੈ, ਲੋਕਾਂ ਦਾ ਵਿਕਾਸ ਨਹੀਂ। ਇਸ ਲਈ ਉਨ੍ਹਾਂ ਨੇ ਇੱਕ ਫਾਰਮੂਲਾ ਬਣਾ ਲਿਆ ਹੈ। ਪਹਿਲੇ ਚਾਰ ਸਾਲ ਲੋਕਾਂ ਤੇ ਰੱਜ ਕੇ ਤਸ਼ੱਦਦ ਕਰੋ। ਟੈਕਸ ਵਧਾਓ, ਭ੍ਰਿਸ਼ਟਾਚਾਰ ਨੂੰ ਫੁੱਲਣ ਦਿਓ, ਨੌਕਰੀਆਂ ਦੇ ਨਾਮ ਤੇ ਰਿਸ਼ਤੇਦਾਰੀਆਂ ਚਲਾਓ ਤੇ ਲੋਕਾਂ ਦੀਆਂ ਉਮੀਦਾਂ ਦਾ ਘਾਣ ਕਰੋ। ਲੋਕ ਰੋਂਦੇ-ਪਿੱਟਦੇ ਰਹਿਣ, ਤੁਸੀਂ ਆਪਣੀਆਂ ਗੱਡੀਆਂ ਤੇ ਬੰਗਲਿਆਂ ਦਾ ਆਨੰਦ ਲੈਂਦੇ ਰਹੋ। ਫਿਰ ਜਿਵੇਂ ਹੀ ਪੰਜਵਾਂ ਸਾਲ ਆਉਂਦਾ ਹੈ, ਅਚਾਨਕ ਸਰਕਾਰ ਨੂੰ ਸੂਬੇ ਦੀਆਂ ਸਾਰੀਆਂ ਕਮੀਆਂ ਇੱਕੋ ਵਾਰ ਨਜ਼ਰ ਆਉਣ ਲੱਗਦੀਆਂ ਹਨ। ਰਾਤੋਂ ਰਾਤ ਉਹ ਤਤਪਰਤਾ ਵਿਖਾਉਣ ਲੱਗਦੀ ਹੈ ਜਿਸ ਤਤਪਰਤਾ ਨੂੰ ਚਾਰ ਸਾਲ ਤੱਕ ਉਨ੍ਹਾਂ ਨੇ ਆਪਣੀਆਂ ਤਿਜੋਰੀਆਂ ਭਰਨ ਵਿਚ ਲਗਾਇਆ ਸੀ। ਪੰਜਵੇਂ ਸਾਲ ਵਿਚ ਅਚਾਨਕ ਰੁਜ਼ਗਾਰ ਯੋਜਨਾਵਾਂ ਦੇ ਇਸ਼ਤਿਹਾਰ ਛਪਣ ਲੱਗਦੇ ਹਨ। ਨਵੀਆਂ ਨਵੀਆਂ ਸੜਕਾਂ ਦੀਆਂ ਬੁਨਿਆਦਾਂ ਰੱਖੀਆਂ ਜਾਣ ਲੱਗਦੀਆਂ ਹਨ। ਹਸਪਤਾਲਾਂ ਵਿਚ ਡਾਕਟਰਾਂ ਦੀ ਭਰਤੀ ਦਾ ਐਲਾਨ ਹੁੰਦਾ ਹੈ ਤੇ ਸਕੂਲਾਂ ਵਿਚ ਬੈਠਕਾਂ ਲੱਗਣ ਲੱਗਦੀਆਂ ਹਨ। ਪੂਰਾ ਸੂਬਾ ਇਸ ਤਰ੍ਹਾਂ ਲੱਗਦਾ ਹੈ ਜਿਵੇਂ ਮੌਜੂਦਾ ਸਰਕਾਰ ਦੀ ਰਾਤ ਦੀ ਨੀਂਦ ਵਿਚ ਵੀ ਸਿਰਫ਼ ਸੂਬੇ ਦਾ ਵਿਕਾਸ ਹੀ ਘੁੰਮ ਰਿਹਾ ਹੈ। ਪਰ ਇਹ ਤਤਪਰਤਾ ਬਹੁਤੀ ਵਾਰ ਝੋਲੀ ਚੱਕਾਂ ਲਈ ਹੁੰਦੀ ਹੈ। ਇਸ਼ਤਿਹਾਰ ਤਾਂ ਛਪ ਜਾਂਦੇ ਹਨ, ਪਰ ਨੌਕਰੀਆਂ ਉਨ੍ਹਾਂ ਲੋਕਾਂ ਨੂੰ ਮਿਲਦੀਆਂ ਹਨ ਜਿਨ੍ਹਾਂ ਦੇ ਰਿਸ਼ਤੇ ਸੱਤਾ ਧਾਰੀਆਂ ਨਾਲ ਹਨ। ਨਵੀਆਂ ਸੜਕਾਂ ਦੀਆਂ ਬੁਨਿਆਦਾਂ ਰੱਖੀਆਂ ਜਾਣ ਤੋਂ ਬਾਅਦ ਉਨ੍ਹਾਂ ਦਾ ਕੰਮ ਸ਼ੁਰੂ ਹੋ ਜਾਂਦਾ ਹੈ ਤੇ ਉਹ ਬੁਨਿਆਦਾਂ ਚੋਣਾਂ ਤੱਕ ਖੁੱਲ੍ਹੀਆਂ ਰਹਿੰਦੀਆਂ ਹਨ। ਲੋਕ ਇਸ ਤਮਾਸ਼ੇ ਨੂੰ ਵੇਖਦੇ ਹਨ ਤੇ ਫਿਰ ਵੀ ਉਮੀਦ ਰੱਖਦੇ ਹਨ, ਕਿਉਂਕਿ ਲਾਲਚ ਫਿਰ ਉਨ੍ਹਾਂ ਨੂੰ ਘੇਰ ਲੈਂਦਾ ਹੈ।

ਇਸ ਤੋਂ ਵੱਡਾ ਵਿਅੰਗ ਹੋਰ ਕੀ ਹੋ ਸਕਦਾ ਹੈ ਕਿ ਤਰੱਕੀ ਅਤੇ ਵਿਕਾਸ ਵਾਲੀ ਸੋਚ ਸਰਕਾਰ ਨੂੰ ਸਿਰਫ਼ ਆਖਰੀ ਸਾਲ ਵਿਚ ਹੀ ਆਉਂਦੀ ਹੈ? ਚਾਰ ਸਾਲ ਤੱਕ ਉਹ ਲੋਕਾਂ ਨੂੰ ਇਹ ਭਰਮ ਵਿਚ ਰੱਖਦੀ ਹੈ ਕਿ ਉਨ੍ਹਾਂ ਕੋਲ ਸਮਾਂ ਨਹੀਂ, ਉਨ੍ਹਾਂ ਨੇ ਵੱਡੀਆਂ ਯੋਜਨਾਵਾਂ ਬਣਾਉਣੀਆਂ ਹਨ। ਫਿਰ ਆਖਰੀ ਸਾਲ ਵਿਚ ਉਹ ਉਨ੍ਹੀਆਂ ਯੋਜਨਾਵਾਂ ਨੂੰ ਇੱਕੋ ਵਾਰ ਲਾਗੂ ਕਰਨ ਦਾ ਡਰਾਮਾ ਰਚਦੀ ਹੈ ਜੋ ਚਾਰ ਸਾਲ ਪਹਿਲਾਂ ਵੀ ਲਾਗੂ ਕੀਤੀਆਂ ਜਾ ਸਕਦੀਆਂ ਸਨ। ਇਸ ਡਰਾਮੇ ਦਾ ਨਤੀਜਾ ਇਹ ਹੁੰਦਾ ਹੈ ਕਿ ਸੂਬਾ ਕਰਜ਼ੇ ਵਿਚ ਡੁੱਬ ਜਾਂਦਾ ਹੈ, ਟੈਕਸ ਧਾਰਕਾਂ ਦੀ ਜੇਬ ਖਾਲੀ ਹੋ ਜਾਂਦੀ ਹੈ ਤੇ ਲੋਕ ਫਿਰ ਵੀ ਉਸੇ ਪਾਰਟੀ ਨੂੰ ਵੋਟ ਦੇ ਦਿੰਦੇ ਹਨ ਜਿਸ ਨੇ ਉਨ੍ਹਾਂ ਨਾਲ ਧੋਖਾ ਕੀਤਾ ਹੈ। ਇਸ ਲਈ ਇੱਕ ਸਾਲ ਦੀ ਸਰਕਾਰ ਵਾਲੀ ਤਜਵੀਜ਼ ਬਿਲਕੁਲ ਵਿਅੰਗਮਈ ਨਹੀਂ, ਸਗੋਂ ਅਸਲੀਅਤ ਤੋਂ ਬਹੁਤ ਨੇੜੇ ਹੈ। ਚੋਣਾਂ ਵਿਚ ਖਰਚਾ ਤਾਂ ਆਉਂਦਾ ਹੈ, ਪਰ ਇਹ ਖਰਚਾ ਉਸ ਲੁੱਟ ਦੇ ਮੁਕਾਬਲੇ ਬਹੁਤ ਘੱਟ ਹੈ ਜੋ ਚਾਰ ਸਾਲ ਵਿਚ ਹੁੰਦੀ ਹੈ। ਚਾਰ ਸਾਲ ਵਿਚ ਸਰਕਾਰਾਂ ਇੰਨਾ ਕਰਜ਼ਾ ਚੜ੍ਹਾ ਦਿੰਦੀਆਂ ਹਨ ਕਿ ਉਸ ਕਰਜ਼ੇ ਦਾ ਵਿਆਜ ਵੀ ਅਗਲੀਆਂ ਚਾਰ ਪੀੜ੍ਹੀਆਂ ਭਰਦੀਆਂ ਹਨ। ਇਸ ਲਈ ਹਰ ਸਾਲ ਚੋਣਾਂ ਕਰਵਾਉਣਾ ਭਾਵੇਂ ਮਹਿੰਗਾ ਲੱਗੇ, ਪਰ ਇਹ ਖਰਚਾ ਝੱਲਿਆ ਜਾ ਸਕਦਾ ਹੈ। ਇੱਕ ਸਾਲ ਵਿਚ ਸਰਕਾਰ ਕੋਲ ਵਿਕਾਸ ਤੋਂ ਇਲਾਵਾ ਕੋਈ ਰਸਤਾ ਨਹੀਂ ਬਚੇਗਾ। ਉਸ ਨੂੰ ਇੱਕੋ ਵਾਰ ਵਿਕਾਸ ਕਰਕੇ ਦਿਖਾਉਣਾ ਪਵੇਗਾ। ਜੇ ਉਹ ਕੰਮ ਕਰਕੇ ਦਿਖਾਉਂਦੀ ਹੈ ਤਾਂ ਲੋਕ ਉਸ ਨੂੰ ਅਗਲੇ ਸਾਲ ਵੀ ਮੌਕਾ ਦੇ ਦੇਣਗੇ। ਇਸ ਤਰ੍ਹਾਂ ਇੱਕ ਲੜੀ ਚੱਲਦੀ ਰਹੇਗੀ, ਜਿਸ ਵਿਚ ਸਰਕਾਰਾਂ ਚਾਹੇ ਮਜਬੂਰੀ ਵਿਚ ਚਾਹੇ ਖੁਸ਼ੀ ਨਾਲ ਸੂਬੇ ਦੇ ਵਿਕਾਸ ਨੂੰ ਤਰਜੀਹ ਦੇਣ ਲਈ ਮਜਬੂਰ ਹੋ ਜਾਣਗੀਆਂ। ਇਹ ਵਿਅੰਗ ਉਸ ਵਿਅਕਤੀ ਲਈ ਹੈ ਜੋ ਚੋਣਾਂ ਵੇਲੇ ਰਿਓੜੀਆਂ ਲੈ ਕੇ ਆਪਣਾ ਭਵਿੱਖ ਵੇਚਦਾ ਹੈ। ਇਹ ਉਸ ਸਰਕਾਰ ਲਈ ਹੈ ਜੋ ਚਾਰ ਸਾਲ ਲੋਕਾਂ ਨੂੰ ਲੁੱਟਦੀ ਹੈ ਤੇ ਇੱਕ ਸਾਲ ਵਿਚ ਡਰਾਮਾ ਰਚਦੀ ਹੈ। ਇਹ ਉਸ ਟੈਕਸ ਧਾਰਕ ਲਈ ਹੈ ਜੋ ਆਪਣੀ ਮਿਹਨਤ ਨਾਲ ਕਮਾਇਆ ਪੈਸਾ ਰਾਜਨੀਤੀ ਦੀਆਂ ਰਿਓੜੀਆਂ ਵਿਚ ਬਰਬਾਦ ਹੁੰਦਾ ਵੇਖਦਾ ਹੈ। ਜੇਕਰ ਇਸ ਤਜਵੀਜ਼ ਨੂੰ ਲਾਗੂ ਕੀਤਾ ਗਿਆ ਤਾਂ ਭਾਰਤ ਦੇ ਹਰ ਸੂਬੇ ਵਿਚ ਵਿਕਾਸ ਇੱਕ ਲਾਜ਼ਮੀ ਗੱਲ ਬਣ ਜਾਵੇਗੀ। ਸਰਕਾਰਾਂ ਨੂੰ ਹਰ ਸਾਲ ਇਹ ਸਾਬਤ ਕਰਨਾ ਪਵੇਗਾ ਕਿ ਉਨ੍ਹਾਂ ਨੇ ਲੋਕਾਂ ਲਈ ਕੀ ਕੀਤਾ ਹੈ। ਲਾਲਚੀ ਵੋਟਰ ਵੀ ਇੱਕ ਵਾਰ ਫਿਰ ਸੋਚੇਗਾ ਕਿ ਉਸ ਨੂੰ ਰਿਓੜੀਆਂ ਤੋਂ ਉਪਰ ਉਠ ਕੇ ਵਿਕਾਸ ਵੱਲ ਵੇਖਣਾ ਚਾਹੀਦਾ ਹੈ। ਇਸ ਲਈ ਆਓ ਇਸ ਵਿਅੰਗ ਨੂੰ ਅਸਲੀਅਤ ਬਣਾਈਏ। ਜੇ ਤਰੱਕੀ ਚਾਹੀਦੀ ਹੈ ਤਾਂ ਸਰਕਾਰ ਚੁਣੋ ਇੱਕ ਸਾਲ ਦੀ। ਫਿਰ ਦੇਖੋ ਕਿ ਇੱਕ ਸਾਲ ਵਿਚ ਉਹ ਕੀ ਕਰਦੀ ਹੈ ਜੋ ਪੰਜ ਸਾਲ ਵਿਚ ਨਹੀਂ ਕਰ ਸਕੀ। ਇਹ ਤਜਵੀਜ਼ ਨਾ ਤਾਂ ਰਾਜਨੀਤੀ ਨੂੰ ਖਤਮ ਕਰਦੀ ਹੈ ਤੇ ਨਾ ਹੀ ਲੋਕਤੰਤਰ ਨੂੰ ਖਤਮ ਕਰਦੀ ਹੈ। ਇਹ ਤਾਂ ਉਸ ਲੋਕਤੰਤਰ ਨੂੰ ਸਾਫ਼ ਕਰਦੀ ਹੈ ਜੋ ਮੁੱਫਤ ਦੀਆਂ ਰਿਓੜੀਆਂ ਤੇ ਚੱਲ ਰਿਹਾ ਹੈ। ਇੱਕ ਸਾਲ ਦੀ ਸਰਕਾਰ ਉਸ ਲੋਕਤੰਤਰ ਦੀ ਅਸਲ ਰੂਹ ਬਣ ਸਕਦੀ ਹੈ ਜਿਸ ਵਿਚ ਲੋਕ ਆਪਣੇ ਫੈਸਲੇ ਦੀ ਕੀਮਤ ਤੁਰੰਤ ਚੁਕਾਉਂਦੇ ਹਨ ਤੇ ਰਾਜਨੀਤੀ ਵੀ ਆਪਣੀ ਜ਼ਿੰਮੇਵਾਰੀ ਤੁਰੰਤ ਨਿਭਾਉਂਦੀ ਹੈ। ਇਸ ਤੋਂ ਵੱਡੀ ਤਰੱਕੀ ਹੋਰ ਕੀ ਹੋ ਸਕਦੀ ਹੈ?

**ਸੰਦੀਪ ਕੁਮਾਰ**
**ਸੰਪਰਕ** : 7009807121

# ਭਾਰਤ ਦੇ ਵਿਕਾਸ ਦੀ ਕਹਾਣੀ ਦੇ ਕੇਂਦਰ ਵਿੱਚ ਮਹਿਲਾਵਾਂ

ਜ਼ਿਕਰ ਪੰਜਾਬ

ਭਾਰਤ ਦੀ ਵਿਕਾਸ ਦੀ ਕਹਾਣੀ ਨੂੰ ਅਕਸਰ ਸੰਖਿਆਵਾਂ, ਵਿਕਾਸ ਦਰਾਂ, ਬੁਨਿਆਦੀ ਢਾਂਚੇ ਦੇ ਵਿਸਥਾਰ ਅਤੇ ਆਰਥਿਕ ਪ੍ਰਾਪਤੀਆਂ ਦੇ ਰੂਪ ਵਿੱਚ ਪ੍ਰਗਟ ਕੀਤਾ ਜਾਂਦਾ ਹੈ। ਪਰ, ਪਿਛਲੇ ਦਹਾਕੇ ਦਾ ਸਭ ਤੋਂ ਵੱਡਾ ਬਦਲਾਅ ਅੰਕੜਿਆਂ ਤੋਂ ਪਰੇ ਹੈ। ਇਹ ਇੱਕ ਡੂੰਘੇ ਸਮਾਜਿਕ ਬਦਲਾਅ ਵਿੱਚ ਝਲਕਦਾ ਹੈ ਮਹਿਲਾਵਾਂ ਦਾ ਕੇਵਲ ਭਾਗੀਦਾਰ ਵਜੋਂ ਨਹੀਂ, ਸਗੋਂ ਰਾਸ਼ਟਰ ਦੇ ਭਵਿੱਖ ਨੂੰ ਰੂਪ ਦੇਣ ਵਾਲੀਆਂ ਮੋਹਰੀ ਸ਼ਖ਼ਸੀਅਤਾਂ ਵਜੋਂ ਉਭਰਨਾ। ਮਹਿਲਾਵਾਂ ਦੀ ਅਗਵਾਈ ਵਿੱਚ ਵਿਕਾਸ ਵੱਲ ਇਹ ਬਦਲਾਅ ਨਾ ਤਾਂ ਅਚਾਨਕ ਹੈ ਅਤੇ ਨਾ ਹੀ ਵੱਖਰਾ ਹੈ। ਇਹ ਇੱਕ ਸੋਚ-ਸਮਝ ਕੇ ਕੀਤੇ ਗਏ ਨਿਰੰਤਰ ਯਤਨ ਦਾ ਨਤੀਜਾ ਹੈ, ਜੋ ਜੀਵਨ ਦੇ ਹਰ ਪੜਾਅ ਵਿੱਚ ਮਹਿਲਾਵਾਂ ਨੂੰ ਸਮਰਥਨ ਦੇਣ ਲਈ ਇੱਕ ਸਮਰੱਥ ਈਕੋਸਿਸਟਮ ਦਾ ਨਿਰਮਾਣ ਕਰਦਾ ਹੈ। ਲੜਕੀ ਦੇ ਜਨਮ ਤੋਂ ਲੈ ਕੇ ਉਦਮੀ, ਪੇਸ਼ੇਵਰ, ਜਾਂ ਜਨਤਕ ਪ੍ਰਤੀਨਿਧੀ ਵਜੋਂ ਉਸ ਦੀ ਯਾਤਰਾ ਤੱਕ, ਇਹ ਪਹੁੰਚ ਸੰਪੂਰਨ, ਸਥਾਈ ਅਤੇ ਪਰਿਵਰਤਨਕਾਰੀ ਰਹੀ ਹੈ। ਰਾਜਨੀਤਿਕ ਭਾਗੀਦਾਰੀ ਵਿੱਚ ਇੱਕ ਮਹੱਤਵਪੂਰਨ ਤਬਦੀਲੀ ਦੇਖੀ ਗਈ ਹੈ। ਚੁਣੀਆਂ ਹੋਈਆਂ ਮਹਿਲਾ ਪ੍ਰਤੀਨਿਧੀਆਂ ਦੀ ਗਿਣਤੀ 12,14,885 ਹੈ, ਜਿਨ੍ਹਾਂ ਦੀ ਕੁੱਲ 24,41,781 ਚੁਣੇ ਹੋਏ ਪ੍ਰਤੀਨਿਧੀਆਂ ਵਿੱਚ ਹਿੱਸੇਦਾਰੀ 49.75% ਹੈ—ਇਸ ਪ੍ਰਕਾਰ, ਮਹਿਲਾਵਾਂ ਜ਼ਮੀਨੀ ਪੱਧਰ 'ਤੇ ਸ਼ਾਸਨ ਵਿੱਚ ਸਰਗਰਮ ਰੂਪ ਵਿੱਚ ਹਿੱਸਾ ਲੈ ਰਹੀਆਂ ਹਨ। ਇਸ ਲੜੀ ਵਿੱਚ, ਨਾਰੀ ਸ਼ਕਤੀ ਵੰਦਨ ਅਧਿਨਿਯਮ ਇੱਕ ਇਤਿਹਾਸਕ ਅਤੇ ਪਰਿਵਰਤਨਕਾਰੀ ਉਪਲਬਧੀ ਹੈ, ਜਿਸ ਦੇ ਤਹਿਤ ਲੋਕ ਸਭਾ ਅਤੇ ਰਾਜ ਵਿਧਾਨ ਸਭਾਵਾਂ ਵਿੱਚ ਮਹਿਲਾਵਾਂ ਲਈ ਇੱਕ-ਤਿਹਾਈ ਰਾਖਵੇਂਕਰਨ ਦੀ ਵਿਵਸਥਾ ਕੀਤੀ ਗਈ ਹੈ। ਇਹ ਉੱਚ ਵਿਧਾਨਕ ਖੇਤਰਾਂ ਵਿੱਚ ਮਹਿਲਾਵਾਂ ਦੀ ਲੀਡਰਸ਼ਿਪ ਸਮਰੱਥਾ ਨੂੰ ਮਜ਼ਬੂਤ ਕਰਨ ਵਿੱਚ ਰਾਸ਼ਟਰ ਦੀ ਅਟੱਲ ਵਚਨਬੱਧਤਾ ਨੂੰ ਦਰਸਾਉਂਦਾ ਹੈ। ਇਸ ਇਤਿਹਾਸਕ ਸੁਧਾਰ ਦੀ ਅਸਲ ਸਮਰੱਥਾ ਕੇਵਲ ਇਸ ਦੇ ਪ੍ਰਭਾਵਸ਼ਾਲੀ ਲਾਗੂਕਰਨ ਰਾਹੀਂ ਹੀ ਹਾਸਲ ਕੀਤੀ ਜਾ ਸਕਦੀ ਹੈ। ਅਧਿਨਿਯਮ ਦੀਆਂ ਵਿਵਸਥਾਵਾਂ ਨੂੰ ਜਲਦ ਤੋਂ ਜਲਦ ਲਾਗੂ ਕਰਨ ਦੀ ਜ਼ਰੂਰਤ ਹੈ, ਤਾਂ ਜੋ ਮਹਿਲਾਵਾਂ ਦੀ ਆਵਾਜ਼ ਨੂੰ ਸਿਰਫ਼ ਮਾਨਤਾ ਹੀ ਨਾ ਮਿਲੇ, ਸਗੋਂ ਦੇਸ਼ ਦੇ ਲੋਕਤੰਤਰੀ ਢਾਂਚੇ ਵਿੱਚ ਇਸ ਨੂੰ ਸੰਸਥਾਗਤ ਰੂਪ ਵਿੱਚ ਸ਼ਾਮਲ ਕੀਤਾ ਜਾ ਸਕੇ। ਇਸ ਦੇ ਜਲਦੀ ਲਾਗੂ ਹੋਣ ਨਾਲ ਨਾ ਸਿਰਫ਼ ਸਮਾਵੇਸ਼ੀ ਸ਼ਾਸਨ ਨੂੰ ਗਤੀ ਮਿਲੇਗੀ, ਸਗੋਂ ਇਹ ਬਿਹਤਰ ਪ੍ਰਤੀਨਿਧਤਾ ਅਤੇ ਨਿਆਂਪੂਰਨ ਰਾਜਨੀਤਿਕ ਦ੍ਰਿਸ਼ ਲਈ ਇੱਕ ਸ਼ਕਤੀਸ਼ਾਲੀ ਉਤਪ੍ਰੇਰਕ ਵਜੋਂ ਵੀ ਕੰਮ ਕਰੇਗਾ। ਦਹਾਕਿਆਂ ਤੱਕ, ਲਿੰਗ ਪੱਖਪਾਤ ਨੇ ਭਾਰਤ ਦੇ ਜਨਸੰਖਿਅਕ ਅਤੇ ਸਮਾਜਿਕ ਸੂਚਕਾਂ ਨੂੰ ਪ੍ਰਭਾਵਿਤ ਕੀਤਾ। ਅੱਜ, ਉਹ ਕਹਾਣੀ ਹੌਲੀ-ਹੌਲੀ ਮੁੜ ਲਿਖੀ ਜਾ ਰਹੀ ਹੈ। 'ਬੇਟੀ ਬਚਾਓ ਬੇਟੀ ਪੜ੍ਹਾਓ' ਵਰਗੀਆਂ ਪਹਿਲਕਦਮੀਆਂ ਨੇ ਡੂੰਘੀਆਂ ਜੜ੍ਹਾਂ ਜਮਾ ਚੁੱਕੀਆਂ ਮਾਨਸਿਕਤਾਵਾਂ ਨੂੰ ਚੁਣੌਤੀ ਦੇਣ ਅਤੇ ਲੜਕੀ ਦੀ ਕੀਮਤ ਨੂੰ ਮਜ਼ਬੂਤ ਕਰਨ ਦਾ ਯਤਨ ਕੀਤਾ ਹੈ। ਇਸ ਦਾ ਪ੍ਰਭਾਵ ਰਾਸ਼ਟਰੀ ਪਰਿਵਾਰ ਸਿਹਤ ਸਰਵੇਖਣ (ਐੱਨਐੱਫਐੱਚਐੱਸ-5) ਵਿੱਚ ਦਿਖਾਈ ਦਿੰਦਾ ਹੈ, ਜਿਸ ਵਿੱਚ 1,000 ਮਰਦਾਂ ਪਿੱਛੇ 1,020 ਮਹਿਲਾਵਾਂ ਦਾ ਲਿੰਗ ਅਨੁਪਾਤ ਦਰਜ ਕੀਤਾ ਗਿਆ ਹੈ, ਜੋ ਸਿਰਫ਼ ਸੰਖਿਆਤਮਕ ਸੁਧਾਰ ਹੀ ਨਹੀਂ ਸਗੋਂ ਸਮਾਜਿਕ ਬਦਲਾਅ ਦਾ ਵੀ ਸੰਕੇਤ ਦਿੰਦਾ ਹੈ। 'ਮਿਸ਼ਨ ਇੰਦਰਧਨੁਸ਼' ਵਰਗੇ ਪ੍ਰੋਗਰਾਮ ਜੀਵਨ ਦੇ ਸ਼ੁਰੂਆਤੀ ਪੜਾਅ ਵਿੱਚ ਮੁਕੰਮਲ ਟੀਕਾਕਰਨ ਯਕੀਨੀ ਬਣਾਉਂਦੇ ਹਨ। 'ਮਿਸ਼ਨ ਸਕਸ਼ਮ ਆਂਗਣਵਾੜੀ', 'ਪੋਸ਼ਣ 2.0', ਅਤੇ 'ਪੋਸ਼ਣ ਅਭਿਆਨ' ਦੇ ਯਤਨ ਕੁਪੋਸ਼ਣ ਦਾ ਹੱਲ ਕਰਦੇ ਹਨ ਇਹ ਮੰਨਦੇ ਹੋਏ ਕਿ ਸਿਹਤਮੰਦ ਬਚਪਨ, ਸਸ਼ਕਤ ਬਾਲਗਪੁਣੇ ਵੱਲ ਪਹਿਲਾ ਕਦਮ ਹੁੰਦਾ ਹੈ। ਮਾਵਾਂ ਲਈ, ਸੰਸਥਾਗਤ ਸਮਰਥਨ ਵਿੱਚ ਕਾਫ਼ੀ ਵਿਸਥਾਰ ਹੋਇਆ ਹੈ।



ਪੀਐੱਮਐੱਮਵੀਵਾਈ ਦੇ ਤਹਿਤ, 4.28 ਕਰੋੜ ਤੋਂ ਵੱਧ ਮਹਿਲਾਵਾਂ ਨੂੰ 20,149 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਵੰਡੀ ਗਈ ਹੈ, ਜੋ ਗਰਭ ਅਵਸਥਾ ਦੌਰਾਨ ਵਿੱਤੀ ਸਹਾਇਤਾ ਪ੍ਰਦਾਨ ਕਰਦੀ ਹੈ। ਮਹਿਲਾਵਾਂ ਸਿਰਫ਼ ਹਿੱਸਾ ਹੀ ਨਹੀਂ ਲੈ ਰਹੀਆਂ ਉਹ ਅਗਵਾਈ ਵੀ ਕਰ ਰਹੀਆਂ ਹਨ। ਭਾਰਤ ਦੇ ਸਟਾਰਟਅੱਪ ਈਕੋਸਿਸਟਮ ਵਿੱਚ ਸੰਸਥਾਪਕਾਂ ਅਤੇ ਫੈਸਲਾ ਲੈਣ ਵਾਲਿਆਂ ਵਜੋਂ ਮਹਿਲਾਵਾਂ ਦੀ ਭੂਮਿਕਾ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ ਅਤੇ ਉਹ ਨਵੀਨਤਾ ਅਤੇ ਉੱਦਮ ਵਿੱਚ ਵੀ ਯੋਗਦਾਨ ਪਾ ਰਹੀਆਂ ਹਨ। ਇਸ ਤਬਦੀਲੀ ਵਿੱਚ ਵਿੱਤੀ ਸਮਾਵੇਸ਼ ਨੇ ਅਹਿਮ ਭੂਮਿਕਾ ਨਿਭਾਈ ਹੈ। ਪੀਐੱਮਐੱਮਵਾਈ ਦੇ ਤਹਿਤ, 40 ਲੱਖ ਕਰੋੜ ਰੁਪਏ ਤੋਂ ਵੱਧ ਮੁੱਲ ਦੇ 57.79 ਕਰੋੜ ਕਰਜ਼ੇ ਪ੍ਰਦਾਨ ਕੀਤੇ ਗਏ ਹਨ, ਜਿਨ੍ਹਾਂ ਵਿੱਚ ਲਗਭਗ 66% ਲਾਭਪਾਤਰੀ ਮਹਿਲਾਵਾਂ ਹਨ। ਹਰੇਕ ਕਰਜ਼ਾ ਸਿਰਫ਼ ਵਿੱਤੀ ਸਹਾਇਤਾ ਦਾ ਹੀ ਨਹੀਂ, ਸਗੋਂ ਮਹਿਲਾਵਾਂ ਦੀਆਂ ਇੱਛਾਵਾਂ ਵਿੱਚ ਵਿਸ਼ਵਾਸ ਦਾ ਵੀ ਪ੍ਰਤੀਕ ਹੈ। ਇਸ ਦੇ ਪੂਰਕ ਵਜੋਂ, ਜਨ ਧਨ ਯੋਜਨਾ ਦੇ ਤਹਿਤ ਵਿੱਤੀ ਸਮਾਵੇਸ਼ ਹੋਰ ਡੂੰਘਾ ਹੋਇਆ ਹੈ, ਜਿਸ ਦੇ ਅਧੀਨ 57.93 ਕਰੋੜ ਬੈਂਕ ਖਾਤੇ ਖੋਲ੍ਹੇ ਗਏ ਹਨ, ਜਿਨ੍ਹਾਂ ਵਿੱਚੋਂ 32.29 ਕਰੋੜ (55.7%) ਮਹਿਲਾਵਾਂ ਦੇ ਹਨ। ਜ਼ਮੀਨੀ ਪੱਧਰ 'ਤੇ, ਪਰਿਵਰਤਨ ਦਾ ਪੈਮਾਨਾ ਹੋਰ ਵੀ ਜ਼ਿਆਦਾ ਪ੍ਰਭਾਵਸ਼ਾਲੀ ਹੈ। ਲਗਭਗ 10 ਕਰੋੜ ਮਹਿਲਾਵਾਂ ਨੂੰ 90 ਲੱਖ ਤੋਂ ਵੱਧ ਸਵੈ-ਸਹਾਇਤਾ ਸਮੂਹਾਂ ਵਿੱਚ ਸੰਗਠਿਤ ਕੀਤਾ ਗਿਆ ਹੈ, ਜਿਸ ਨਾਲ ਸਮੂਹਿਕ ਸਹਿਣਸ਼ੀਲਤਾ, ਵਿੱਤੀ ਸੁਤੰਤਰਤਾ ਅਤੇ ਸਮਾਜਿਕ ਆਤਮ-ਵਿਸ਼ਵਾਸ ਨੂੰ ਹੁਲਾਰਾ ਮਿਲਿਆ ਹੈ। ਇਸ ਈਕੋਸਿਸਟਮ ਨੇ 3 ਕਰੋੜ ਤੋਂ ਵੱਧ ਮਹਿਲਾਵਾਂ ਨੂੰ ਲਖਪਤੀ ਦੀਦੀ ਵਜੋਂ ਉਭਰਨ ਵਿੱਚ ਸਮਰੱਥ ਬਣਾਇਆ ਹੈ ਅਤੇ ਸਵੈ-ਸਹਾਇਤਾ ਸਮੂਹਾਂ ਨੂੰ 12.50 ਲੱਖ ਕਰੋੜ ਰੁਪਏ ਤੋਂ ਵੱਧ ਦਾ ਬੈਂਕ ਕਰਜ਼ਾ ਪ੍ਰਾਪਤ ਹੋਇਆ ਹੈ। ਇਸ ਤੋਂ ਇਲਾਵਾ, 84 ਲੱਖ ਗ੍ਰਾਮੀਣ ਮਹਿਲਾਵਾਂ ਉਦਮੀ ਬਣ ਚੁੱਕੀਆਂ ਹਨ, ਜਦੋਂ ਕਿ 5 ਕਰੋੜ ਮਹਿਲਾ ਕਿਸਾਨਾਂ ਨੇ ਉੱਨਤ ਅਤੇ ਟਿਕਾਊ ਖੇਤੀ ਅਭਿਆਸਾਂ ਵਿੱਚ ਸਿਖਲਾਈ ਪ੍ਰਾਪਤ ਕੀਤੀ ਹੈ। ਸੁਭਾਵਿਕ ਤੌਰ 'ਤੇ ਅਗਲਾ ਸਵਾਲ ਉੱਠਦਾ ਹੈ ਕੀ ਸਸ਼ਕਤੀਕਰਨ, ਆਜੀਵਿਕਾ ਤੋਂ ਖੁਸ਼ਹਾਲੀ ਵੱਲ ਵਧ ਸਕਦਾ ਹੈ? ਲਖਪਤੀ ਦੀਦੀ ਵਰਗੀਆਂ ਪਹਿਲਕਦਮੀਆਂ ਦਾ ਟੀਚਾ ਆਮਦਨ ਦੇ ਸਾਧਨਾਂ ਨੂੰ ਮਜ਼ਬੂਤ ਕਰਨਾ ਹੈ, ਜਦੋਂ ਕਿ ਡਰੋਨ ਦੀਦੀ ਪਹਿਲ, ਜਿਸ ਦਾ ਟੀਚਾ 15,000 ਮਹਿਲਾਵਾਂ ਨੂੰ ਡਰੋਨ ਪਾਇਲਟ ਵਜੋਂ ਸਿਖਲਾਈ ਦੇਣਾ ਹੈ, ਇੱਕ ਦੂਰਅੰਦੇਸ਼ੀ ਪਹੁੰਚ ਨੂੰ ਦਰਸਾਉਂਦੀ ਹੈ ਗ੍ਰਾਮੀਣ ਮਹਿਲਾਵਾਂ ਨੂੰ ਤਕਨਾਲੋਜੀ-ਸੰਚਾਲਿਤ ਖੇਤੀਬਾੜੀ ਈਕੋਸਿਸਟਮ ਵਿੱਚ ਏਕੀਕ੍ਰਿਤ ਕਰਨਾ। ਸਸ਼ਕਤੀਕਰਨ ਦਾ ਮਤਲਬ ਰੋਜ਼ਾਨਾ ਦੇ ਬੋਝ ਨੂੰ ਸੌਖਾ ਬਣਾਉਣਾ ਵੀ ਹੈ। ਪ੍ਰਧਾਨ ਮੰਤਰੀ ਉੱਜਵਲਾ ਯੋਜਨਾ ਦੇ ਤਹਿਤ 10.56 ਕਰੋੜ ਤੋਂ ਵੱਧ ਧੂੰਆਂ-ਰਹਿਤ ਰਸੋਈ ਘਰਾਂ ਨੇ ਸਿਹਤ ਵਿੱਚ ਸੁਧਾਰ ਕੀਤਾ ਹੈ ਅਤੇ ਮੁਸ਼ਕਲਾਂ ਨੂੰ ਘੱਟ ਕੀਤਾ ਹੈ। ਸਵੱਛ ਭਾਰਤ ਮਿਸ਼ਨ ਦੇ ਤਹਿਤ 11.8 ਕਰੋੜ ਤੋਂ ਵੱਧ ਪਖਾਨਿਆਂ ਦੇ ਨਿਰਮਾਣ ਨੇ ਮਾਣ-ਸਤਿਕਾਰ ਅਤੇ ਸੁਰੱਖਿਆ ਵਿੱਚ ਵਾਧਾ ਕੀਤਾ ਹੈ। ਪ੍ਰਧਾਨ ਮੰਤਰੀ ਆਵਾਸ ਯੋਜਨਾ, ਜਿਸ ਦੀਆਂ 73% ਲਾਭਪਾਤਰੀ ਮਹਿਲਾਵਾਂ ਹਨ, ਦੇ ਤਹਿਤ ਬਣੇ ਘਰਾਂ ਨੇ ਮਾਲਕੀ ਅਤੇ ਸੁਰੱਖਿਆ ਨੂੰ ਮਜ਼ਬੂਤ ਕੀਤਾ ਹੈ। ਮਿਲ ਕੇ ਇਹ ਸਾਰੀਆਂ ਪਹਿਲਕਦਮੀਆਂ ਰੋਜ਼ਾਨਾ ਜੀਵਨ ਵਿੱਚ ਮਾਣ-ਸਤਿਕਾਰ ਦੀ ਪਰਿਭਾਸ਼ਾ ਨੂੰ ਨਵੇਂ ਸਿਰੇ ਤੋਂ ਸਥਾਪਿਤ ਕਰਦੀਆਂ ਹਨ। ਇਸ ਦੇ ਨਾਲ ਹੀ, ਮਹਿਲਾਵਾਂ ਉਨ੍ਹਾਂ ਥਾਵਾਂ 'ਤੇ ਵੀ ਪ੍ਰਵੇਸ਼ ਕਰ ਰਹੀਆਂ ਹਨ, ਜਿਨ੍ਹਾਂ ਨੂੰ ਕਦੇ ਉਨ੍ਹਾਂ ਦੀ ਪਹੁੰਚ ਤੋਂ ਬਾਹਰ ਮੰਨਿਆ ਜਾਂਦਾ ਸੀ। ਸਸ਼ਸਤਰ ਬਲ (ਹਥਿਆਰਬੰਦ ਸੈਨਾਵਾਂ) ਇਸ ਬਦਲਦੀ ਹੋਈ ਅਸਲੀਅਤ ਨੂੰ ਦਰਸਾਉਂਦੇ ਹਨ, ਜਿੱਥੇ ਮਹਿਲਾਵਾਂ ਅਗਵਾਈ ਅਤੇ ਜ਼ਿੰਮੇਵਾਰੀ ਦੀਆਂ ਭੂਮਿਕਾਵਾਂ ਨਿਭਾ ਰਹੀਆਂ ਹਨ, ਜਿਸ ਵਿੱਚ ਜੰਗੀ ਖੇਤਰ ਵੀ ਸ਼ਾਮਲ ਹਨ। ਸਵਾਲ ਹੁਣ ਇਹ ਨਹੀਂ ਹੈ ਕਿ ਮਹਿਲਾਵਾਂ ਸੇਵਾ ਕਰ ਸਕਦੀਆਂ ਹਨ ਜਾਂ ਨਹੀਂ, ਸਗੋਂ ਇਹ ਹੈ ਕਿ ਉਹ ਕਿੰਨੀ ਦੂਰ ਤੱਕ ਅਗਵਾਈ ਕਰ ਸਕਦੀਆਂ ਹਨ। ਕਾਰਜਸਥਾਨ ਦੇ ਸੁਧਾਰਾਂ ਨੇ ਵੀ ਇਸ ਬਦਲਾਅ ਵਿੱਚ ਯੋਗਦਾਨ ਪਾਇਆ ਹੈ। ਨਵੀਂ ਕਿਰਤ ਸੰਹਿਤਾਵਾਂ ਮਹਿਲਾ ਕਰਮਚਾਰੀਆਂ ਨੂੰ ਉਚਿਤ ਸੁਰੱਖਿਆ ਉਪਾਵਾਂ ਦੇ ਨਾਲ ਵੱਖ-ਵੱਖ ਖੇਤਰਾਂ ਵਿੱਚ, ਜਿਸ ਵਿੱਚ ਰਾਤ ਦੀ ਸ਼ਿਫਟ ਵੀ ਸ਼ਾਮਲ ਹੈ, ਕੰਮ ਕਰਨ ਦੇ ਯੋਗ ਬਣਾ ਕੇ ਸਮਾਵੇਸ਼ ਨੂੰ ਉਤਸ਼ਾਹਿਤ ਕਰਦੀਆਂ ਹਨ। ਇਹ ਸੰਹਿਤਾਵਾਂ ਬਰਾਬਰ ਤਨਖਾਹ, ਸਮਾਜਿਕ ਸੁਰੱਖਿਆ ਅਤੇ ਸਨਮਾਨ 'ਤੇ ਜ਼ੋਰ ਦਿੰਦੀਆਂ ਹਨ ਸੁਰੱਖਿਆ ਤੋਂ ਸਸ਼ਕਤੀਕਰਨ ਵੱਲ ਬਦਲਾਅ ਨੂੰ ਰੇਖਾਂਕਿਤ ਕਰਦੀਆਂ ਹਨ। ਸੰਸਥਾਗਤ ਸਮਰਥਨ ਇੱਕ ਮਹੱਤਵਪੂਰਨ ਥੰਮ?ਹ ਰਿਹਾ ਹੈ। ਰਾਸ਼ਟਰੀ ਮਹਿਲਾ ਕਮਿਸ਼ਨ (ਐੱਨਸੀਡਬਲਿਊ) ਨੇ ਸ਼ਿਕਾਇਤ ਨਿਵਾਰਣ ਤੋਂ ਅੱਗੇ ਵਧ ਕੇ ਸਰਗਰਮ ਸ਼ਮੂਲੀਅਤ ਅਤੇ ਸਮਰੱਥਾ ਨਿਰਮਾਣ ਦੇ ਖੇਤਰ ਵਿੱਚ ਵੀ ਆਪਣਾ ਵਿਸਥਾਰ ਕੀਤਾ ਹੈ। 'ਸ਼ੀ ਸਰਵਜ਼' ਵਰਗੀਆਂ ਪਹਿਲਕਦਮੀਆਂ ਮਹਿਲਾ ਉਮੀਦਵਾਰਾਂ ਦਾ ਮਾਰਗਦਰਸ਼ਨ ਕਰਦੀਆਂ ਹਨ, ਜਦੋਂ ਕਿ 'ਯਸ਼ੋਦਾ ਏਆਈ' ਉਨ੍ਹਾਂ ਨੂੰ ਉਭਰਦੇ ਤਕਨੀਕੀ ਹੁਨਰ ਪ੍ਰਦਾਨ ਕਰਦੀ ਹੈ। 'ਕੈਂਪਸ ਕਾਲਿੰਗ' ਨੌਜਵਾਨਾਂ ਵਿੱਚ ਜਾਗਰੂਕਤਾ ਵਧਾਉਂਦਾ ਹੈ, 'ਸ਼ੀ ਇਜ਼ ਅ ਚੇਂਜ ਮੇਕਰ' ਪ੍ਰੋਗਰਾਮ ਜ਼ਮੀਨੀ ਪੱਧਰ 'ਤੇ ਲੀਡਰਸ਼ਿਪ ਸਮਰੱਥਾ ਨੂੰ ਮਜ਼ਬੂਤ ਕਰਦਾ ਹੈ ਅਤੇ 'ਮਹਿਲਾ ਜਨਸੁਣਵਾਈ' ਸੁਲਭ ਸ਼ਿਕਾਇਤ ਨਿਵਾਰਣ ਯਕੀਨੀ ਬਣਾਉਂਦਾ ਹੈ। ਜੋ ਉੱਭਰ ਕੇ ਸਾਹਮਣੇ ਆਉਂਦਾ ਹੈ, ਉਹ ਯਤਨਾਂ ਦਾ ਇੱਕ ਸ਼ਕਤੀਸ਼ਾਲੀ ਤਾਲਮੇਲ ਹੈ, ਜੋ ਮਹਿਲਾ-ਅਗਵਾਈ ਵਾਲੇ ਵਿਕਾਸ ਦੇ ਨਵੇਂ ਯੁੱਗ ਨੂੰ ਰੂਪ ਦੇ ਰਿਹਾ ਹੈ।



**ਸ਼੍ਰੀਮਤੀ ਵਿਜਯਾ ਰਹਾਟਕਰ**
**(ਲੇਖਿਕਾ ਰਾਸ਼ਟਰੀ ਮਹਿਲਾ ਕਮਿਸ਼ਨ ਦੀ ਪ੍ਰਧਾਨ ਹਨ)**

# ਸ਼ੁਰੂਆਤੀ ਕਦਮਾਂ ਤੋਂ ਭਵਿੱਖ ਦੇ ਸੁਪਨਿਆਂ ਤੱਕ: ਹਰ ਬੱਚੇ ਲਈ ਸਿੱਖਣ ਦਾ ਨਵਾਂ ਸਵਰੂਪ

ਜ਼ਿਕਰ ਪੰਜਾਬ

ਰਾਸ਼ਟਰੀ ਨਵੀਨੀਕਰਣ ਦਾ ਪਲ ਹਰ ਸਾਲ, ਜਦੋਂ ਸਕੂਲਾਂ ਦੇ ਦਰਵਾਜ਼ੇ ਨਵੇਂ ਅਕਾਦਮਿਕ ਸੈਸ਼ਨਾਂ ਲਈ ਖੁੱਲ੍ਹਦੇ ਹਨ, ਤਾਂ ਭਾਰਤ ਸਮੂਹਿਕ ਸੰਕਲਪ ਦੀਆਂ ਸਭ ਤੋਂ ਡੂੰਘੀਆਂ ਉਦਾਹਰਣਾਂ ਵਿੱਚੋਂ ਇੱਕ ਦਾ ਗਵਾਹ ਬਣਦਾ ਹੈ। ਪਹਾੜਾਂ ਅਤੇ ਤੱਟਵਰਤੀਆਂ ਤੋਂ ਲੈ ਕੇ ਸ਼ਹਿਰਾਂ ਅਤੇ ਦੂਰ-ਦੁਰਾਡੇ ਪਿੰਡਾਂ ਤੱਕ, ਲੱਖਾਂ ਬੱਚੇ ਕਦੇ-ਕਦੇ ਆਪਣੀ ਜ਼ਿੰਦਗੀ ਵਿੱਚ ਆਉਣ ਵਾਲੀਆਂ ਚੁਣੌਤੀਆਂ ਦੇ ਬਾਵਜੂਦ - ਨਵੇਂ ਜੋਸ਼, ਨਵੀਂਆਂ ਇੱਛਾਵਾਂ ਅਤੇ ਬੇਅੰਤ ਸੰਭਾਵਨਾਵਾਂ ਨਾਲ ਆਪਣੇ ਕਲਾਸਰੂਮਾਂ ਵਿੱਚ ਕਦਮ ਰੱਖਦੇ ਹਨ। ਇਹ ਇੱਕ ਸ਼ਾਂਤ ਪਰ ਸ਼ਕਤੀਸ਼ਾਲੀ ਰਾਸ਼ਟਰੀ ਪਲ ਹੈ। ਇਸ ਸਾਲ ਵੀ ਲਗਭਗ 2 ਕਰੋੜ ਬੱਚਿਆਂ ਨੇ ਪਹਿਲੀ ਜਮਾਤ ਵਿੱਚ ਦਾਖਲਾ ਲਿਆ ਹੈ - ਜੋ ਉਮੀਦ ਅਤੇ ਸਾਂਝੀ ਰਾਸ਼ਟਰੀ ਜ਼ਿੰਮੇਵਾਰੀ ਦੋਵਾਂ ਨੂੰ ਸਾਂਭੇ ਹੋਏ ਹੈ। ਭਾਰਤ ਦਾ ਸਕੂਲੀ ਢਾਂਚਾ ਬਹੁਤ ਵਿਸ਼ਾਲ ਹੈ। ਇਸ ਵਿੱਚ 14.7 ਲੱਖ ਤੋਂ ਵੱਧ ਸਕੂਲ, ਲਗਭਗ 25 ਕਰੋੜ ਨਾਮਜ਼ਦ ਵਿਦਿਆਰਥੀ ਅਤੇ 1 ਕਰੋੜ ਤੋਂ ਜ਼ਿਆਦਾ ਅਧਿਆਪਕ ਸ਼ਾਮਲ ਹਨ। ਇਹ ਗਿਣਤੀ ਸਿਰਫ ਪ੍ਰਸ਼ਾਸਨਿਕ ਪੱਧਰ ਨੂੰ ਮਾਪਣ ਦਾ ਜ਼ਰੀਆ ਹੀ ਨਹੀਂ ਹੈ, ਸਗੋਂ ਇਹ ਸਿੱਖਿਆ ਰਾਹੀਂ ਸਾਡੇ ਦੇਸ਼ ਦੇ ਭਵਿੱਖ ਨੂੰ ਆਕਾਰ ਦੇਣ ਦੀ ਇੱਕ ਮਜ਼ਬੂਤ ਵਚਨਬੱਧਤਾ ਦਾ ਐਲਾਨ ਕਰਦੀ ਹੈ। ਰਾਸ਼ਟਰੀ ਸਿੱਖਿਆ ਨੀਤੀ (ਐੱਨਈਪੀ) 2020 ਨੇ ਰੱਟਣ ਦੀ ਆਦਤ ਤੋਂ ਅੱਗੇ ਵਧ ਕੇ ਉਤਸੁਕਤਾ, ਸਮਝ ਅਤੇ ਸੰਪੂਰਨ ਵਿਕਾਸ (ਹੋਲੀਸਟਿਕ ਡਿਵੈਲਪਮੈਂਟ) ਨੂੰ ਸਿੱਖਣ ਦੇ ਕੇਂਦਰ ਵਿੱਚ ਰੱਖਿਆ ਗਿਆ ਹੈ। ਹਰ ਨਵਾਂ ਅਕਾਦਮਿਕ ਸੈਸ਼ਨ ਉਸ ਸੁਪਨੇ ਨੂੰ ਸਾਕਾਰ ਕਰਨ ਦੀ ਦਿਸ਼ਾ ਵਿੱਚ ਇੱਕ ਅਰਥਪੂਰਨ ਕਦਮ ਹੈ। ਬਾਲਵਾਟਿਕਾ ਲਾਗੂ ਹੋਣ ਨਾਲ ਹੁਣ ਛੋਟੇ ਬੱਚਿਆਂ ਦੀ ਸ਼ੁਰੂਆਤੀ ਸਿੱਖਿਆ ਸਕੂਲ ਪ੍ਰਣਾਲੀ ਦਾ ਹਿੱਸਾ ਬਣ ਗਈ ਹੈ। ਇਸ ਨਾਲ ਬੱਚੇ ਪਹਿਲੀ ਕਲਾਸ ਵਿੱਚ ਬਿਹਤਰ ਤਿਆਰੀ ਅਤੇ ਮਜ਼ਬੂਤ ??ਬੁਨਿਆਦੀ ਹੁਨਰਾਂ ਨਾਲ ਦਾਖਲ ਹੁੰਦੇ ਹਨ। ਬੱਚੇ ਦਾ ਸਕੂਲ ਵਿੱਚ ਦਾਖਲਾ ਉਸ ਦੇ ਜ਼ਿੰਦਗੀ ਭਰ ਦੇ ਸਿੱਖਣ ਅਤੇ ਸਮਾਜ ਨਾਲ ਜੁੜਨ ਦੀ ਸ਼ੁਰੂਆਤ ਹੁੰਦਾ ਹੈ। ਇਸ ਲਈ ਜ਼ਰੂਰੀ ਹੈ ਕਿ ਇਹ ਯਾਤਰਾ ਖੁਸ਼ੀ, ਚੰਗੇ ਮਾਹੌਲ ਅਤੇ ਆਪਣੇਪਣ ਮਹਿਸੂਸ ਕਰਵਾਉਣ ਵਾਲਾ ਹੋਵੇ।

**ਸਿੱਖਣ ਦਾ ਸਫ਼ਰ: ਪਹਿਲੇ ਕਦਮ ਤੋਂ ਆਤਮ ਵਿਸ਼ਵਾਸ ਤੱਕ**

ਸਕੂਲ ਦਾ ਪਹਿਲਾ ਦਿਨ ਖਾਸ ਹੁੰਦਾ ਹੈ। ਇਸ ਵਿੱਚ ਥੋੜ੍ਹੀ ਝਿਜਕ ਹੁੰਦੀ ਹੈ, ਤਾਂ ਨਵੀਂ ਸ਼ੁਰੂਆਤ ਦੀ ਖੁਸ਼ੀ ਵੀ ਹੁੰਦੀ ਹੈ। ਛੋਟੇ -ਛੋਟੇ ਬੱਚੇ ਆਪਣੇ ਵੱਡੇ-ਵੱਡੇ ਭਾਵ ਲੈ ਕੇ ਸਕੂਲ ਆਉਂਦੇ ਹਨ ਅਤੇ ਉਨ੍ਹਾਂ ਦੀਆਂ ਉਤਸੁਕ ਅੱਖਾਂ ਇੱਕ ਨਵੀਂ ਦੁਨੀਆਂ ਵੇਖਦੀਆਂ ਹਨ। ਜਦੋਂ ਬੱਚੇ ਖੁਦ ਨੂੰ ਸੁਰੱਖਿਅਤ ਅਤੇ ਮਹੱਤਵਪੂਰਨ ਮਹਿਸੂਸ ਕਰਦੇ ਹਨ, ਤਾਂ ਉਹ ਖੁੱਲ੍ਹਣ ਲੱਗ ਪੈਂਦੇ ਹਨ। ਉਹ ਜ਼ਿਆਦਾ ਹਿੱਸਾ ਲੈਂਦੇ ਹਨ, ਸਵਾਲ ਪੁੱਛਦੇ ਹਨ ਅਤੇ ਉਨ੍ਹਾਂ ਦੀ ਉਤਸੁਕਤਾ ਵਧਦੀ ਹੈ। ਹੌਲੀ-ਹੌਲੀ ਉਨ੍ਹਾਂ ਦਾ ਆਤਮਵਿਸ਼ਵਾਸ ਵੀ ਮਜ਼ਬੂਤ ਹੁੰਦਾ ਜਾਂਦਾ ਹੈ। ਸ਼ੁਰੂਆਤੀ ਸਾਲ ਖੇਡ, ਖੋਜ ਅਤੇ ਨਵੀਆਂ ਚੀਜ਼ਾਂ ਸਿੱਖਣ 'ਤੇ ਅਧਾਰਿਤ ਹੋਣੇ ਚਾਹੀਦੇ ਹਨ, ਇਹ ਹੀ ਜੀਵਨ ਭਰ ਦੀ ਸਿੱਖਣ ਦੀ ਯਾਤਰਾ ਦੀ ਸ਼ੁਰੂਆਤ ਹੈ।

ਚੰਗੇ ਰਿਸ਼ਤੇ ਬਹੁਤ ਮਾਇਨੇ ਰੱਖਦੇ ਹਨ। ਇੱਕ ਸਮਝਦਾਰ ਅਤੇ ਦੇਖਭਾਲ ਕਰਨ ਵਾਲਾ ਅਧਿਆਪਕ ਬੱਚੇ ਦੀ ਜ਼ਿੰਦਗੀ ਬਦਲ ਸਕਦਾ ਹੈ। ਸਹਿਯੋਗੀ ਕਲਾਸ ਦਾ ਮਾਹੌਲ ਬੱਚੇ ਦੀ ਚੁੱਪੀ ਨੂੰ ਭਾਗੀਦਾਰੀ ਵਿੱਚ ਅਤੇ ਭਾਗੀਦਾਰੀ ਨੂੰ ਆਤਮਵਿਸ਼ਵਾਸ ਵਿੱਚ ਬਦਲ ਸਕਦਾ ਹੈ। ਜਦੋਂ ਕਿ ਬੱਚਾ ਖੁਦ ਨੂੰ ਸੱਚਮੁੱਚ ਵਿੱਚ ਸਮਝਾ ਅਤੇ ਸੁਣਿਆ ਹੋਇਆ ਮਹਿਸੂਸ ਕਰਦਾ ਹੈ, ਤਾਂ ਜੋ ਉਸ ਦੀ ਉਤਸੁਕਤਾ ਹਿੰਮਤ ਵਿੱਚ ਬਦਲ ਜਾਂਦੀ ਹੈ। ਅਤੇ ਜਦੋਂ ਉਸ ਨੂੰ ਆਪਣਾਪਣ ਮਹਿਸੂਸ ਹੁੰਦਾ ਹੈ, ਤਾਂ ਉਹ ਆਪਣੀ ਆਵਾਜ਼ ਪਛਾਣਨ ਲਗਦਾ ਹੈ।

ਇਨ੍ਹਾਂ ਸ਼ੁਰੂਆਤੀ ਵਰ੍ਹ?ਆਂ ਦੇ ਕੇਂਦਰ ਵਿੱਚ ਬੁਨਿਆਦੀ ਸਾਖਰਤਾ ਅਤੇ ਅੰਕਗਣਿਤ ਪ੍ਰਤੀ ਇੱਕ ਮਜ਼ਬੂਤ ਰਾਸ਼ਟਰੀ ਵਚਨਬੱਧਤਾ ਨਿਹਿਤ ਹੈ। ਨਿਪੁੰਨ ਭਾਰਤ ਮਿਸ਼ਨ ਰਾਹੀਂ, ਭਾਰਤ ਨੇ ਇੱਕ ਸਪੱਸ਼ਟ ਟੀਚਾ ਨਿਰਧਾਰਿਤ ਕੀਤਾ ਹੈ: ਕਲਾਸ 2 ਦੇ ਅੰਤ ਤੱਕ ਹਰੇਕ ਬੱਚਾ ਸਮਝ ਦੇ ਨਾਲ ਪੜ੍ਹ ਸਕਣ ਅਤੇ ਬੁਨਿਆਦੀ ਅੰਕਗਣਿਤ ਕਰ ਸਕਣ। ਧਿਆਨ ਜਵਾਬਾਂ ਨੂੰ ਰੱਟੇ ਮਾਰਨ ਤੋਂ ਹਟਾ ਕੇ ਧਾਰਨਾਵਾਂ ਨੂੰ ਸਮਝਣ 'ਤੇ ਕੇਂਦ੍ਰਿਤ ਹੈ। ਕਲਾਸਰੂਮਾਂ ਨੂੰ ਬੱਚਿਆਂ ਨੂੰ ਸਿਰਫ਼ ਜਵਾਬ ਦੁਹਰਾਉਣ ਦੀ ਬਜਾਏ ਸਵਾਲ ਪੁੱਛਣ ਲਈ ਉਤਸ਼ਾਹਿਤ ਕਰਨਾ ਚਾਹੀਦਾ ਹੈ। ਇਹ ਦ੍ਰਿਸ਼ਟੀਕੋਣ ਅਕਾਦਮਿਕ ਸਿੱਖਿਆ ਤੋਂ ਪਰੇ ਹੈ। ਕਲਾ, ਖੇਡਾਂ ਅਤੇ ਕਦਰਾਂ-ਕੀਮਤਾਂ ਸਿੱਖਣ ਦੀਆਂ ਪ੍ਰਕਿਰਿਆ ਦੇ ਅਨਿੱਖੜਵੇਂ ਹਿੱਸੇ ਹਨ। ਸਿੱਖਿਆ ਨੂੰ 'ਸੰਪੂਰਨ ਬੱਚੇ' ਦਾ ਨਿਰਮਾਣ ਕਰਨਾ ਚਾਹੀਦਾ ਹੈ- ਨਾ ਸਿਰਫ਼ ਮਨ ਦਾ, ਸਗੋਂ ਸਰੀਰ ਅਤੇ ਦਿਲ ਦਾ ਵੀ। ਸਰੀਰਕ ਗਤੀਵਿਧੀ ਅਤੇ ਪੋਸ਼ਣ ਰੋਜ਼ਾਨਾ ਸਕੂਲੀ ਜੀਵਨ ਦੇ ਅਨਿੱਖੜਵੇਂ ਅੰਗ ਹਨ। ਇੱਕ ਸਿਹਤਮੰਦ ਬੱਚਾ ਬਿਹਤਰ ਸਿੱਖਦਾ ਹੈ, ਜ਼ਿਆਦਾ ਹਿੱਸਾ ਲੈਂਦਾ ਹੈ, ਅਤੇ ਆਤਮ-ਮਾਣ ਦੀ ਸਿਹਤਮੰਦ ਭਾਵਨਾ ਦੇ ਨਾਲ ਵਿਕਸਿਤ ਹੁੰਦਾ ਹੈ।



**ਉਭਰਦੀ ਚੁਣੌਤੀਆਂ ਦਾ ਸਾਹਮਣਾ**

ਆਲਮੀ ਪੱਧਰ 'ਤੇ, ਬੱਚਿਆਂ ਦੀ ਜੀਵਨਸ਼ੈਲੀ ਵਿੱਚ ਮਹੱਤਵਪੂਰਨ ਬਦਲਾਅ ਆਇਆ ਹੈ। ਖਾਣ-ਪੀਣ ਦੀਆਂ ਆਦਤਾਂ ਵਿੱਚ ਬਦਲਾਅ ਅਤੇ ਸਰੀਰਕ ਗਤੀਵਿਧੀ ਵਿੱਚ ਕਮੀ ਕਈ ਦੇਸ਼ਾਂ ਲਈ ਚਿੰਤਾ ਦਾ ਵਿਸ਼ਾ ਬਣ ਗਿਆ ਹੈ। ਭਾਰਤ ਇਸ ਚੁਣੌਤੀ ਦਾ ਸਰਗਰਮ ਤੌਰ 'ਤੇ ਸਾਹਮਣਾ ਕਰ ਰਿਹਾ ਹੈ। ਲਾਜ਼ਮੀ ਸਰੀਰਕ ਸਿੱਖਿਆ, ਸਕੂਲਾਂ ਵਿੱਚ ਮੋਟਾਪੇ ਨਾਲ ਨਜਿੱਠਣ ਲਈ 'ਔਇਲ ਬੋਰਡ' ਅਤੇ 'ਸ਼ੁਗਰ ਬੋਰਡ' ਜਿਹੇ ਉਪਾਅ ਅਤੇ ਪੋਸ਼ਣ ਗੁਣਵੱਤਾ 'ਤੇ ਵਿਸ਼ੇਸ਼ ਧਿਆਨ ਦੇਣ ਵਾਲੀ ਮਜ਼ਬੂਤ ਪੀਐੱਮ-ਪੋਸ਼ਣ ਯੋਜਨਾ ਸਕੂਲਾਂ ਨੂੰ ਸਿਹਤਮੰਦ ਅਤੇ ਸਰਗਰਮ ਜੀਵਨ ਸ਼ੈਲੀ ਵੱਲ ਲੈ ਜਾ ਰਿਹਾ ਹੈ। ਇਨ੍ਹਾਂ ਯਤਨਾਂ ਦਾ ਉਦੇਸ਼ ਇੱਕ ਅਜਿਹੀ ਪੀੜ੍ਹੀ ਦਾ ਨਿਰਮਾਣ ਕਰਨਾ ਹੈ ਜੋ ਸਿਹਤ ਨੂੰ ਸੰਪੂਰਨ ਵਿਕਾਸ ਦਾ ਕੇਂਦਰ ਮੰਨਦੀ ਹੈ।

ਹਾਲਾਂਕਿ ਤਕਨਾਲੋਜੀ ਸਿੱਖਿਆ ਅਤੇ ਪਹੁੰਚ ਲਈ ਇੱਕ ਸ਼ਕਤੀਸ਼ਾਲੀ ਮਾਧਿਅਮ ਹੈ, ਸੋਸ਼ਲ ਮੀਡੀਆ ਦੀ ਵਧਦੀ ਵਰਤੋਂ ਨਾਲ ਸਕ੍ਰੀਨ ਟਾਈਮ, ਧਿਆਨ ਅਤੇ ਮਾਨਸਿਕ ਸਿਹਤ ਨੂੰ ਲੈ ਕੇ ਚਿੰਤਾ ਵੱਧ ਰਹੀ ਹੈ। ਇਹ ਇੱਕ ਆਲਮੀ ਚਿੰਤਾ ਹੈ, ਨਾ ਕਿ ਸਿਰਫ਼ ਭਾਰਤ ਤੱਕ ਸੀਮਿਤ ਹੈ। ਸਕੂਲਾਂ ਅਤੇ ਪਰਿਵਾਰਾਂ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਇਸ ਦੀ ਵਰਤੋਂ ਸਿੱਖਣ ਦੇ ਸਾਧਨ ਵਜੋਂ ਕੀਤਾ ਜਾਵੇਗਾ, ਨਾ ਕਿ ਧਿਆਨ ਭਟਕਾਉਣ ਦੇ ਸਾਧਨ ਵਜੋਂ।

ਇਸ ਦ੍ਰਿਸ਼ਟੀਕੋਣ ਵਿੱਚ ਬੱਚਿਆਂ ਦੀ ਮਾਨਸਿਕ ਅਤੇ ਭਾਵਨਾਤਮਕ ਭਲਾਈ ਵੀ ਮਹੱਤਵਪੂਰਨ ਹੈ। ਸਕੂਲੀ ਪਾਠਕ੍ਰਮ ਅਤੇ ਸਿੱਖਿਆ ਵਿਧੀਆਂ ਵਿੱਚ ਸਮਾਜਿਕ -ਭਾਵਨਾਤਮਕ ਸਿੱਖਿਆ ਨੂੰ ਸ਼ਾਮਲ ਕੀਤਾ ਗਿਆ ਹੈ ਤਾਂ ਜੋ ਬੱਚਿਆਂ ਦੇ ਵਿਕਾਸ ਵਿੱਚ ਸਹਿਯੋਗ ਮਿਲ ਸਕੇ, ਅਜਿਹੇ ਸਮੇਂ ਵਿੱਚ ਜਦੋਂ ਬੱਚੇ ਪਿਛਲੀ ਕਿਸੇ ਵੀ ਪੀੜ੍ਹੀ ਦੀ ਤੁਲਨਾ ਵਿੱਚ ਵਧੇਰੇ ਗੁੰਝਲਦਾਰ ਅਤੇ ਚੁਣੌਤੀਪੂਰਨ ਦੁਨੀਆ ਦਾ ਸਾਹਮਣਾ ਕਰ ਰਹੇ ਹਨ। ਸੁਰੱਖਿਆ ਅਤੇ ਤਣਾਅ ਮੁਕਤ ਵਾਤਾਵਰਣ ਬਣਾਉਣ ਲਈ ਸਕੂਲਾਂ, ਮਾਪਿਆਂ ਅਤੇ ਭਾਈਚਾਰਿਆਂ ਦੇ ਸਾਂਝੇ ਯਤਨ ਜ਼ਰੂਰੀ ਹਨ।

**ਸਿੱਖਿਆ ਦੀ ਭੂਮਿਕਾ**

ਸੁਧਾਰ ਸਿਰਫ਼ ਨੀਤੀਗਤ ਦਸਤਾਵੇਜ਼ਾਂ ਰਾਹੀਂ ਬੱਚਿਆਂ ਤੱਕ ਨਹੀਂ ਪਹੁੰਚਦੇ; ਇਹ ਅਧਿਆਪਕਾਂ ਰਾਹੀਂ ਹੀ ਲਾਗੂ ਹੁੰਦਾ ਹੈ। ਉਹ ਹੀ ਸਿੱਖਿਆ ਦੇ ਪਰਿਵਰਤਨ ਦੇ ਸੱਚੇ ਸੂਤਰਧਾਰ ਹਨ, ਜੋ ਦੂਰ ਦ੍ਰਿਸ਼ਟੀ ਅਤੇ ਕਲਾਸਰੂਮ ਦੀ ਹਕੀਕਤ ਵਿਚਕਾਰ ਪਾੜੇ ਨੂੰ ਪੂਰਾ ਕਰਦੇ ਹਨ। ਅਧਿਆਪਕਾਂ ਨੂੰ ਬਹੁ-ਭਾਸ਼ਾਈ ਵਾਤਾਵਰਣ ਵਿੱਚ ਪੜ੍ਹਾਉਣਾ ਚਾਹੀਦਾ ਹੈ ਅਤੇ ਇਹ ਵੀ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਬੱਚੇ ਦੀ ਮਾਤ੍ਰ ਭਾਸ਼ਾ ਦਾ ਸਨਮਾਨ ਕੀਤਾ ਜਾਵੇ ਅਤੇ ਉਸ ਨੂੰ ਸਿੱਖਣ ਲਈ ਸਸ਼ਕਤ ਸਾਧਨ ਵਜੋਂ ਵਰਤਿਆ ਜਾਵੇ। ਇਸ ਨੂੰ ਮਹੱਤਵ ਦੇ ਕੇ, ਅਸੀਂ ਇਹ ਹੀ ਯਕੀਨੀ ਬਣਾਉਂਦੇ ਹਾਂ ਕਿ ਰਸਮੀ ਸਿੱਖਿਆ ਵਿੱਚ ਉਨ੍ਹਾਂ ਦਾ ਸੰਕ੍ਰਮਣ ਸਹਿਜ, ਆਤਮਵਿਸ਼ਵਾਸ ਨਾਲ ਅਤੇ ਉਨ੍ਹਾਂ ਦੀ ਪਛਾਣ ਨਾਲ ਜੁੜਿਆ ਹੋਵੇ। ਮੈਂ ਆਪਣੇ ਅਧਿਆਪਕਾਂ ਨੂੰ ਤਾਕੀਦ ਕਰਦਾ ਹਾਂ ਕਿ ਉਹ ਹਰੇਕ ਬੱਚੇ ਦੀ ਗਤੀ, ਸ਼ਖ਼ਸਿਅਤ ਦਾ ਸਨਮਾਨ ਕਰਦੇ ਹੋਏ ਅਤੇ ਆਪਣੀ ਦੇਖਭਾਲ ਵਿੱਚ ਹਰੇਕ ਵਿਦਿਆਰਥੀ ਦੀ ਭਾਵਨਾਤਮਕ ਅਤੇ ਮਾਨਸਿਕ ਭਲਾਈ ਪ੍ਰਤੀ ਸੁਚੇਤ ਰਹਿੰਦੇ ਹੋਏ ਯੋਗਤਾ-ਅਧਾਰਿਤ ਸਿੱਖਿਆ ਨੂੰ ਤਰਜੀਹ ਦੇਣ।

**ਮਾਪਿਆਂ ਦੀ ਭੂਮਿਕਾ**

ਸਿੱਖਿਆ ਸਕੂਲ ਦੇ ਦਰਵਾਜ਼ਿਆਂ ਤੋਂ ਸ਼ੁਰੂ ਜਾਂ ਖ਼ਤਮ ਨਹੀਂ ਹੁੰਦੀ। ਘਰ ਹੀ ਪਹਿਲਾ ਕਲਾਸਰੂਮ ਹੁੰਦਾ ਹੈ ਅਤੇ ਮਾਪੇ ਹੀ ਪਹਿਲੇ ਅਧਿਆਪਕ। ਘਰ ਵਿੱਚ ਬੱਚੇ ਜੋ ਅਨੁਭਵ ਪ੍ਰਾਪਤ ਕਰਦੇ ਹਨ, ਉਹ ਹੀ ਉਨ੍ਹਾਂ ਦੇ ਸਕੂਲ ਵਿੱਚ ਸਿੱਖਣ ਦੇ ਤਰੀਕੇ ਨੂੰ ਆਕਾਰ ਦਿੰਦੇ ਹਨ। ਪੜ੍ਹਨ ਦੀ ਆਦਤ ਨੂੰ ਹੁਲਾਰਾ ਦੇਣਾ ਅਤੇ ਬੱਚੇ ਦੇ ਸਵਾਲਾਂ ਦੇ ਧੀਰਜ ਨਾਲ ਜਵਾਬ ਦੇਣਾ, ਗਿਆਨ ਦੀ ਉਤਸੁਕਤਾ ਨੂੰ ਪੋਸ਼ਿਤ ਕਰਨ ਦੇ ਸੂਖਮ ਕਾਰਜ ਹਨ। ਮੈਂ ਮਾਪਿਆਂ ਨੂੰ ਤਾਕੀਦ ਕਰਦਾ ਹਾਂ ਕਿ ਉਹ ਯਕੀਨੀ ਬਣਾਉਣ ਕੀ ਬੱਚਿਆਂ ਨੂੰ ਸੰਤੁਲਿਤ ਪੋਸ਼ਣ ਅਤੇ ਲੋੜੀਂਦੀ ਨੀਂਦ ਮਿਲੇ, ਉਨ੍ਹਾਂ ਨੂੰ ਰੋਜ਼ਾਨਾ ਜ਼ਰੂਰੀ ਸਰੀਰਕ ਗਤੀਵਿਧੀ ਅਤੇ ਬਾਹਰੀ ਵਾਤਾਵਰਣ ਦਾ ਅਨੁਭਵ ਮਿਲੇ। ਮਾਪਿਆਂ ਨੂੰ ਸਕੂਲ ਨਾਲ ਸਰਗਰਮ ਤੌਰ 'ਤੇ ਜੁੜਨਾ ਚਾਹੀਦਾ ਹੈ ਅਤੇ ਬੱਚੇ ਦੀ ਸਫਲਤਾ ਨੂੰ ਸਿਰਫ਼ ਗ੍ਰੇਡਾਂ ਦੇ ਅਧਾਰ 'ਤੇ ਹੀ ਨਹੀਂ, ਸਗੋਂ ਉਨ੍ਹਾਂ ਦੇ ਆਤਮ-ਵਿਸ਼ਵਾਸ, ਦਿਆਲਤਾ ਅਤੇ ਸਿੱਖਣ ਵਿੱਚ ਨਿਰੰਤਰ ਦਿਲਚਸਪੀ ਦੇ ਅਧਾਰ 'ਤੇ ਵੀ ਮਾਪਣਾ ਚਾਹੀਦਾ ਹੈ। ਮਾਪੇ ਆਪਣੇ ਬੱਚੇ ਨੂੰ ਜੋ ਸਭ ਤੋਂ ਵੱਡਾ ਤੋਹਫ਼ਾ ਦੇ ਸਕਦੇ ਹਨ, ਉਹ ਹੈ ਇਹ ਵਿਸ਼ਵਾਸ ਦਿਵਾਉਣਾ ਕਿ ਸਿੱਖਣਾ ਅਸਲ ਵਿੱਚ ਅਨੰਦਮਈ ਹੈ।

**ਇੱਕ ਸਾਂਝੀ ਰਾਸ਼ਟਰੀ ਵਚਨਬੱਧਤਾ**

ਸਿੱਖਿਆ ਇੱਕ ਸਾਂਝੀ ਜ਼ਿੰਮੇਵਾਰੀ ਹੈ। ਇਹ ਸਰਕਾਰਾਂ, ਸਕੂਲਾਂ, ਅਧਿਆਪਕਾਂ, ਮਾਪਿਆਂ ਅਤੇ ਭਾਈਚਾਰਿਆਂ ਦੀ ਜ਼ਿੰਮੇਵਾਰੀ ਹੈ। ਹਰੇਕ ਹਿਤਧਾਰਕਾਂ ਦੀ ਇਸ ਵਿੱਚ ਭੂਮਿਕਾ ਹੁੰਦੀ ਹੈ। ਹਰ ਬੱਚੇ ਨੂੰ ਸਿੱਖਣ ਦੀ ਯਾਤਰਾ ਵਿੱਚ ਦੇਖਿਆ, ਸੁਣਿਆ ਅਤੇ ਮਾਰਗਦਰਸ਼ਨ ਕੀਤਾ ਜਾਣਾ ਚਾਹੀਦਾ ਹੈ। ਸਾਡੀ ਸਿੱਖਿਆ ਪ੍ਰਣਾਲੀ ਦੀ ਅਸਲ ਪਛਾਣ ਕੁਝ ਚੁਣੇ ਹੋਏ ਉੱਚ ਪ੍ਰਾਪਤੀਆਂ ਹਾਸਲ ਕਰਨ ਵਾਲੀਆਂ ਤੋਂ ਨਹੀਂ, ਸਗੋਂ ਇਸ ਗੱਲ ਤੋਂ ਹੁੰਦੀ ਹੈ ਕਿ ਪਿਛੋਕੜ ਦੀ ਪਰਵਾਹ ਕੀਤੇ ਬਿਨਾ ਹਰ ਬੱਚਾ ਆਤਮ-ਵਿਸ਼ਵਾਸ ਅਤੇ ਖੁਸ਼ੀ ਨਾਲ ਸਿੱਖਦਾ ਹੈ ਜਾਂ ਨਹੀਂ। ਆਓ, ਸਮਾਵੇਸ਼ੀ, ਨਵੀਨਤਾਕਾਰੀ ਅਤੇ ਭਵਿੱਖ ਲਈ ਤਿਆਰ ਸਿੱਖਿਆ ਪ੍ਰਣਾਲੀ ਦੇ ਨਿਰਮਾਣ ਪ੍ਰਤੀ ਆਪਣੀ ਰਾਸ਼ਟਰੀ ਵਚਨਬੱਧਤਾ ਨੂੰ ਦੁਹਰਾਉਂਦਾ ਹੈ। ਇਕੱਠੇ ਮਿਲ ਕੇ, ਅਸੀਂ ਇਹ ਯਕੀਨੀ ਬਣਾ ਸਕਦੇ ਹਾਂ ਕਿ ਹਰ ਕਲਾਸਰੂਮ ਸੁਪਨਿਆਂ ਨੂੰ ਸਾਕਾਰ ਕਰਨ ਦਾ ਸਥਾਨ ਬਣੇ ਅਤੇ ਆਉਣ ਵਾਲੇ ਕਲ੍ਹ ਦੇ ਲੀਡਰਾਂ ਦਾ ਨਿਰਮਾਣ ਹੋਵੇ। 2047 ਤੱਕ ਵਿਕਸਿਤ ਭਾਰਤ ਦੇ ਮੋਢੀ ਅੱਜ ਸਾਡੇ ਕਲਾਸਰੂਮਾਂ ਵਿੱਚ ਮੌਜੂਦ ਹਨ।




**ਧਰਮੇਂਦਰ ਪ੍ਰਧਾਨ**
**(ਲੇਖਕ ਕੇਂਦਰੀ ਸਿੱਖਿਆ ਮੰਤਰੀ ਹਨ)**

# ਪਹੁੰਚ ਤੋਂ ਅਧਿਕਾਰ ਤੱਕ: ਨਾਰੀ ਸ਼ਕਤੀ ਨੂੰ ਅਗਲੇ ਦਹਾਕੇ ਦਾ ਭਾਰਤ ਦਾ ਫੈਸਲਾਕੁੰਨ ਸੁਧਾਰ ਬਣਾਉਣਾ

ਜ਼ਿਕਰ ਪੰਜਾਬ

ਪਿਛਲੇ ਇੱਕ ਦਹਾਕੇ ਵਿੱਚ, ਭਾਰਤ ਨੇ ਕੁਝ ਅਜਿਹਾ ਕੀਤਾ ਹੈ ਜਿਸ ਨੂੰ ਕੁਝ ਹੀ ਦੇਸ਼ ਵੱਡੇ ਪੱਧਰ 'ਤੇ ਹਾਸਲ ਕਰ ਸਕੇ ਹਨ। ਭਾਰਤ ਨੇ ਮਹਿਲਾ ਸਸ਼ਕਤੀਕਰਨ ਨੂੰ ਇਰਾਦਿਆਂ ਤੋਂ ਅੱਗੇ ਲਿਜਾ ਕੇ ਬੁਨਿਆਦੀ ਢਾਂਚੇ ਵਿੱਚ ਬਦਲ ਦਿੱਤਾ ਹੈ। ਇਹ ਬਦਲਾਅ ਕੋਈ ਅਚਾਨਕ ਨਹੀਂ ਹੋਇਆ। ਇਹ ਸੁਨਿਯੋਜਿਤ ਸੀ। ਨਰੇਂਦਰ ਮੋਦੀ ਦੀ ਅਗਵਾਈ ਵਿੱਚ, ਨੀਤੀਗਤ ਰੂਪ ਵਿੱਚ ਮਹਿਲਾਵਾਂ ਨੂੰ ਵਿਕਾਸ ਦੇ ਕੇਂਦਰ ਵਿੱਚ ਵੱਧ ਤੋਂ ਵੱਧ ਰੱਖਿਆ ਗਿਆ। ਅਜਿਹਾ ਇਹ ਮੰਨਦੇ ਹੋਏ ਕੀਤਾ ਗਿਆ ਕਿ ਜਦੋਂ ਮਹਿਲਾਵਾਂ ਅੱਗੇ ਵਧਦੀਆਂ ਹਨ, ਤਾਂ ਪੂਰੀ ਅਰਥਵਿਵਸਥਾ ਵਿੱਚ ਤੇਜ਼ੀ ਆਉਂਦੀ ਹੈ। ਇਸ ਦੇ ਨਤੀਜੇ ਸਾਹਮਣੇ ਹਨ ਅਤੇ ਇਨ੍ਹਾਂ ਨਤੀਜਿਆਂ ਨੂੰ ਮਾਪਿਆ ਜਾ ਸਕਦਾ ਹੈ। ਪ੍ਰਧਾਨ ਮੰਤਰੀ ਜਨ ਧਨ ਯੋਜਨਾ ਦੇ ਤਹਿਤ 57 ਕਰੋੜ ਤੋਂ ਵੱਧ ਬੈਂਕ ਖਾਤੇ ਖੋਲ੍ਹੇ ਗਏ ਹਨ। ਇਨ੍ਹਾਂ ਖਾਤਿਆਂ ਵਿੱਚੋਂ 55 ਪ੍ਰਤੀਸ਼ਤ ਤੋਂ ਵੱਧ ਮਹਿਲਾਵਾਂ ਦੇ ਹਨ। ਇਸ ਕਦਮ ਨਾਲ ਲੱਖਾਂ ਲੋਕਾਂ ਨੂੰ ਰਸਮੀ ਵਿੱਤੀ ਪ੍ਰਣਾਲੀ ਵਿੱਚ ਪਹਿਲੀ ਵਾਰ ਕਦਮ ਰੱਖਣ ਦਾ ਮੌਕਾ ਮਿਲਿਆ ਹੈ। ਲਗਭਗ 10 ਕਰੋੜ ਮਹਿਲਾਵਾਂ, 90 ਲੱਖ ਤੋਂ ਵੱਧ ਸਵੈ-ਸਹਾਇਤਾ ਸਮੂਹਾਂ ਵਿੱਚ ਸੰਗਠਿਤ ਹੋ ਕੇ, ਜ਼ਮੀਨੀ ਪੱਧਰ 'ਤੇ ਉੱਦਮਤਾ ਅਤੇ ਸਥਾਨਕ ਆਰਥਿਕ ਮਜ਼ਬੂਤੀ ਦਾ ਵਾਹਕ ਬਣ ਰਹੀਆਂ ਹਨ। ਪ੍ਰਧਾਨ ਮੰਤਰੀ ਉੱਜਵਲਾ ਯੋਜਨਾ 10.5 ਕਰੋੜ ਤੋਂ ਵੱਧ ਪਰਿਵਾਰਾਂ ਤੱਕ ਪਹੁੰਚ ਚੁੱਕੀ ਹੈ। ਇਸ ਨਾਲ ਸਿਹਤ ਸਬੰਧੀ ਜੋਖਮ ਘੱਟ ਹੋਏ ਹਨ ਅਤੇ ਮਹਿਲਾਵਾਂ ਨੂੰ ਵਧੇਰੇ ਸਮਾਂ ਲੈਣ ਵਾਲੀ ਮਿਹਨਤ ਤੋਂ ਮੁਕਤੀ ਮਿਲੀ ਹੈ। ਲੋਨ ਤੱਕ ਪਹੁੰਚ ਵਧੀ ਹੈ ਅਤੇ ਮੁਦਰਾ ਯੋਜਨਾ ਦੇ ਤਹਿਤ ਦਿੱਤੇ ਗਏ ਲਗਭਗ 70 ਪ੍ਰਤੀਸ਼ਤ ਲੋਨ ਮਹਿਲਾ ਉੱਦਮੀਆਂ ਨੂੰ ਮਿਲੇ ਹਨ। ਮਹਿਲਾ ਕਿਰਤ ਸ਼ਕਤੀ ਦੀ ਭਾਗੀਦਾਰੀ ਵਧ ਕੇ ਲਗਭਗ 37 ਪ੍ਰਤੀਸ਼ਤ ਹੋ ਗਈ ਹੈ। ਇਸ ਨਾਲ ਮਹਿਲਾਵਾਂ ਦੀ ਭਾਗੀਦਾਰੀ ਵਿੱਚ ਲੰਬੇ ਸਮੇਂ ਤੋਂ ਚੱਲ ਰਿਹਾ ਗਿਰਾਵਟ ਦਾ ਰੁਝਾਨ ਹੁਣ ਉਲਟ ਗਿਆ ਹੈ। ਸਿਹਤ ਸੇਵਾ ਦੇ ਖੇਤਰ ਵਿੱਚ, ਆਯੁਸ਼ਮਾਨ ਭਾਰਤ ਅਤੇ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਤਵ ਅਭਿਆਨ ਵਰਗੇ ਪ੍ਰੋਗਰਾਮਾਂ ਨੇ ਜੀਵਨ ਦੇ ਮਹੱਤਵਪੂਰਨ ਪੜਾਵਾਂ ਵਿੱਚ ਸਿਹਤ ਸੇਵਾਵਾਂ ਤੱਕ ਪਹੁੰਚ ਨੂੰ ਵਧਾਇਆ ਹੈ ਅਤੇ ਨਾਜ਼ੁਕ ਸਥਿਤੀਆਂ ਵਿੱਚ ਕਮੀ ਲਿਆਂਦੀ ਹੈ। 'ਬੇਟੀ ਬਚਾਓ, ਬੇਟੀ ਪੜ੍ਹਾਓ' ਵਰਗੀਆਂ ਪਹਿਲਕਦਮੀਆਂ ਨੇ ਸਮਾਜ ਵਿੱਚ ਡੂੰਘੀ ਤਰ੍ਹਾਂ ਬੈਠੀ ਸੋਚ ਨੂੰ ਬਦਲਣਾ ਸ਼ੁਰੂ ਕਰ ਦਿੱਤਾ ਹੈ। ਵੱਖ-ਵੱਖ ਤੌਰ 'ਤੇ, ਇਹ ਸਾਰੇ ਪ੍ਰੋਗਰਾਮ ਬਹੁਤ ਹੀ ਠੋਸ ਹਨ। ਸਮੁੱਚੇ ਰੂਪ ਵਿੱਚ ਦੇਖਿਆ ਜਾਵੇ ਤਾਂ, ਇਹ ਪ੍ਰੋਗਰਾਮ ਭਾਰਤ ਵਿੱਚ ਮਹਿਲਾਵਾਂ ਨੂੰ ਦੇਖਣ ਦੇ ਨਜ਼ਰੀਏ ਵਿੱਚ ਆਏ ਇੱਕ ਸੰਰਚਨਾਤਮਕ ਬਦਲਾਅ ਨੂੰ ਦਰਸਾਉਂਦੇ ਹਨ। ਮਹਿਲਾਵਾਂ ਨੂੰ ਹੁਣ ਸਿਰਫ਼ ਸਹਾਇਤਾ ਪ੍ਰਾਪਤ ਕਰਨ ਵਾਲੀਆਂ ਦੇ ਬਜਾਏ ਵਿਕਾਸ ਦੇ ਵਾਹਕ ਵਜੋਂ ਦੇਖਿਆ ਜਾ ਰਿਹਾ ਹੈ। ਨੀਤੀ ਘੜਨ ਵਾਲਿਆਂ ਅਤੇ ਪ੍ਰਸ਼ਾਸਕਾਂ ਲਈ, ਇਸ ਦੇ ਸਬਕ ਬਿਲਕੁਲ ਸਪੱਸ਼ਟ ਹਨ: ਜਦੋਂ ਡਿਜ਼ਾਈਨ, ਲਾਗੂਕਰਨ ਅਤੇ ਜਵਾਬਦੇਹੀ ਵਿਵਸਥਿਤ ਹੋਵੇ, ਤਾਂ ਵਿਆਪਕ ਪੱਧਰ 'ਤੇ ਕੰਮ ਕਰਨਾ ਸੰਭਵ ਹੁੰਦਾ ਹੈ। ਸਿਹਤ ਸੇਵਾ ਦੇ ਖੇਤਰ ਵਿੱਚ ਆਪਣੇ ਕੰਮ ਦੌਰਾਨ, ਮੈਂ ਦੇਖਿਆ ਹੈ ਕਿ ਜਦੋਂ ਪ੍ਰਣਾਲੀਆਂ ਸਿਧਾਂਤਕ ਮਾਡਲਾਂ ਦੀ ਬਜਾਏ ਅਸਲ ਜ਼ਰੂਰਤਾਂ 'ਤੇ ਅਧਾਰਤ ਹੁੰਦੀਆਂ ਹਨ, ਤਾਂ ਨਤੀਜੇ ਬਿਹਤਰ ਹੁੰਦੇ ਹਨ। ਇਹੀ ਸਿਧਾਂਤ ਇੱਥੇ ਵੀ ਲਾਗੂ ਹੁੰਦਾ ਹੈ। ਜਿੱਥੇ ਪਹੁੰਚ ਸਰਲ ਹੁੰਦੀ ਹੈ, ਜਿੱਥੇ ਵੰਡ ਵਿੱਚ ਨਿਰੰਤਰਤਾ ਹੁੰਦੀ ਹੈ ਅਤੇ ਜਿੱਥੇ ਨਤੀਜਿਆਂ 'ਤੇ ਨਜ਼ਰ ਰੱਖੀ ਜਾਂਦੀ ਹੈ, ਉੱਥੇ ਅਸਰ ਬਿਲਕੁਲ ਸਾਫ਼ ਨਜ਼ਰ ਆਉਂਦਾ ਹੈ। ਫਿਰ ਵੀ, ਅਗਲੇ ਪੜਾਅ ਵਿੱਚ ਹੋਰ ਵੀ ਵੱਧ ਧਿਆਨ ਦੇਣ ਦੀ ਜ਼ਰੂਰਤ ਹੋਵੇਗੀ। ਕਿਉਂਕਿ ਸਾਡੇ ਸਾਹਮਣੇ ਚੁਣੌਤੀ ਹੁਣ ਨੀਤੀ ਨਿਰਮਾਣ ਦੀ ਨਹੀਂ, ਸਗੋਂ ਨੀਤੀ ਨੂੰ ਲਾਗੂ ਕਰਨ ਦੀ ਹੈ।

ਪ੍ਰੋਗਰਾਮਾਂ ਦੀ ਵਿਆਪਕਤਾ ਦੇ ਬਾਵਜੂਦ, ਜਾਗਰੂਕਤਾ ਸੰਬੰਧੀ ਕਮਜ਼ੋਰੀਆਂ ਬਣੀਆ ਹੋਈਆਂ ਹਨ। ਇਨ੍ਹਾਂ ਪ੍ਰੋਗਰਾਮਾਂ ਵਿੱਚ ਸ਼ਾਮਲ ਹੋਣ ਦੇ ਅੰਕੜੇ ਇੱਕਸਾਰ ਨਹੀਂ ਹਨ। ਅੰਤਿਮ ਸਿਰੇ ਤੱਕ ਸਪਲਾਈ ਅਜੇ ਵੀ ਸਥਾਨਕ ਸਮਰੱਥਾ 'ਤੇ ਹੀ ਨਿਰਭਰ ਹੈ। ਮੌਕਾ ਪਾਉਣ ਵਾਲੀ ਹਰੇਕ ਮਹਿਲਾ ਦੀ ਦ੍ਰਿਸ਼ਟੀ ਤੋਂ, ਅਜਿਹੀਆਂ ਕਈ ਹੋਰ ਮਹਿਲਾਵਾਂ ਹਨ ਜੋ ਨੀਤੀਗਤ ਕਮੀਆਂ ਕਰਕੇ ਨਹੀਂ, ਸਗੋਂ ਪਹੁੰਚ ਦੀ ਘਾਟ ਕਾਰਨ ਹਾਸ਼ੀਏ 'ਤੇ ਬਣੀਆਂ ਹੋਈਆਂ ਹਨ। ਇੱਥੇ ਹੀ ਪ੍ਰਸ਼ਾਸਨਿਕ ਲੀਡਰਸ਼ਿਪ ਦੀ ਭੂਮਿਕਾ ਨਿਰਣਾਇਕ ਹੋ ਜਾਂਦੀ ਹੈ। ਸਾਨੂੰ ਯੋਜਨਾਵਾਂ ਦੇ ਐਲਾਨਾਂ ਤੋਂ ਅੱਗੇ ਵਧ ਕੇ, ਉਨ੍ਹਾਂ ਦੀ ਵਿਆਪਕਤਾ ਨੂੰ ਯਕੀਨੀ ਬਣਾਉਣ ਦੀ ਦਿਸ਼ਾ ਵਿੱਚ ਕੰਮ ਕਰਨਾ ਹੋਵੇਗਾ। ਆਊਟਪੁੱਟ ਨੂੰ ਮਾਪਣ ਤੋਂ ਅੱਗੇ ਵਧ ਕੇ ਨਤੀਜਿਆਂ 'ਤੇ ਨਜ਼ਰ ਰੱਖਣ ਦੀ ਦਿਸ਼ਾ ਵਿੱਚ ਵਧਣਾ ਹੋਵੇਗਾ। ਪਾਤਰਤਾ ਨੂੰ ਕਾਗਜ਼ਾਂ 'ਤੇ ਦਰਜ ਕਰਨ ਤੋਂ ਅੱਗੇ ਜਾ ਕੇ ਵਿਵਹਾਰ ਵਿੱਚ ਉਸ ਦੀ ਉਪਲਬਧਤਾ ਯਕੀਨੀ ਬਣਾਉਣੀ ਹੋਵੇਗੀ। ਜ਼ਿਲ੍ਹਾ ਪੱਧਰ 'ਤੇ ਮਾਲਕੀ, ਡੇਟਾ-ਅਧਾਰਿਤ ਨਿਗਰਾਨੀ ਅਤੇ ਵੱਖ-ਵੱਖ ਵਿਭਾਗਾਂ ਦਰਮਿਆਨ ਤਾਲਮੇਲ ਮਹੱਤਵਪੂਰਨ ਹੋਣਗੇ। ਤਕਨਾਲੋਜੀ ਇਸ ਪ੍ਰਕਿਰਿਆ ਨੂੰ ਗਤੀ ਦੇ ਸਕਦੀ ਹੈ, ਪਰ ਇਹ ਜ਼ਮੀਨੀ ਜਵਾਬਦੇਹੀ ਦੀ ਜਗ?ਹਾ ਨਹੀਂ ਲੈ ਸਕਦੀ। ਅੱਜ ਹਰ ਨੀਤੀ ਘੜਨ ਵਾਲੇ ਦੇ ਸਾਹਮਣੇ ਬਿਲਕੁਲ ਸਿੱਧਾ ਜਿਹਾ ਸਵਾਲ ਹੈ: ਅਸੀਂ ਇਹ ਕਿਵੇਂ ਯਕੀਨੀ ਬਣਾਈਏ ਕਿ ਕੋਈ ਵੀ ਯੋਗ ਮਹਿਲਾ ਪਿੱਛੇ ਨਾ ਰਹਿ ਜਾਵੇ? ਇੱਥੇ ਹੀ ਨਾਰੀ ਸ਼ਕਤੀ ਵੰਦਨ ਅਧਿਨਿਯਮ ਸਾਡੇ ਦੌਰ ਦੇ ਸਭ ਤੋਂ ਮਹੱਤਵਪੂਰਨ ਸੁਧਾਰਾਂ ਵਿੱਚੋਂ ਇੱਕ ਬਣ ਸਕਦਾ ਹੈ। ਵਿਧਾਨਕ ਸੰਸਥਾਵਾਂ ਵਿੱਚ ਮਹਿਲਾਵਾਂ ਦੀ ਪ੍ਰਤੀਨਿਧਤਾ ਵਧਾ ਕੇ, ਨੀਤੀ ਨਿਰਮਾਣ ਨੂੰ ਅਸਲ ਜੀਵਨ ਦੇ ਅਨੁਭਵਾਂ ਦੇ ਅਨੁਕੂਲ ਬਣਾਉਣ ਦੀ ਸੰਭਾਵਨਾ ਪੈਦਾ ਹੁੰਦੀ ਹੈ। ਮਹਿਲਾ ਆਗੂ ਭਾਈਚਾਰੇ ਦੀਆਂ ਅਸਲੀਅਤਾਂ ਨਾਲ ਜੁੜੀ ਸਮਝ ਲੈ ਕੇ ਆਉਂਦੀਆਂ ਹਨ – ਅਜਿਹੀ ਸਮਝ ਜੋ ਪ੍ਰੋਗਰਾਮਾਂ ਨੂੰ ਮਜ਼ਬੂਤ ਕਰ ਸਕਦੀ ਹੈ, ਉਨ੍ਹਾਂ ਦੇ ਲਾਗੂਕਰਨ ਨੂੰ ਬਿਹਤਰ ਬਣਾ ਸਕਦੀ ਹੈ, ਟੀਚੇ ਵਿੱਚ ਸੁਧਾਰ ਕਰ ਸਕਦੀ ਹੈ ਅਤੇ ਉਨ੍ਹਾਂ ਨੂੰ ਤੇਜ਼ੀ ਨਾਲ ਅਪਣਾਉਣ ਵਿੱਚ ਸਹਾਈ ਸਿੱਧ ਹੋ ਸਕਦੀ ਹੈ। ਉਦੇਸ਼ ਦੇ ਤਰੀਕੇ ਨਾਲ ਲਾਗੂ ਕੀਤੇ ਜਾਣ 'ਤੇ, ਨਾਰੀ ਸ਼ਕਤੀ ਵੰਦਨ ਅਧਿਨਿਯਮ ਦਾ ਪ੍ਰਭਾਵ ਕਈ ਗੁਣਾ ਵਧ ਸਕਦਾ ਹੈ: ਅਗਵਾਈ ਵਿੱਚ ਵੱਧ ਮਹਿਲਾਵਾਂ ਆ ਸਕਦੀਆਂ ਹਨ, ਵਧੇਰੇ ਜਵਾਬਦੇਹ ਨੀਤੀਆਂ ਬਣ ਸਕਦੀਆਂ ਹਨ, ਉੱਚ ਭਾਗੀਦਾਰੀ ਅਤੇ ਮਜ਼ਬੂਤ ਲੀਡਰਸ਼ਿਪ ਸਮਰੱਥਾ ਦਾ ਨਿਰਮਾਣ ਸੰਭਵ ਹੋ ਸਕਦਾ ਹੈ। ਇਸੇ ਤਰ੍ਹਾਂ ਸੁਧਾਰ ਆਪਣੇ-ਆਪ ਮਜ਼ਬੂਤ ਹੁੰਦਾ ਜਾਵੇਗਾ। ਇਸੇ ਤਰ੍ਹਾਂ ਆਤਮ-ਨਿਰਭਰ ਅਤੇ ਵਿਕਸਿਤ ਭਾਰਤ ਦੇ ਟੀਚੇ ਵੀ ਹਾਸਲ ਕੀਤੇ ਜਾ ਸਕਣਗੇ। ਅਸੀਂ ਗਿਆਨ, ਨਵੀਨਤਾ ਅਤੇ ਤਕਨਾਲੋਜੀ ਵੱਲੋਂ ਪਰਿਭਾਸ਼ਿਤ ਦਹਾਕੇ ਵਿੱਚ ਕਦਮ ਰੱਖ ਰਹੇ ਹਾਂ। ਭਾਰਤ ਕੋਲ ਪਹਿਲਾਂ ਹੀ ਇੱਕ ਮਜ਼ਬੂਤ ਅਧਾਰ ਮੌਜੂਦ ਹੈ। ਇੱਥੇ ਵਿਸ਼ਵ ਪੱਧਰ 'ਤੇ ਵਿਗਿਆਨ, ਤਕਨਾਲੋਜੀ, ਇੰਜੀਨੀਅਰਿੰਗ ਅਤੇ ਗਣਿਤ (ਐੱਸਟੀਈਐੱਮ) ਦੀ ਸਿੱਖਿਆ ਵਿੱਚ ਮਹਿਲਾਵਾਂ ਦਾ ਅਨੁਪਾਤ ਸਭ ਤੋਂ ਵੱਧ ਹੈ। ਇਸ ਪ੍ਰਾਪਤੀ ਨੂੰ ਬਿਨਾਂ ਕੋਈ ਸਮਾਂ ਗੁਆਏ ਸਿਹਤ ਸੇਵਾ, ਵਿਗਿਆਨ, ਉੱਦਮ ਅਤੇ ਸ਼ਾਸਨ ਵਰਗੇ ਵੱਖ-ਵੱਖ ਖੇਤਰਾਂ ਵਿੱਚ ਅਗਵਾਈ ਵਿੱਚ ਬਦਲ ਦੇਣ ਦਾ ਇਹੋ ਸਹੀ ਮੌਕਾ ਹੈ। ਪਿਛਲੇ ਦਹਾਕੇ ਨੇ ਇਹ ਦਰਸਾਇਆ ਹੈ ਕਿ ਨੀਤੀ ਨਿਰਮਾਣ ਅਤੇ ਲਾਗੂਕਰਨ ਦੇ ਨਾਲ ਰਾਜਨੀਤਿਕ ਇੱਛਾ-ਸ਼ਕਤੀ ਦਾ ਤਾਲਮੇਲ ਹੋਣ 'ਤੇ ਕੀ ਕੁਝ ਸੰਭਵ ਹੋ ਸਕਦਾ ਹੈ। ਅੱਜ ਦੀ ਠੋਸ ਬੁਨਿਆਦ 'ਤੇ, ਨਾਰੀ ਸ਼ਕਤੀ ਵੰਦਨ ਅਧਿਨਿਯਮ ਦਾ ਲਾਗੂਕਰਨ ਸਸ਼ਕਤੀਕਰਨ ਨੂੰ ਪਹੁੰਚ ਤੋਂ ਪਰੇ ਅਧਿਕਾਰ ਤੱਕ ਲੈ ਜਾ ਸਕਦਾ ਹੈ। ਪਰ ਪ੍ਰਤੀਨਿਧਤਾ ਨੂੰ ਸਮਰੱਥਾ ਵਿੱਚ ਬਦਲਣਾ ਚਾਹੀਦਾ ਹੈ ਅਤੇ ਸਮਰੱਥਾ ਦਾ ਵਿਕਾਸ ਸੰਸਥਾਗਤ ਸਮਰਥਨ ਰਾਹੀਂ ਹੋਣਾ ਚਾਹੀਦਾ ਹੈ, ਤਾਂ ਜੋ ਲਾਗੂਕਰਨ ਤੋਂ ਸਹੀ ਨਤੀਜੇ ਹਾਸਲ ਹੋ ਸਕਣ। ਅਗਲੇ ਪੰਜ ਸਾਲਾਂ ਵਿੱਚ, ਸਾਨੂੰ ਮਹਿਲਾਵਾਂ ਨੂੰ ਨਾ ਸਿਰਫ਼ ਚੋਣਵੇਂ ਰੂਪ ਵਿੱਚ, ਸਗੋਂ ਸੰਸਥਾਗਤ ਰੂਪ ਵਿੱਚ ਵੀ ਅਗਵਾਈ ਕਰਨ ਲਈ ਤਿਆਰ ਕਰਨ ਦੀ ਦਿਸ਼ਾ ਵਿੱਚ ਨਿਵੇਸ਼ ਕਰਨਾ ਹੋਵੇਗਾ। ਇਸ ਦਾ ਸਿੱਧਾ ਮਤਲਬ ਹੈ ਵਿਵਸਥਿਤ ਮਾਰਗਦਰਸ਼ਨ, ਅਗਵਾਈ ਸੰਬੰਧੀ ਸਿਖਲਾਈ, ਨੀਤੀਗਤ ਅਨੁਭਵ ਅਤੇ ਪ੍ਰਭਾਵਸ਼ਾਲੀ ਸ਼ਾਸਨ ਨੂੰ ਸੰਭਵ ਬਣਾਉਣ ਵਾਲੀ ਪ੍ਰਸ਼ਾਸਨਿਕ ਸਹਾਇਤਾ ਪ੍ਰਣਾਲੀ। ਇਸ ਦਾ ਮਤਲਬ ਇਹ ਵੀ ਹੈ ਕਿ ਸਾਨੂੰ ਨੀਤੀ ਨਿਰਮਾਣ ਦੇ ਤਰੀਕਿਆਂ 'ਤੇ ਨਵੇਂ ਸਿਰੇ ਤੋਂ ਵਿਚਾਰ ਕਰਨਾ ਹੋਵੇਗਾ। ਪ੍ਰੋਗਰਾਮ ਸੁਲਭ, ਸਮਝਣ ਵਿੱਚ ਆਸਾਨ ਅਤੇ ਤੇਜ਼ ਗਤੀ ਨਾਲ ਲਾਗੂ ਕੀਤੇ ਜਾ ਸਕਣ ਵਾਲੇ ਹੋਣੇ ਚਾਹੀਦੇ ਹਨ। ਨੀਤੀਆਂ ਨੂੰ ਜ਼ਰੂਰਤ ਦੇ ਹਿਸਾਬ ਨਾਲ ਵਿਕਸਿਤ ਕਰਨ ਲਈ ਫੀਡਬੈਕ ਪ੍ਰਣਾਲੀਆਂ ਨੂੰ ਮਜ਼ਬੂਤ ਕੀਤਾ ਜਾਣਾ ਚਾਹੀਦਾ ਹੈ। ਅਤੇ ਸਫ਼ਲਤਾਵਾਂ ਨੂੰ ਸਿਰਫ਼ ਕਵਰੇਜ ਨਾਲ ਨਹੀਂ, ਸਗੋਂ ਸਿਹਤ, ਆਮਦਨ, ਸਿੱਖਿਆ ਅਤੇ ਸਸ਼ਕਤੀਕਰਨ ਵਰਗੇ ਨਤੀਜਿਆਂ ਵਿੱਚ ਹੋਏ ਬਦਲਾਅ ਦੇ ਅਧਾਰ 'ਤੇ ਮਾਪਿਆ ਜਾਣਾ ਚਾਹੀਦਾ ਹੈ। ਹੁਣ ਜਦੋਂ ਭਾਰਤ 2047 ਤੱਕ ਇੱਕ ਵਿਕਸਿਤ ਰਾਸ਼ਟਰ ਬਣਨ ਦੇ ਆਪਣੇ ਟੀਚੇ ਵੱਲ ਵਧ ਰਿਹਾ ਹੈ, ਅਜਿਹੇ ਵਿੱਚ ਇਹ ਕੋਈ ਛੋਟਾ ਮੁੱਦਾ ਨਹੀਂ ਹੈ – ਇਹ ਸਾਡੀ ਸਫ਼ਲਤਾ ਲਈ ਬਹੁਤ ਮਹੱਤਵਪੂਰਨ ਹੈ। ਮਹਿਲਾਵਾਂ ਦੀ ਭਾਗੀਦਾਰੀ ਆਰਥਿਕ ਵਿਕਾਸ, ਸਮਾਜਿਕ ਸਥਿਰਤਾ ਅਤੇ ਸੰਸਥਾਗਤ ਪ੍ਰਭਾਵਸ਼ੀਲਤਾ ਨਾਲ ਸਿੱਧੀ ਜੁੜੀ ਹੋਈ ਹੈ। ਇਸ ਲਈ ਸਫ਼ਲਤਾ ਦਾ ਅਸਲੀ ਪੈਮਾਨਾ ਇਹ ਨਹੀਂ ਹੋਵੇਗਾ ਕਿ ਅਸੀਂ ਕਿੰਨੀਆਂ ਯੋਜਨਾਵਾਂ ਬਣਾਉਂਦੇ ਹਾਂ, ਸਗੋਂ ਇਹ ਹੋਵੇਗਾ ਕਿ ਅਸੀਂ ਕਿੰਨੇ ਲੋਕਾਂ ਦੇ ਜੀਵਨ ਨੂੰ ਬਦਲ ਪਾਉਂਦੇ ਹਾਂ। ਜੇਕਰ ਭਾਰਤ ਪਹੁੰਚ ਦੇ ਮਾਮਲੇ ਵਿੱਚ ਪੂਰਨਤਾ ਹਾਸਲ ਕਰ ਲੈਂਦਾ ਹੈ, ਭਾਗੀਦਾਰੀ ਨੂੰ ਮਜ਼ਬੂਤ ਕਰਦਾ ਹੈ ਅਤੇ ਅਗਵਾਈ ਨੂੰ ਸਮਰੱਥ ਬਣਾਉਂਦਾ ਹੈ, ਤਾਂ ਉਹ ਨਾ ਸਿਰਫ਼ ਆਪਣੀਆਂ ਮਹਿਲਾਵਾਂ ਨੂੰ ਸਸ਼ਕਤ ਬਣਾਏਗਾ ਸਗੋਂ ਆਪਣੇ ਵਿਕਾਸ ਦੀ ਰਾਹ ਨੂੰ ਵੀ ਨਵੇਂ ਸਿਰੇ ਤੋਂ ਨਿਰਧਾਰਿਤ ਕਰੇਗਾ। ਨੀਤੀ ਘੜਨ ਵਾਲਿਆਂ ਅਤੇ ਪ੍ਰਸ਼ਾਸਕਾਂ ਲਈ ਜ਼ਿੰਮੇਵਾਰੀਆਂ ਬਿਲਕੁਲ ਸਪੱਸ਼ਟ ਹਨ। ਇਨ੍ਹਾਂ ਨੂੰ ਪੂਰਾ ਕਰਨ ਦਾ ਸਮਾਂ ਹੁਣ ਆ ਗਿਆ ਹੈ।



**ਡਾ. ਸੰਗੀਤਾ ਰੇਡੀ**
**(ਲੇਖਿਕਾ ਅਪੋਲੋ ਹਸਪਤਾਲ ਵਿੱਚ ਸੰਯੁਕਤ ਪ੍ਰਬੰਧ ਨਿਰਦੇਸ਼ਕ ਹੈ)**

# ਹਮੇਸ਼ਾ ਆਪਣੇ ਆਪ ਨੂੰ ਵਧੀਆ ਸਮਝੋ

ਜ਼ਿਕਰ ਪੰਜਾਬ

ਜ਼ਿੰਦਗੀ ਖੂਬਸੂਰਤ ਹੈ। ਹਰ ਇਨਸਾਨ ਇਥੇ ਜ਼ਿੰਦਗੀ ਨੂੰ ਆਪਣੇ ਢੰਗ ਨਾਲ ਗੁਜ਼ਾਰਦਾ ਹੈ। ਇਹ ਹੁਣ ਸਾਡੇ ਉੱਤੇ ਨਿਰਭਰ ਕਰਦਾ ਹੈ ਕਿ ਅਸੀਂ ਇਸ ਖੂਬਸੂਰਤ ਜ਼ਿੰਦਗੀ ਨੂੰ ਕਿਸ ਤਰ੍ਹਾਂ ਆਨੰਦਮਈ ਬਣਾਉਣਾ ਹੈ। ਅਕਸਰ ਦੇਖਦੇ ਹਾਂ ਕਿ ਜ਼ਿੰਦਗੀ ਵਿੱਚ ਕਈ ਵਾਰ ਉਤਾਰ ਚੜਾਅ ਆਉਂਦੇ ਰਹਿੰਦੇ ਹਨ। ਕਈ ਇਨਸਾਨ ਮੁਸੀਬਤਾਂ ਦਾ ਡੱਟ ਕੇ ਸਾਹਮਣਾ ਕਰਦੇ ਹਨ। ਕਈ ਅਜਿਹੇ ਇਨਸਾਨ ਵੀ ਹੁੰਦੇ ਹਨ ਜੇ ਕੋਈ ਮੁਸੀਬਤ , ਦੁੱਖ ਦਾ ਵੀ ਜਾਏ ਉਹ ਡਾਵਾਂਡੋਲ ਹੋ ਜਾਂਦੇ ਹਨ। ਉਹ ਮਾੜੇ ਸਮੇਂ ਵਿੱਚੋਂ ਬਾਹਰ ਨਿਕਲ ਹੀ ਨਹੀਂ ਸਕਦੇ। ਫਿਰ ਉਹਨਾਂ ਨੂੰ ਜ਼ਿੰਦਗੀ ਬੋਝ ਹੀ ਲੱਗਣ ਲੱਗ ਜਾਂਦੀ ਹੈ। ਉਹ ਚੰਗੇ ਸਮੇਂ ਵਿੱਚ ਵੀ ਹੱਸ ਖੇਡ ਕੇ ਜ਼ਿੰਦਗੀ ਨੂੰ ਨਹੀਂ ਬਸਰ ਕਰਦੇ। ਉਹਨਾਂ ਨੂੰ ਇਹ ਹੁੰਦਾ ਹੈ ਕਿ ਪਤਾ ਨਹੀਂ ਸਮਾਜ ਮੇਰੇ ਬਾਰੇ ਕੀ ਸੋਚੇਗਾ। ਦੇਖੋ ਜੇ ਤੁਸੀਂ ਸੋਚਣ ਲੱਗ ਗਏ ਤਾਂ ਸਮਾਜ ਤੁਹਾਡੇ ਬਾਰੇ ਸੋਚਣਾ ਬੰਦ ਨਹੀਂ ਕਰੇਗਾ। ਜੋ ਕੰਮ ਸਮਾਜ ਦਾ ਹੈ ਉਸਨੂੰ ਕਰਨ ਦਿਓ। ਅਜਿਹੀਆਂ ਗੱਲਾਂ ਤੇ ਕਦੇ ਵੀ ਆਪਣਾ ਫਜ਼ੂਲ ਦਾ ਸਮਾਂ ਬਰਬਾਦ ਨਾ ਕਰੋ। ਦੇਖੋ! ਇਨਸਾਨ ਦੀ ਜ਼ਿੰਦਗੀ ਵਿੱਚ ਕਦੇ ਸੁੱਖ ਕਦੇ ਦੁੱਖ ਆਉਂਦੇ ਰਹਿੰਦੇ ਹਨ। ਤੁਸੀਂ ਸਮਾਜ ਦਾ ਅਹਿਮ ਹਿੱਸਾ ਹੋ ਕਦੇ ਜ਼ਿੰਦਗੀ ਨੂੰ ਕੋਸੋ ਨਾ। ਜੇ ਕਦੇ ਮੁਸੀਬਤ ਆਉਂਦੀ ਵੀ ਹੈ ਤਾਂ ਆਪਣੇ ਆਪ ਨੂੰ ਟੁੱਟਿਆ ਹੋਇਆ ਮਹਿਸੂਸ ਨਾ ਕਰੋ। ਹੱਲ ਲੱਭੋ ਕਿ ਇਸ ਮੁਸੀਬਤ ਦਾ ਕਿਸ ਤਰ੍ਹਾਂ ਸਾਹਮਣਾ ਕੀਤਾ ਜਾ ਸਕਦਾ ਹੈ। ਮਾੜੇ ਸਮੇਂ ਵਿੱਚ ਕਦੇ ਵੀ ਘਬਰਾਉਣਾ ਨਹੀਂ ਚਾਹੀਦਾ ।ਸਹਿਨਸ਼ੀਲ ,ਚੰਗੇ ਦੋਸਤਾਂ ਨੇਕ ਇੰਨਸਾਨਾਂ ਨਾਲ ਸਲਾਹ ਮਸ਼ਵਰਾ ਕਰਕੇ, ਮੁਸੀਬਤ ਵਿੱਚੋਂ ਨਿਕਲਿਆ ਜਾ ਸਕਦਾ ਹੈ। ਤੁਸੀਂ ਸਮਾਜ ਦਾ ਅਹਿਮ ਹਿੱਸਾ ਹੋ। ਆਪਣੀ ਇੱਜਤ ਆਪ ਕਰਨੀ ਚਾਹੀਦੀ ਹੈ। ਵਿਚਾਰਨ ਵਾਲੀ ਗੱਲ ਹੈ ਕਿ ਜੋ ਮਨੁੱਖ ਆਪਣੀ ਕਦਰ ਆਪ ਨਹੀਂ ਕਰ ਸਕਦਾ ਉਹ ਦੂਜਿਆਂ ਦੀ ਕਦਰ ਵੀ ਕਦੇ ਨਹੀਂ ਕਰੇਗਾ। ਆਪਣੇ ਆਪ ਨੂੰ ਮਹੱਤਵ ਦੇਣਾ ਚਾਹੀਦਾ ਹੈ ।ਆਪਣੇ ਲਈ ਸਮਾਂ ਕੱਢਣਾ ਚਾਹੀਦਾ ਹੈ। ਆਪਣੇ ਆਪ ਨੂੰ ਤੁਸੀਂ ਕਦੇ ਵੀ ਕਿਸੇ ਨਾਲੋਂ ਘੱਟ ਨਹੀਂ ਸਮਝਣਾ ਹੈ। ਜੇ ਤੁਸੀਂ ਆਪਣੀ ਇੱਜਤ, ਆਪਣੇ ਲਈ ਸਮਾਂ, ਆਪਣੇ ਆਪ ਨੂੰ ਮਹੱਤਵ ਨਹੀਂ ਦੇਵੋਗੇ ਤਾਂ ਕਿਸੇ ਵੀ ਸੱਜਣ ਤੋਂ ਉਮੀਦ ਨਾ ਰੱਖਣਾ ਕਿ ਉਹ ਤੁਹਾਡੀ ਆ ਕੇ ਕਦਰ ਪਾਏਗਾ। ਆਪਣੇ ਆਪ ਨੂੰ ਮਹੱਤਵ ਦੇਣ ਦਾ ਮਤਲਬ ਇਹ ਨਹੀਂ ਕਿ ਤੁਸੀਂ ਕਿਸੇ ਨਾਲ ਗੱਲ ਨਹੀਂ ਕਰੋਗੇ। ਆਪਣੇ ਗਰੂਰ ਵਿੱਚ ਰਹੋਗੇ, ਘੁਮੰਡੀ ਜਿਹੇ ਬਣ ਜਾਵੋਗੇ। ਅੱਜ ਦੇ ਜ਼ਮਾਨੇ ਵਿੱਚ ਤੇ 15 -20 ਸਾਲ ਦਾ ਬੀਤੇ ਹੋਏ ਵਕਤ ਵਿੱਚ ਬਹੁਤ ਫਰਕ ਹੈ। ਲੋਕ ਮਤਲਬ ਦੇਖ ਕੇ ਦੋਸਤੀ ਕਰਦੇ ਹਨ। ਜੇ ਮਤਲਬ ਨਿਕਲ ਜਾਵੇ ਤਾਂ ਤੂੰ ਕੌਣ ,ਮੈਂ ਕੌਣ ਵਾਲੀ ਗੱਲ ਆ ਜਾਂਦੀ ਹੈ। ਹਰ ਹੱਥ ਮਿਲਾਉਣ ਵਾਲਾ ਤੁਹਾਡਾ ਕਰੀਬੀ ਨਹੀਂ ਬਣ ਸਕਦਾ। ਅੱਜ ਤਾਂ ਅਜਿਹਾ ਜ਼ਮਾਨਾ ਹੈ ਇਸ ਵਿੱਚ ਲੋਕ ਤੁਹਾਡੇ ਮੂੰਹ ਤੇ ਤੁਹਾਡੀ ਚੰਗਿਆਈ ਕਰਦੇ ਹਨ ,ਪਿੱਠ ਪਿੱਛੇ ਤੁਹਾਡੀ ਬੁਰਾਈ ਕਰਨ ਤੋਂ ਨਹੀਂ ਹਟਦੇ। ਹਮੇਸ਼ਾ ਸੋਚ ਸਮਝ ਕੇ ਹੀ ਕਿਸੇ ਦੇ ਕੰਮ ਲਈ ਹਾਮੀ ਭਰੋ। ਸਾਰਿਆਂ ਦੇ ਕੰਮਾਂ ਨੂੰ ਤਰਜੀਹ ਨਾ ਦਿਓ ।ਲੋਕ ਤੁਹਾਨੂੰ ਮੂਰਖ਼ ,ਪਾਗਲ ਕਹਿਣ ਲੱਗ ਜਾਣਗੇ। ਕਈ ਵਾਰ ਤੁਸੀਂ ਕਿਸੇ ਦਾ ਇੰਨਾ ਕਰ ਦਿੰਦੇ ਹੋ ਕਿ ਸਮੇਂ ਤੇ ਜਦੋਂ ਤੁਹਾਨੂੰ ਲੋੜ ਪੈਂਦੀ ਹੈ ਤਾਂ ਉਹੀ ਸੱਜਣ ਤੁਹਾਨੂੰ ਜਵਾਬ ਦੇ ਜਾਂਦਾ ਹੈ। ਫਿਰ ਤੁਹਾਡਾ ਮਨ ਬਹੁਤ ਦੁੱਖੀ ਹੁੰਦਾ ਹੈ। ਤੁਸੀਂ ਇੱਥੇ ਆਪਣੇ ਲਈ ਬਣੇ ਹੋ। ਆਪਣੇ ਕੰਮ ਤੁਸੀਂ ਆਪ ਕਰਨੇ ਹਨ। ਦੂਜਿਆਂ ਨੇ ਤੁਹਾਨੂੰ ਹਮੇਸ਼ਾ ਆਪਣੇ ਕੰਮਾਂ ਲਈ ਵਰਤਣਾ ਹੀ ਹੈ। ਕਈ ਵਾਰ ਤੁਸੀਂ ਅਜਿਹਾ ਗਲਤ ਕੰਮ ਕਰ ਜਾਂਦੇ ਹੋ ਕਿ ਸਮਾਜ ਦੀਆਂ ਨਜ਼ਰਾਂ ਵਿੱਚ ਤੁਸੀਂ ਕਈ ਵਾਰ ਗਿਰ ਜਾਂਦੇ ਹੋ। ਫਿਰ ਤੁਸੀਂ ਆਪਣੇ ਆਪ ਨੂੰ ਨਿਕੰਮਾ ਜਿਹਾ ਮਹਿਸੂਸ ਕਰਨ ਲੱਗ ਜਾਂਦੇ ਹੋ ,ਇਹ ਤੁਹਾਡੀ ਧਾਰਨਾ ਗਲਤ ਹੈ। ਗਲਤੀਆਂ ਨੂੰ ਦੁਹਰਾਓ ਨਾ। ਉਹਨਾਂ ਤੋਂ ਸਬਕ ਲਵੋ। ਇਸ ਸੰਸਾਰ ਵਿੱਚ ਅਜਿਹਾ ਕੋਈ ਇਨਸਾਨ ਨਹੀਂ ਹੈ ਜਿਸ ਵਿੱਚ ਚੰਗੇ ਗੁਣ ਨਾ ਹੋਣ ।ਹਰ ਇਨਸਾਨ ਵਿੱਚ ਕੋਈ ਨਾ ਕੋਈ ਹੁਨਰ ਜਰੂਰ ਹੁੰਦਾ ਹੈ ।ਆਪਣੇ ਹੁਨਰ ਨੂੰ ਤਰਾਸ਼ੋ। ਦੂਜਿਆਂ ਸਾਹਮਣੇ ਰੱਖੋ। ਕਈ ਵਾਰ ਅਜਿਹਾ ਦੇਖਣ ਨੂੰ ਮਿਲਦਾ ਹੈ ਕਿ ਇਨਸਾਨ ਵਿੱਚ ਬਹੁਤ ਗੁਣ ਹੁੰਦੇ ਹਨ, ਪਰ ਉਹ ਦੂਜਿਆਂ ਸਾਹਮਣੇ ਆਪਣੀ ਕਾਬਲੀਅਤ ਨੂੰ ਪੇਸ਼ ਕਰਨ ਤੋਂ ਝਿਜਕਦਾ ਹੈ। ਇਹ ਬਹੁਤ ਗਲਤ ਗੱਲ ਹੈ। ਕੁਦਰਤ ਨੇ ਹਰ ਇਨਸਾਨ ਵਿੱਚ ਕੋਈ ਨਾ ਕੋਈ ਚੰਗਾ ਗੁਣ ਦੇ ਕੇ ਜਰੂਰ ਭੇਜਿਆ ਹੈ। ਹਰ ਇਨਸਾਨ ਵਿੱਚ ਚੰਗੇ ਤੇ ਮਾੜੇ ਗੁਣ ਜਰੂਰ ਹੁੰਦੇ ਹਨ। ਹਮੇਸ਼ਾ ਆਪਣੇ ਆਪ ਤੇ ਵਿਸ਼ਵਾਸ ਰੱਖੋ। ਇਹ ਸੋਚੋ ਕਿ ਮੈਂ ਇਹ ਮੁਕਾਮ ਹਾਸਿਲ ਕਰ ਸਕਦਾ ਹੈ। ਆਪਣੇ ਆਤਮ ਵਿਸ਼ਵਾਸ ਨੂੰ ਵਧਾਉਣ ਲਈ ਵਧੀਆ ਮਾਹਿਰਾਂ ਦੀ ਜੀਵਨੀ ਪੜੋ। ਚੰਗੇ ਲੋਕਾਂ ਵਿੱਚ ਵਿਚਰੋ ।ਆਪਣੇ ਆਪ ਨੂੰ ਇਹ ਨਾ ਸੋਚੋ ਕਿ ਮੈਂ ਇਹ ਕੰਮ ਨਹੀਂ ਕਰ ਸਕਦਾ। ਤੁਸੀਂ ਕਿਉਂ ਨਹੀਂ ਕਰ ਸਕਦੇ। ਹਾਲ ਹੀ ਵਿੱਚ ਪੰਜਾਬ ਸਿਵਲ ਸਰਵਿਸ ( ਜੁਡੀਸ਼ਲ) ਪ੍ਰੀਖਿਆਵਾਂ ਦਾ ਨਤੀਜਾ ਘੋਸ਼ਿਤ ਕੀਤਾ ਗਿਆ। ਗਰੀਬ ਤੋਂ ਗਰੀਬ ਪਰਿਵਾਰਾਂ ਦੀਆਂ ਕੁੜੀਆਂ ਨੇ ਮਿਹਨਤ ਕਰਕੇ ਮੁਕਾਮ ਨੂੰ ਹਾਸਿਲ ਕੀਤਾ। ਕਈਆਂ ਨੇ ਤਾਂ ਕਈ ਗਰੀਬ ਪਰਿਵਾਰਾਂ ਦੀਆਂ ਕੁੜੀਆਂ ਨੂੰ ਤਾਹਨੇ ਮਿਹਣੇ ਤੱਕ ਵੀ ਮਾਰੇ ਕਿ ਲੈ ਤੂੰ ਜੱਜ ਥੋੜੀ ਬਣ ਜਾਵੇਗੀ? ਦੇਖੋ ਕਦੇ ਵੀ ਕਿਸੇ ਨੂੰ ਉੱਚਾ ਬੋਲ ਨਾ ਬੋਲੀਏ। ਪਰਮਾਤਮਾ ਦੇ ਘਰ ਦਾ ਕੋਈ ਪਤਾ ਨਹੀਂ। ਕਹਿੰਦੇ ਹਨ ਕਿ ਪਰਮਾਤਮਾ ਦੀ ਲਾਠੀ ਵਿੱਚ ਆਵਾਜ਼ ਨਹੀਂ ਹੁੰਦੀ, ਉਹ ਕੁੱਝ ਵੀ ਕਰ ਦਿੰਦਾ ਹੈ। ਚੜਦੇ ਛਿਪਦੇ ਪਰਛਾਵੇਂ ਹਨ। ਹਮੇਸ਼ਾ ਜ਼ਿੰਦਗੀ ਇੱਕੋ ਜਿਹੀ ਨਹੀਂ ਰਹਿੰਦੀ। ਆਪਣੀ ਕਮੀ ਨੂੰ ਕਦੇ ਵੀ ਦੂਜਿਆਂ ਸਾਹਮਣੇ ਨਾ ਰੱਖੋ। ਜੋ ਵੀ ਤੁਹਾਡੀ ਕਮੀ ਹੈ ਉਸ ਨੂੰ ਤੁਸੀਂ ਆਪ ਸੁਧਾਰਨਾ ਹੈ। ਆਪਣੀ ਇੱਜਤ ਤੁਸੀਂ ਆਪ ਕਰਨੀ ਹੈ, ਇਸ ਕਰਕੇ ਆਪਣੇ ਲਈ ਸਮਾਂ ਕੱਢ ਕੇ ਆਪਣੇ ਆਪ ਨੂੰ ਇਸ ਸੰਸਾਰ ਦਾ ਅਹਿਮ ਇਨਸਾਨ ਸਮਝੋ।

**ਸੰਜੀਵ ਸਿੰਘ ਸੈਣੀ,**
**ਮੋਹਾਲੀ**
**ਸੰਪਰਕ : 7888966168**

# ਚੇਅਰਮੈਨ ਮਾਹਲਾ ਅਤੇ ਰਣਜੀਤ ਕੌਰ ਨੇ ਪੰਚਾਇਤ ਸੰਮਤੀ ਲੁਧਿਆਣਾ ਦੋ ਦਾ ਸੰਭਾਲਿਆ ਅਹੁਦਾ

## ਉਚੇਚੇ ਤੌਰ 'ਤੇ ਪਹੁੰਚੇ ਮੰਤਰੀ ਹਰਦੀਪ ਸਿੰਘ ਮੁੰਡੀਆਂ



ਜ਼ਿਕਰ ਪੰਜਾਬ
**ਲੁਧਿਆਣਾ/ਗੀਤਾ ਸਕਸੈਨਾ**

ਲੁਧਿਆਣਾ ਬਲਾਕ ਸੰਮਤੀ ਬਲਾਕ 2 ਦੇ ਨਵੇਂ ਚੁਣੇ ਗਏ ਚੇਅਰਮੈਨ ਦਰਸ਼ਨ ਸਿੰਘ ਮਾਹਲਾ ਅਤੇ ਵਾਈਸ ਚੇਅਰਮੈਨ ਰਣਜੀਤ ਕੌਰ ਨੇ ਅੱਜ ਅਹੁਦਾ ਸੰਭਾਲਿਆ ਅਹੁਦਾ ਸੰਭਾਲਣ ਦੀ ਰਸਮ ਨੂੰ ਪੂਰਾ ਕਰਨ ਦੇ ਲਈ ਉਚੇਚੇ ਤੌਰ ਤੇ ਪੰਜਾਬ ਦੇ ਕੈਬਨਿਟ ਮੰਤਰੀ ਸਰਦਾਰ ਹਰਦੀਪ ਸਿੰਘ ਮੁੰਡੀਆਂ ਪਹੁੰਚੇ ਜਿੱਥੇ ਪਹੁੰਚਣ ਤੇ ਉਹਨਾਂ ਦਾ ਭਰਮਾ ਸਵਾਗਤ ਕੀਤਾ ਗਿਆ। ਮੰਤਰੀ ਮੁੰਡੀਆਂ ਨੇ ਚੇਅਰਮੈਨ ਅਤੇ ਵਾਈ ਚੇਅਰਮੈਨ ਨੂੰ ਕੁਰਸੀ ਤੇ ਬਿਠਾ ਕੇ ਅਹੁਦੇ ਦਾ ਚਾਰਜ ਸੰਭਾਲਿਆ ਗਿਆ। ਇਸ ਮੌਕੇ ਚੇਅਰਮੈਨ ਅਤੇ ਵਾਈਸ ਚੇਅਰਮੈਨ ਦੇ ਅਹੁਦਾ ਸੰਭਾਲਣ ਮੌਕੇ ਵੱਡੀ ਗਿਣਤੀ ਵਿੱਚ ਪਿੰਡਾਂ ਦੀਆਂ ਪੰਚਾਇਤਾਂ ਇਲਾਕਾ ਨਿਵਾਸੀ, ਬਲਾਕ ਸੰਮਤੀ ਮੈਂਬਰ ਸਾਹਿਬਾਨ, ਸਰਪੰਚ ਸਾਹਿਬਾਨ, ਬਲਾਕ ਪ੍ਰਧਾਨ ਸਾਹਿਬਾਨ ਆਦਿ ਹੋਰ ਪਾਰਟੀ ਦੇ ਸੀਨੀਅਰ ਆਗੂ ਵੱਡੀ ਗਿਣਤੀ ਵਿੱਚ ਪਹੁੰਚੇ ਹੋਏ ਸਨ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਸਰਦਾਰ ਦਰਸ਼ਨ ਸਿੰਘ ਮਾਹਲਾ ਅਤੇ ਵਾਈਸ ਚੇਅਰਮੈਨ ਸਮਤੀ ਲੁਧਿਆਣਾ ਤੋਂ ਅਹੁਦਾ ਸੰਭਾਲਣ ਤੇ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਖਿਆ ਕਿ ਚੇਅਰਮੈਨ ਆਪਣੇ ਤਜਰਬੇ ਅਤੇ ਮਿਹਨਤ ਨਾਲ ਇਲਾਕੇ ਦੇ ਵਿਕਾਸ ਨੂੰ ਨਵੀਂ ਦਿਸ਼ਾ ਦੇਣਗੇ। ਇਲਾਕੇ ਅੰਦਰ ਵੱਡੇ ਪੱਧਰ ਤੇ ਵਿਕਾਸ ਕਾਰਜਾਂ ਦੇ ਕੰਮ ਚੱਲ ਰਹੇ ਹਲਕੇ ਨੂੰ ਵੱਡੇ ਪੱਧਰ ਤੇ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਜੀ ਵੱਲੋਂ ਗਰਾਂਟਾਂ ਦਿੱਤੀਆਂ ਜਾ ਰਹੀਆਂ ਹਨ ਤਾਂ ਜੋ ਕਿਸੇ ਵੀ ਕੰਮ ਦੀ ਕੋਈ ਵੀ ਕਮੀ ਨਾ ਰਹੇ।

ਉਨਾ ਕਿਹਾ ਕਿ ਆਮ ਆਦਮੀ ਪਾਰਟੀ ਪੰਜਾਬ ਦੀ ਇੱਕ ਅਜਿਹੀ ਪਹਿਲੀ ਪਾਰਟੀ ਹੈ ਜਿਸ ਨੇ ਪਹਿਲੇ ਚਾਰ ਸਾਲਾਂ ਦੌਰਾਨ ਹੀ ਪੰਜਾਬ ਦੇ ਲੋਕਾਂ ਨਾਲ ਕੀਤੇ ਹੋਏ ਸਾਰੇ ਵਾਅਦੇ ਪੂਰੇ ਕੀਤੇ ਹਨ। ਉਹਨਾਂ ਕਿਹਾ ਕਿ ਵਿਰੋਧੀ ਪਾਰਟੀਆਂ ਦੇ ਆਗੂ ਸਾਨੂੰ ਬਦਨਾਮ ਕਰਨ ਦੀ ਕੋਸ਼ਿਸ਼ ਤਾਂ ਕਰ ਰਹੇ ਹਨ ਪਰ ਉਨਾਂ ਦੀ ਇੱਕ ਨਹੀਂ ਚੱਲ ਰਹੀ ਕਿਉਂਕਿ ਪੰਜਾਬ ਦਾ ਬੱਚਾ ਬੱਚਾ ਆਮ ਆਦਮੀ ਪਾਰਟੀ ਨੂੰ ਚਾਹੁੰਦਾ ਹੈ ਭਗਵੰਤ ਮਾਨ ਸਾਹਿਬ ਨੂੰ ਚਾਹੁੰਦਾ ਹੈ। ਉੱਥੇ ਹੀ ਦੂਜੇ ਪਾਸੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਮਾਹਲਾ ਨੇ ਆਖਿਆ ਜਿੱਥੇ ਮੈਂ ਅਰਵਿੰਦ ਕੇਜਰੀਵਾਲ ਜੀ, ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ, ਮਨੀਸ਼ ਸਿਸੋਦੀਆ ਜੀ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦਾ ਹਾਂ ਉੱਥੇ ਹੀ ਪੰਜਾਬ ਦੇ ਕੈਬਨਿਟ ਮੰਤਰੀ ਸਰਦਾਰ ਹਰਦੀਪ ਸਿੰਘ ਮੁੰਡੀਆਂ ਜੀ ਦਾ ਧੰਨਵਾਦ ਕਰਦਾ ਹਾਂ ਜਿਨਾਂ ਨੇ ਮੈਨੂੰ ਚੇਅਰਮੈਨ ਦਾ ਅਹੁਦਾ ਸੰਭਾਲਣ ਯੋਗ ਸਮਝਿਆ। ਉਹਨਾਂ ਕਿਹਾ ਕਿ ਪਾਰਟੀ ਹਾਈ ਕਮਾਂਡ ਨਾਲ ਵਾਅਦਾ ਕਰਦਾ ਹਾਂ ਕਿ ਪਿੰਡ ਦੇ ਵਿਕਾਸ ਕਾਰਜਾਂ ਦੇ ਕੰਮ ਵੱਡੇ ਪੱਧਰ ਤੇ ਕੀਤੇ ਜਾਣਗੇ।

ਉਹਨਾਂ ਕਿਹਾ ਕਿ ਸਰਕਾਰ ਨੇ ਚੋਣਾਂ ਦੌਰਾਨ ਕੀਤੇ ਹੋਏ ਸਾਰੇ ਵਾਅਦੇ ਪੂਰੇ ਕੀਤੇ ਹਨ ਅਤੇ ਜਦੋਂ ਪਿੰਡਾਂ ਵਿੱਚ ਮੀਟਿੰਗਾਂ ਕਰਨ ਜਾਂਦੇ ਹਾਂ ਤਾਂ ਲੋਕਾਂ ਦੀ ਇੱਕੋ ਬਾਜ ਹੈ ਕਿ 2027 ਵਿੱਚ ਤੋਂ ਆਮ ਆਦਮੀ ਪਾਰਟੀ ਦੀ ਸਰਕਾਰ ਹੀ ਬਣੇਗੀ ਕਿਉਂਕਿ ਆਮ ਆਦਮੀ ਪਾਰਟੀ ਨੇ ਉਹ ਕੰਮ ਕਰਕੇ ਦਿਖਾ ਦਿੱਤੇ ਹਨ ਜੋ ਪਿਛਲੇ 75 ਸਾਲਾਂ ਦੌਰਾਨ ਕਿਸੇ ਵੀ ਸਰਕਾਰ ਨੇ ਨਹੀਂ ਕੀਤੇ ਉੱਥੇ ਹੀ ਦਰਸ਼ਨ ਸਿੰਘ ਮਾਹਲਾ ਨੇ ਆਏ ਹੋਏ ਸਾਰੇ ਹੀ ਪਾਰਟੀ ਦੇ ਅਹੁਦੇਦਾਰ ਸਾਹਿਬਾਨਾਂ ਦਾ ਦਿਲ ਦੀਆ ਗਹਿਰਾਈਆਂ ਤੋਂ ਧੰਨਵਾਦ ਕੀਤਾ।



# ਹਰਿਆਨਾ ਦੇ ਰਾਜਪਾਲ ਨੇ ਲੋਕਾਂ ਨੂੰ ਜਨਗਣਨਾ 2027 ਲਈ ਸਵੈ-ਗਣਨਾ ਕਰਨ ਲਈ ਕੀਤੀ ਅਪੀਲ

ਜ਼ਿਕਰ ਪੰਜਾਬ
**ਚੰਡੀਗੜ੍ਹ/ਬਿਊਰੋ**

ਨਿਦੇਸ਼ਕ, ਜਨਗਣਨਾ ਅਤੇ ਨਾਗਰਿਕ ਪੰਜੀਕਰਣ (ਹਰਿਆਣਾ), ਗ੍ਰਹਿ ਮੰਤਰਾਲੇ ਵੱਲੋਂ ਅੱਜ ਮਾਣਯੋਗ ਰਾਜਪਾਲ ਹਰਿਆਣਾ, ਪ੍ਰੋ. ਅਸੀਮ ਕੁਮਾਰ ਘੋਸ਼ ਨਾਲ ਸ਼ਿਸ਼ਟਾਚਾਰ ਭੇਟ ਕੀਤੀ ਗਈ ਅਤੇ ਉਨ੍ਹਾਂ ਨੂੰ ਜਨਗਣਨਾ 2027 ਨਾਲ ਸਬੰਧਤ ਗਤੀਵਿਧੀਆਂ ਦੀ ਵਿਸਤਾਰ ਨਾਲ ਜਾਣਕਾਰੀ ਪ੍ਰਦਾਨ ਕੀਤੀ ਗਈ। ਇਸ ਮੌਕੇ ਜਨਗਣਨਾ ਗਤੀਵਿਧੀਆਂ ਨਾਲ ਸਬੰਧਤ ਇੱਕ ਕੈਲੰਡਰ ਵੀ ਜਾਰੀ ਕੀਤਾ ਗਿਆ। ਹਰਿਆਣਾ ਰਾਜ ਵਿਚ ਸਵੈ-ਗਣਨਾ ਦੀ ਸੁਵਿਧਾ 16 ਅਪ੍ਰੈਲ ਤੋਂ 30 ਅਪ੍ਰੈਲ 2026 ਤੱਕ ਉਪਲਬਧ ਰਹੇਗੀ। ਸਾਰੇ ਨਾਗਰਿਕ ਮੋਬਾਈਲ, ਟੈਬਲੈਟ ਜਾਂ ਕੰਪਿਊਟਰ ਰਾਹੀਂ ਘਰ ਬੈਠੇ Self-Enumeration ਪੋਰਟਲ 'ਤੇ ਆਪਣੀ ਜਾਣਕਾਰੀ ਖੁਦ ਦਰਜ ਕਰ ਸਕਦੇ ਹਨ। ਇਹ ਇੱਕ ਸਰਲ,

> **■ ਸਾਰੇ ਹਰਿਆਣਾ ਵਾਸੀ ਆਪਣੀ ਸਵੈ-ਗਣਨਾ ਕਰਨ : ਪ੍ਰੋ. ਘੋਸ਼**

ਸੁਰੱਖਿਅਤ ਅਤੇ ਆਧੁਨਿਕ ਪਹਿਲ ਹੈ। ਇਸ ਤੋਂ ਬਾਅਦ, 1 ਮਈ ਤੋਂ 30 ਮਈ 2026 ਤੱਕ ਪੂਰੇ ਰਾਜ ਵਿਚ ਮਕਾਨ ਸੂਚੀਕਰਣ ਅਤੇ ਮਕਾਨਾਂ ਦੀ ਗਣਨਾ ਦੇ ਤਹਿਤ ਪ੍ਰਗਣਕ ਹਰ ਘਰ ਦਾ ਦੌਰਾ ਕਰਨਗੇ। ਇਸ ਮੌਕੇ 'ਤੇ ਮਾਣਯੋਗ ਰਾਜਪਾਲ ਹਰਿਆਣਾ ਨੇ ਸ਼੍ਰੀ ਲਲਿਤ ਜੈਨ, ਨਿਦੇਸ਼ਕ, ਜਨਗਣਨਾ ਵਿਭਾਗ, ਹਰਿਆਣਾ ਅਤੇ ਉਨ੍ਹਾਂ ਦੀ ਟੀਮ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇਹ ਦੁਨੀਆਂ ਦੀ ਸਭ ਤੋਂ ਵੱਡੀ ਪ੍ਰਸ਼ਾਸਨਿਕ ਪ੍ਰਕਿਰਿਆ ਹੈ, ਜਿਸ ਦੇ ਅੰਕੜਿਆਂ ਦੇ ਆਧਾਰ 'ਤੇ ਹਰਿਆਣਾ ਦੇ ਵਿਕਾਸ ਦੀ ਦਿਸ਼ਾ ਅਤੇ ਨੀਤੀ ਨਿਰਧਾਰਿਤ ਕੀਤੀ ਜਾਵੇਗੀ। ਰਾਜਪਾਲ ਨੇ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਸਵੈ-ਗਣਨਾ ਦਾ ਵੱਧ ਤੋਂ ਵੱਧ ਉਪਯੋਗ ਕਰਨ, ਕਿਉਂਕਿ ਇਹ ਅਤਿਅੰਤ ਸੁਵਿਧਾਜਨਕ ਅਤੇ ਸੁਗਮ ਹੈ। ਇਸ ਨਾਲ ਸਮਾਂ ਅਤੇ ਸੰਸਾਧਨਾਂ ਦੀ ਬਚਤ ਵੀ ਹੋਵੇਗੀ। ਅੰਤ ਵਿਚ, ਪ੍ਰੋ. ਘੋਸ਼ ਨੇ ਸਾਰੇ ਹਰਿਆਣਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਜਨਗਣਨਾ ਕਰਮਚਾਰੀਆਂ ਨੂੰ ਪੂਰਾ ਸਹਿਯੋਗ ਪ੍ਰਦਾਨ ਕਰਨ, ਤਾਂ ਜੋ ਇਹ ਮਹੱਤਵਪੂਰਨ ਕੰਮ ਸਫਲਤਾਪੂਰਵਕ ਸੰਪੰਨ ਹੋ ਸਕੇ।

# ਸੀਟੀ ਗਰੁੱਪ ਵੱਲੋਂ ਫਾਰਮਾਕੋਵਿਜਿਲੈਂਸ ਲੀਡਰਸ਼ਿਪ ਸਿੰਪੋਜ਼ਿਯਮ 2026 ਦਾ ਸ਼ਾਨਦਾਰ ਆਯੋਜਨ

## ਦਵਾਈ ਸੁਰੱਖਿਆ ਦੇ ਭਵਿੱਖ 'ਤੇ ਵਿਚਾਰ-ਵਟਾਂਦਰਾ, 1000 ਤੋਂ ਵੱਧ ਭਾਗੀਦਾਰ ਸ਼ਾਮਲ



ਜ਼ਿਕਰ ਪੰਜਾਬ
**ਜਲੰਧਰ/ਬਲਵਿੰਦਰ ਕੁਮਾਰ**

ਸੀਟੀ ਗਰੁੱਪ ਆਫ ਇੰਸਟੀਟਿਊਸ਼ਨਜ਼, ਸ਼ਾਹਪੁਰ ਕੈਂਪਸ ਵਿੱਚ ਸਰਦਾਰਨੀ ਮਨਜੀਤ ਕੌਰ ਆਡੀਟੋਰਿਅਮ ਵਿਖੇ "ਫਾਰਮਾਕੋਵਿਜਿਲੈਂਸ ਲੀਡਰਸ਼ਿਪ ਸਿੰਪੋਜ਼ਿਯਮ 2026"ਦਾ ਸਫਲ ਆਯੋਜਨ ਕੀਤਾ ਗਿਆ। "ਦਵਾਈ ਸੁਰੱਖਿਆ ਦਾ ਭਵਿੱਖ: ਉਦਯੋਗਿਕ ਪ੍ਰਥਾਵਾਂ, ਨਿਯਮਕ ਢਾਂਚੇ, ਨਵੀਨਤਾ ਅਤੇ ਕਰੀਅਰ ਮਾਰਗ"ਵਿਸ਼ੇ 'ਤੇ ਆਧਾਰਿਤ ਇਸ ਸਿੰਪੋਜ਼ਿਯਮ ਨੇ ਅਕਾਦਮਿਕ ਅਤੇ ਫਾਰਮਾ ਉਦਯੋਗ ਦੇ ਪ੍ਰਮੁੱਖ ਵਿਸ਼ੇਸ਼ਗਿਆਨਾਂ ਨੂੰ ਇਕੱਠਾ ਕਰਦੇ ਹੋਏ ਨਵੀਆਂ ਰੁਝਾਨਾਂ ਅਤੇ ਸਰਵੋਤਮ ਪ੍ਰਥਾਵਾਂ 'ਤੇ ਗੰਭੀਰ ਚਰਚਾ ਲਈ ਮੰਚ ਪ੍ਰਦਾਨ ਕੀਤਾ। ਇਸ ਸਮਾਗਮ ਵਿੱਚ 1000 ਤੋਂ ਵੱਧ ਭਾਗੀਦਾਰਾਂ, 100 ਤੋਂ ਜ਼ਿਆਦਾ ਪੋਸਟਰ ਪ੍ਰਸਤੁਤਕਾਰਾਂ ਅਤੇ 50 ਬਾਹਰੀ ਡੈਲੀਗੇਟਾਂ ਦੀ ਉਤਸ਼ਾਹਪੂਰਣ ਭਾਗੀਦਾਰੀ ਨੇ ਇਸਨੂੰ ਗਿਆਨ ਸਾਂਝਾ ਕਰਨ, ਅਕਾਦਮਿਕ ਸੰਵਾਦ ਅਤੇ ਪੇਸ਼ੇਵਰ ਨੈੱਟਵਰਕਿੰਗ ਲਈ ਪ੍ਰੇਰਕ ਮੰਚ ਬਣਾਇਆ। ਸਿੰਪੋਜ਼ਿਯਮ ਦੌਰਾਨ ਪ੍ਰਸਿੱਧ ਸੰਸਥਾਵਾਂ ਅਤੇ ਫਾਰਮਾਸਿਊਟਿਕਲ ਸੰਗਠਨਾਂ ਤੋਂ ਆਏ ਮਾਹਿਰਾਂ ਨੇ ਆਪਣੇ ਵਿਚਾਰ ਸਾਂਝੇ ਕੀਤੇ। ਇਨ੍ਹਾਂ ਵਿੱਚ ਡਾ. ਪ੍ਰਮਿਲ ਤਿਵਾਰੀ, ਡਾ. ਨਿਤਿਸ਼ ਗੋਇਲ, ਡਾ. ਹਿਮਾਂਸ਼ੁ ਭਟਨਾਗਰ, ਸੁਨੀਲ ਵਰਮਾ, ਕੈਮੀ ਗੋਇਲ ਅਤੇ ਡਾ. ਅਮਨਦੀਪ ਕੌਰ ਸ਼ਾਮਲ ਸਨ। ਸਮਾਗਮ ਵਿੱਚ ਫਾਰਮਾਕੋਵਿਜਿਲੈਂਸ ਦੇ ਵਿਕਸਿਤ ਹੋ ਰਹੇ ਢਾਂਚਿਆਂ, ਨਿਯਮਕ ਤਰੱਕੀ, ਉਦਯੋਗਿਕ ਪ੍ਰਥਾਵਾਂ ਅਤੇ ਦਵਾਈ ਸੁਰੱਖਿਆ ਖੇਤਰ ਵਿੱਚ ਕਰੀਅਰ ਮੌਕਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਇਸ ਮੌਕੇ 'ਤੇ ਸੀਟੀ ਗਰੁੱਪ ਦੇ ਪ੍ਰਮੁੱਖ ਅਧਿਕਾਰੀ ਪ੍ਰੋ. (ਡਾ.) ਮਨਬੀਰ ਸਿੰਘ, ਡਾ. ਸ਼ਿਵ ਕੁਮਾਰ ਅਤੇ ਡਾ. ਸੰਗਰਾਮ ਸਿੰਘ ਵੀ ਮੌਜੂਦ ਰਹੇ। ਉਨ੍ਹਾਂ ਨੇ ਇਸ ਉਪਰਾਲੇ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਹ ਅਕਾਦਮਿਕ ਅਤੇ ਉਦਯੋਗਿਕ ਖੇਤਰਾਂ ਵਿਚਕਾਰ ਸੰਵਾਦ ਨੂੰ ਮਜ਼ਬੂਤ ਕਰਦਾ ਹੈ। ਆਪਣੇ ਸੰਬੋਧਨ ਦੌਰਾਨ ਪ੍ਰੋ. (ਡਾ.) ਮਨਬੀਰ ਸਿੰਘ ਨੇ ਕਿਹਾ ਕਿ ਫਾਰਮਾਕੋਵਿਜਿਲੈਂਸ ਮਰੀਜ਼ ਸੁਰੱਖਿਆ ਯਕੀਨੀ ਬਣਾਉਣ ਅਤੇ ਸਿਹਤ ਪ੍ਰਣਾਲੀ 'ਤੇ ਲੋਕਾਂ ਦੇ ਭਰੋਸੇ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ। ਉਨ੍ਹਾਂ ਨੇ ਦੱਸਿਆ ਕਿ ਇਸ ਤਰ੍ਹਾਂ ਦੇ ਮੰਚ ਵਿਦਿਆਰਥੀਆਂ ਅਤੇ ਪੇਸ਼ੇਵਰਾਂ ਨੂੰ ਨਵੀਂ ਸੋਚ, ਖੋਜ ਅਤੇ ਜ਼ਿੰਮੇਵਾਰ ਅਭਿਆਸਾਂ ਵੱਲ ਪ੍ਰੇਰਿਤ ਕਰਦੇ ਹਨ। ਸਮਾਗਮ ਦਾ ਮੁੱਖ ਆਕਰਸ਼ਣ ਪੋਸਟਰ ਮੁਕਾਬਲਾ ਰਿਹਾ, ਜਿਸ ਵਿੱਚ ਤਿੰਨ ਵਰਗਾਂ ਹੇਠਾਂ 100 ਤੋਂ ਵੱਧ ਐਂਟਰੀਆਂ ਪ੍ਰਾਪਤ ਹੋਈਆਂ। ਰੀਅਲ ਵਰਲਡ ਫਾਰਮਾਕੋਵਿਜਿਲੈਂਸ ਵਿੱਚ ਚਾਹਤ ਪਹਿਲੇ, ਡੌਲੀ ਦੂਜੇ ਅਤੇ ਲਿਪਸਾ ਤੀਜੇ ਸਥਾਨ 'ਤੇ ਰਹੇ। ਕਲਿਨਿਕਲ ਰਿਸਰਚ ਕੇਸ ਸਟਡੀਜ਼ ਵਿੱਚ ਅਭਿਸ਼ੇਕ ਗਿਰੀ ਪਹਿਲੇ, ਸਰਿਤਾ ਦੂਜੇ ਅਤੇ ਦੀਪਿਕਾ ਤੀਜੇ ਸਥਾਨ 'ਤੇ ਰਹੇ। ਡਰੱਗ ਡਿਸਕਵਰੀ ਐਂਡ ਡਿਵੈਲਪਮੈਂਟ ਵਿੱਚ ਪਾਰਥ ਪਹਿਲੇ, ਗੁਰਜੋਤ ਦੂਜੇ ਅਤੇ ਤਮਨਪ੍ਰੀਤ ਕੌਰ ਤੀਜੇ ਸਥਾਨ 'ਤੇ ਰਹੇ। ਅੰਤ ਵਿੱਚ ਸਾਰੇ ਬੁਲਾਰਿਆਂ, ਭਾਗੀਦਾਰਾਂ, ਅਧਿਆਪਕਾਂ ਅਤੇ ਆਯੋਜਕਾਂ ਦਾ ਧੰਨਵਾਦ ਕਰਦਿਆਂ ਸਮਾਗਮ ਦਾ ਸਮਾਪਨ ਕੀਤਾ ਗਿਆ। ਇਹ ਸਫਲ ਆਯੋਜਨ ਸਿਹਤ ਅਤੇ ਫਾਰਮਾਸਿਊਟਿਕਲ ਵਿਗਿਆਨ ਵਿੱਚ ਖੋਜ-ਅਧਾਰਿਤ ਸਿੱਖਿਆ ਅਤੇ ਉਦਯੋਗਿਕ ਸਾਂਝ ਨੂੰ ਪ੍ਰੋਤਸਾਹਿਤ ਕਰਨ ਲਈ ਸੀਟੀ ਗਰੁੱਪ ਦੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦਾ ਹੈ।

# ਨੈਕਸਸ ਐਮਬੀਡੀ ਨਿਓਪੋਲਿਸ ਨੇ 10-ਦਿਨਾਂ ਸੱਭਿਆਚਾਰਕ ਉਤਸਵ ਨਾਲ ਵਿਸਾਖੀ ਦੀਆਂ ਖੁਸ਼ੀਆਂ ਦਾ ਕੀਤਾ ਸਵਾਗਤ



ਜ਼ਿਕਰ ਪੰਜਾਬ
**ਲੁਧਿਆਣਾ/ਬਿਊਰੋ**

ਨੈਕਸਸ ਐਮਬੀਡੀ ਨਿਓਪੋਲਿਸ ਨੇ 11 ਅਪ੍ਰੈਲ ਤੋਂ 19 ਅਪ੍ਰੈਲ, 2026 ਤੱਕ ਚੱਲਣ ਵਾਲਾ 10-ਦਿਨਾਂ ਵਿਸਾਖੀ ਸੱਭਿਆਚਾਰਕ ਉਤਸਵ ਸ਼ੁਰੂ ਕੀਤਾ ਹੈ। ਇਸ ਸਮਾਗਮ ਦਾ ਉਦੇਸ਼ ਸੱਭਿਆਚਾਰ, ਜਸ਼ਨ ਅਤੇ ਭਾਈਚਾਰੇ ਨੂੰ ਇੱਕ ਛੱਤ ਹੇਠ ਲਿਆਉਣਾ ਹੈ। ਤਿਉਹਾਰਾਂ ਦੇ ਕੇਂਦਰ ਵਿੱਚ, ਮਾਲ ਦੇ ਐਟ?ਰੀਅਮ ਨੂੰ ਇੱਕ ਰਵਾਇਤੀ ਪੰਜਾਬੀ ਪਿੰਡ ਦੇ ਰੂਪ ਦਿੱਤਾ ਗਿਆ ਹੈ, ਜਿਸ ਵਿੱਚ ਅਸਲ ਕਣਕ ਦੀ ਫ਼ਸਲ, ਰਵਾਇਤੀ ਮੰਜੀਆਂ, ਅਤੇ ਹੱਥ ਨਾਲ ਬਣੀਆਂ ਸੱਭਿਆਚਾਰਕ ਮੂਰਤੀਆਂ ਅਤੇ ਸਜਾਵਟੀ ਵਸਤੂਆਂ ਸ਼ਾਮਲ ਹਨ। ਮਾਹੌਲ ਨੂੰ ਹੋਰ ਵਧਾਉਣ ਲਈ, ਵਿਸ਼ੇਸ਼ ਪ੍ਰਦਰਸ਼ਨੀ ਸਟਾਲ ਸਥਾਪਤ ਕੀਤੇ ਗਏ ਹਨ ਜੋ ਪੰਜਾਬ ਦੀ ਸ਼ਾਨਦਾਰ ਦਸਤਕਾਰੀ ਵਿਰਾਸਤ ਨੂੰ ਪ੍ਰਦਰਸ਼ਿਤ ਕਰਦੇ ਹਨ ਜਿਨ੍ਹਾਂ ਵਿੱਚ ਬਾਰੀਕ ਕਢਾਈ ਵਾਲੀਆਂ ਫੁਲਕਾਰੀਆਂ ਅਤੇ ਹੱਥ ਨਾਲ ਬਣੀਆਂ ਜੁੱਤੀਆਂ ਤੋਂ ਲੈ ਕੇ ਰਵਾਇਤੀ ਗਹਿਣਿਆਂ ਤੱਕ ਸ਼ਾਮਲ ਹਨ। ਇਸ ਤੋਂ ਇਲਾਵਾ, ਤਿਉਹਾਰਾਂ ਵਿੱਚ ਕਈ ਮਜ਼ੇਦਾਰ ਜ਼ਮੀਨੀ ਗਤੀਵਿਧੀਆਂ ਹੋਣਗੀਆਂ, ਜਿੱਥੇ ਹਾਜ਼ਰੀਨ ਐਂਕਰਾਂ ਦੀ ਅਗਵਾਈ ਵਿੱਚ ਇੰਟਰਐਕਟਿਵ ਸੈਸ਼ਨਾਂ, ਪੇਸ਼ੇਵਰ ਸਮੂਹਾਂ ਵੱਲੋਂ ਲਾਈਵ ਭੰਗੜਾ ਪ੍ਰਦਰਸ਼ਨਾਂ, ਅਤੇ ਕਲਾ ਅਤੇ ਸ਼ਿਲਪਕਾਰੀ ਗਤੀਵਿਧੀਆਂ ਦਾ ਆਨੰਦ ਲੈ ਸਕਦੇ ਹਨ। ਇਸ ਤੋਂ ਇਲਾਵਾ, ਸਰਗਰਮ ਭਾਗੀਦਾਰੀ ਨੂੰ ਉਤਸ਼ਾਹਿਤ ਕਰਨ ਅਤੇ ਤਿਉਹਾਰਾਂ ਦੀ ਭਾਵਨਾ ਦਾ ਜਸ਼ਨ ਮਨਾਉਣ ਲਈ ਇੱਕ ਇੰਟਰਐਕਟਿਵ ਮੁਕਾਬਲਾ, ਜਿਸ ਵਿੱਚ ਪੱਗ ਬੰਨ੍ਹਣ ਦੀ ਗਤੀਵਿਧੀ ਸ਼ਾਮਲ ਹੈ, ਸ਼ੁਰੂ ਕੀਤਾ ਗਿਆ ਹੈ। ਇਸ ਪਹਿਲਕਦਮੀ ਦੇ ਨਾਲ, ਨੈਕਸਸ ਐਮਬੀਡੀ ਨਿਓਪੋਲਿਸ ਸੱਭਿਆਚਾਰਕ ਤੌਰ 'ਤੇ ਅਮੀਰ ਅਤੇ ਅਨੁਭਵੀ ਸਮਾਗਮਾਂ ਦੀ ਮੇਜ਼ਬਾਨੀ 'ਤੇ ਆਪਣਾ ਧਿਆਨ ਕੇਂਦਰਿਤ ਕਰ ਰਿਹਾ ਹੈ, ਜੋ ਇਸਦੇ ਵਿਭਿੰਨ ਗਾਹਕਾਂ ਨੂੰ ਆਕਰਸ਼ਿਤ ਕਰਦੇ ਹਨ, ਅਤੇ ਇਸ ਨਾਲ ਇਹ ਤਿਉਹਾਰਾਂ ਦੇ ਜਸ਼ਨਾਂ ਨੂੰ ਮਨਾਉਣ ਲਈ ਇੱਕ ਪਸੰਦੀਦਾ ਜਗ੍ਹਾ ਬਣ ਗਈ ਹੈ।

# ਐਕਟ ਬਾਰੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਦਾ ਬਿਆਨ ਦੁਬਿਧਾ ਵਾਲਾ : ਐਡਵੋਕੇਟ ਧਾਮੀ

ਜ਼ਿਕਰ ਪੰਜਾਬ
**ਅੰਮ੍ਰਿਤਸਰ/ਬਿਊਰੋ**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੰਜਾਬ ਕੈਬਨਿਟ ਵੱਲੋਂ "ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਬਿੱਲ 2026"ਨੂੰ ਪ੍ਰਵਾਨ ਕੀਤੇ ਜਾਣ 'ਤੇ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਇਸ ਸਬੰਧੀ ਮੀਡੀਆ ਨੂੰ ਦਿੱਤੀ ਜਾਣਕਾਰੀ ਅਸਪਸ਼ਟਤਾ ਵਾਲੀ ਹੈ। ਜਾਰੀ ਬਿਆਨ ਵਿਚ ਸ਼?ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਇੰਜ ਲਗਦਾ ਹੈ ਕਿ ਸਰਕਾਰ ਵੱਲੋਂ ਲਿਆਂਦੇ ਜਾ ਰਹੇ ਬਿੱਲ ਬਾਰੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਆਪ ਵੀ ਪੂਰੀ ਜਾਣਕਾਰੀ ਨਹੀਂ ਹੈ। ਉਨ੍ਹਾਂ ਆਖਿਆ ਕਿ ਕੈਬਨਿਟ ਮੰਤਰੀ ਚੀਮਾ ਇਕ ਪਾਸੇ ਇਸ ਬਿੱਲ ਨੂੰ ਬਿਲਕੁਲ ਨਵਾਂ ਦਸ ਰਹੇ ਹਨ ਜਦਕਿ ਦੂਜੇ ਪਾਸੇ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਬਿੱਲ 2026 ਨਾਮ ਦਿਤਾ ਜਾ ਰਿਹਾ ਹੈ, ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ 2008 ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਪਾਈ ਨਾਲ ਸਬੰਧਿਤ ਹੈ ਕੀ ਸਰਕਾਰ ਉਸ ਵਿੱਚ ਸੋਧ ਕਰ ਰਹੀ ਹੈ ਜਾਂ ਬੇਅਦਬੀਆਂ ਬਾਰੇ ਨਵਾਂ ਕਾਨੂੰਨ



ਬਣਾਇਆ ਜਾ ਰਿਹਾ ਹੈ ਇਹ ਦੁਬਿਧਾ ਸੰਗਤਾਂ ਅੰਦਰ ਭਰਮ ਪੈਦਾ ਕਰਦੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਹਰਪਾਲ ਸਿੰਘ ਚੀਮਾ ਦੀ ਸ਼?ਰੋਮਣੀ ਕਮੇਟੀ ਬਾਰੇ ਕੀਤੀ ਟਿਪਣੀ ਵੀ ਤੱਥਾਂ ਤੋਂ ਕੋਹਾਂ ਦੂਰ ਹੈ। ਹਕੀਕਤ ਤਾਂ ਇਹ ਹੈ ਕਿ ਸ਼੍ਰੋਮਣੀ ਕਮੇਟੀ ਵੱਲੋਂ ਬਣਾਈ ਗਈ ਉਚ ਪੱਧਰੀ ਕਮੇਟੀ ਨੇ ਸਰਕਾਰ ਦੀ ਸਲੈਕਟ ਕਮੇਟੀ ਅਤੇ ਸਰਕਾਰ ਤੱਕ ਕਈ ਵਾਰ ਪਹੁੰਚ ਕੀਤੀ ਪਰੰਤੂ ਸਰਕਾਰ ਵੱਲੋਂ ਕੋਈ ਹੁੰਗਾਰਾ ਨਹੀਂ ਮਿਲਿਆ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਵੱਖ ਵੱਖ ਸਮੇਂ ਲਿਖੇ ਪੱਤਰ ਪਿਛਲੇ ਦਿਨੀਂ ਮੀਡੀਆ ਨੂੰ ਵੀ ਦਿੱਤੇ ਗਏ ਸਨ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਮਾਮਲਾ ਸਿੱਖ ਭਾਵਨਾਵਾਂ ਨਾਲ ਜੁੜਿਆ ਹੋਇਆ ਹੈ ਅਤੇ ਸਰਕਾਰ ਇਸ ਦੀ ਅਹਿਮੀਅਤ ਨੂੰ ਸਮਝ ਨਹੀਂ ਰਹੀ। ਉਨ੍ਹਾਂ ਕਿਹਾ ਕਿ ਲਗਦਾ ਹੈ ਕਿ ਸਰਕਾਰ ਦਾ ਮਕਸਦ ਇਸ ਮਾਮਲੇ ਤੇ ਕੇਵਲ ਸਿਆਸਤ ਕਰਨਾ ਹੈ ਜੋ ਇਨ੍ਹਾਂ ਦੀ ਬਿਆਨਬਾਜ਼ੀ ਤੋਂ ਸਪੱਸ਼ਟ ਹੁੰਦਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਇੰਝ ਮਹਿਸੂਸ ਹੋ ਰਿਹਾ ਹੈ ਜਿਵੇਂ ਬਣਾਏ ਜਾਣ ਵਾਲੇ ਕਾਨੂੰਨ ਬਾਰੇ ਮੀਡੀਆ ਨੂੰ ਜਾਣਕਾਰੀ ਦੇਣ ਲਈ ਅੱਗੇ ਕੀਤੇ ਮੰਤਰੀ ਹਰਪਾਲ ਸਿੰਘ ਚੀਮਾ ਕੇਵਲ ਲਿਖ ਕੇ ਦਿੱਤੀ ਗੱਲ ਹੀ ਬੋਲ ਰਹੇ ਹਨ। ਕਿਉਂਕਿ ਜੇਕਰ ਉਹ ਸਾਰੀ ਜਾਣਕਾਰੀ ਰੱਖਦੇ ਹੁੰਦੇ ਤਾਂ ਕਦੀ ਐਕਟ ਨੂੰ ਸੋਧ ਬਿੱਲ ਅਤੇ ਕਦੀ ਬਿਲਕੁਲ ਨਵਾਂ ਬਿੱਲ ਆਖ ਕੇ ਦੁਬਿਧਾ ਦਾ ਸ਼ਿਕਾਰ ਨਾ ਹੁੰਦੇ। ਸਰਕਾਰ ਦੀ ਇਸ ਅਸਪਸ਼ਟਤਾ ਕਾਰਨ ਹੀ ਸਿੱਖ ਕੌਮ ਦੀਆਂ ਸੰਸਥਾਵਾਂ ਤੇ ਜਥੇਬੰਦੀਆਂ ਇਸ ਦੇ ਖਰੜੇ ਨੂੰ ਜਨਤਕ ਕਰਨ ਦੀ ਮੰਗ ਕਰ ਰਹੀਆਂ ਹਨ।

# ਲੋਕ ਸੁਰੱਖਿਆ ਲਈ ਵੱਡਾ ਕਦਮ: ਤਪਾ ਮੰਡੀ 'ਚ ਲੱਗੇ ਆਧੁਨਿਕ ਸੀਸੀਟੀਵੀ ਕੈਮਰੇ



ਜ਼ਿਕਰ ਪੰਜਾਬ
**ਤਪਾ ਮੰਡੀ/ਬਿਊਰੋ**

ਪੰਜਾਬ ਸਰਕਾਰ ਦੀ 'ਲੋਕ ਸੁਰੱਖਿਆ' ਮੁਹਿੰਮ ਤਹਿਤ ਬਰਨਾਲਾ ਜ਼ਿਲ੍ਹੇ ਦੇ ਤਪਾ ਮੰਡੀ ਸ਼ਹਿਰ ਨੂੰ ਅਪਰਾਧ ਮੁਕਤ ਬਣਾਉਣ ਲਈ ਇੱਕ ਵੱਡਾ ਕਦਮ ਚੁੱਕਿਆ ਗਿਆ ਹੈ। ਸ਼ਹਿਰ ਦੇ ਪ੍ਰਵੇਸ਼ ਦੁਆਰਾਂ ਅਤੇ ਮੁੱਖ ਬਾਜ਼ਾਰਾਂ ਨੂੰ ਹੁਣ ਆਧੁਨਿਕ ਟੈਕਨੋਲੋਜੀ ਨਾਲ ਲੈਸ ਆਟੋਮੈਟਿਕ ਨੰਬਰ ਪਲੇਟ ਰਿਕੋਗਨੀਸ਼ਨਸੀਸੀਟੀਵੀ ਕੈਮਰਿਆਂ ਦੀ ਨਿਗਰਾਨੀ ਹੇਠ ਲਿਆਂਦਾ ਗਿਆ ਹੈ। ਇਨ੍ਹਾਂ ਕੈਮਰਿਆਂ ਦਾ ਰਸਮੀ ਉਦਘਾਟਨ ਹਲਕਾ ਭਦੌੜ ਦੇ ਵਿਧਾਇਕ ਲਾਭ ਸਿੰਘ ਉਗੋਕੇ ਅਤੇ ਐਸ.ਐਸ.ਪੀ. ਮੁਹੰਮਦ ਸਰਫਰਾਜ ਆਲਮ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ। ਵਿਧਾਇਕ ਲਾਭ ਸਿੰਘ ਉਗੋਕੇ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਹਲਕਾ ਭਦੌੜ ਦੇ ਦੋ ਮੁੱਖ ਕਸਬਿਆਂ ਤਪਾ ਅਤੇ ਭਦੌੜ ਵਿੱਚ ਸੀਸੀਟੀਵੀ ਨੈੱਟਵਰਕ ਵਿਛਾਉਣ ਲਈ 1 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਸੀ। ਇਸੇ ਤਹਿਤ ਅੱਜ ਤਪਾ ਮੰਡੀ ਵਿੱਚ 51 ਲੱਖ ਰੁਪਏ ਦੀ ਲਾਗਤ ਨਾਲ ਲੱਗੇ 88 ਕੈਮਰਿਆਂ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਸਮਾਜ ਵਿਰੋਧੀ ਅਨਸਰਾਂ ਨੂੰ ਨੱਥ ਪਾਉਣ ਲਈ ਹਰ ਸੰਭਵ ਉਪਰਾਲਾ ਕਰ ਰਹੀ ਹੈ।

# ਪੰਜਾਬ ਕਾਂਗਰਸ ਦੇ ਇੰਚਾਰਜ ਭੁਪੇਸ਼ ਬਘੇਲ ਨੇ ਜਰਨੈਲ ਸਿੰਘ ਸ਼ਿਮਲਾਪੁਰੀ ਨੂੰ ਦਿੱਤਾ ਥਾਪੜਾ



ਜ਼ਿਕਰ ਪੰਜਾਬ
**ਲੁਧਿਆਣਾ/ਵਰਿੰਦਰ**

ਜ਼ਿਲ੍ਹਾ ਕਾਂਗਰਸ ਕਮੇਟੀ ਦੇ ਮੁੱਖ ਬੁਲਾਰੇ ਅਤੇ ਨਗਰ ਨਿਗਮ ਲੁਧਿਆਣਾ ਦੀ ਸਾਬਕਾ ਡਿਪਟੀ ਮੇਅਰ ਦੇ ਪਤੀ ਸ. ਜਰਨੈਲ ਸਿੰਘ ਸ਼ਿਮਲਾਪੁਰੀ ਨੇ ਕਾਂਗਰਸ ਪਾਰਟੀ ਦੇ ਪੰਜਾਬ ਮਾਮਲਿਆਂ ਦੇ ਇੰਚਾਰਜ ਸ਼੍ਰੀ ਭੁਪੇਸ਼ ਬਘੇਲ ਨਾਲ ਵਿਸ਼ੇਸ਼ ਮੁਲਾਕਾਤ ਕਰਕੇ ਵਿਧਾਨ ਸਭਾ ਹਲਕਾ ਗਿੱਲ ਸਬੰਧੀ ਵਿਚਾਰ ਵਟਾਂਦਰਾ ਕੀਤਾ ਅਤੇ ਹਲਕੇ ਵਿੱਚ ਪਾਰਟੀ ਦੀ ਮਜ਼ਬੂਤੀ ਲਈ ਕੀਤੇ ਜਾ ਰਹੇ ਕੰਮਾਂ ਬਾਰੇ ਵਿਸਥਾਰ ਨਾਲ ਦੱਸਿਆ।

ਇਸ ਸਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਸ. ਜਰਨੈਲ ਸਿੰਘ ਨੇ ਦੱਸਿਆ ਕਿ ਸ਼੍ਰੀ ਭੁਪੇਸ਼ ਬਘੇਲ ਨੇ ਉਨ੍ਹਾਂ ਦੀਆਂ ਗੱਲਾਂ ਨੂੰ ਬੜੇ ਧਿਆਨ ਨਾਲ ਸੁਣਿਆ ਅਤੇ ਪਰਟੀ ਦੀ ਮਜ਼ਬੂਤੀ ਲਈ ਹੋਰ ਮਿਹਨਤ ਨਾਲ ਕੰਮ ਕਰਨ ਲਈ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਕਾਂਗਰਸ ਪਾਰਟੀ ਦਾ ਮੁੱਖ ਏਜੰਡਾ ਪੰਜਾਬ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਾ ਕੇ 'ਆਪ' ਦੇ ਲੋਟੂ ਟੋਲੇ ਤੋਂ ਖਹਿੜਾ ਛੁਡਾਉਣ ਦਾ ਹੈ। ਜਿਸ ਲਈ ਕਾਂਗਰਸ ਹਾਈ ਕਮਾਂਡ

> **■ ਕਾਂਗਰਸ ਦਾ ਮੁੱਖ ਏਜੰਡਾ ਪੰਜਾਬ ਵਿੱਚ ਸਰਕਾਰ ਬਣਾਉਣਾ, ਜਿੱਤਣ ਦੀ ਸਮਰਥਾ ਰੱਖਣ ਵਾਲੇ ਉਮੀਦਵਾਰ ਹੀ ਉਤਾਰੇ ਜਾਣਗੇ ਮੈਦਾਨ 'ਚ : ਬਘੇਲ**

ਪੰਜਾਬ ਵਿੱਚ ਸਰਵੇ ਕਰਵਾ ਕੇ ਜਿੱਤਣ ਦੀ ਸਮਰਥਾ ਰੱਖਣ ਵਾਲੇ ਉਮੀਦਵਾਰਾਂ ਨੂੰ ਹੀ ਟਿਕਟਾਂ ਦੇਵੇਗੀ। ਸ਼੍ਰੀ ਬਘੇਲ ਨੇ ਹੋਰ ਕਿਹਾ ਕਿ ਜਿਨ੍ਹਾਂ ਨੇ ਵਿਧਾਇਕ ਹੁੰਦੇ ਹੋਏ ਭ੍ਰਿਸ਼ਟਾਚਾਰ ਕਰਕੇ ਪਾਰਟੀ ਦੀ ਬਦਨਾਮੀ ਕਰਵਾਈ ਹੈ, ਉਨ੍ਹਾਂ ਨੂੰ ਸ਼੍ਰੀ ਰਾਹੁਲ ਗਾਂਧੀ ਦੇ ਕਹਿਣ ਅਨੁਸਾਰ ਸਪੇਅਰਾ ਵਿੱਚ ਰੱਖਿਆ ਜਾਵੇਗਾ। ਸ਼੍ਰੀ ਭੁਪੇਸ਼ ਬਘੇਲ ਨੇ ਜਰਨੈਲ ਸਿੰਘ ਸ਼ਿਮਲਾਪੁਰੀ ਨੂੰ ਥਾਪੜਾ ਦਿੰਦੇ ਹੋਏ ਕਾਂਗਰਸ ਪਾਰਟੀ ਨੂੰ ਮਜ਼ਬੂਤ ਕਰਨ ਲਈ ਦਿਨ ਰਾਤ ਇਕ ਕਰਨ ਦੀ ਸਲਾਹ ਦਿੱਤੀ।

ਮੁਲਾਕਾਤ ਦੌਰਾਨ ਸ. ਜਰਨੈਲ ਸਿੰਘ ਸ਼ਿਮਲਾਪੁਰੀ ਅਤੇ ਉਨ੍ਹਾਂ ਦੀ ਟੀਮ ਵਲੋਂ ਸ਼੍ਰੀ ਭੁਪੇਸ਼ ਬਘੇਲ ਨੂੰ ਫੁੱਲਾਂ ਦਾ ਗੁਲਦਸਤਾ ਭੇਂਟ ਕਰਕੇ ਸਵਾਗਤ ਕੀਤਾ ਗਿਆ।

# ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ 'ਪੁਰਸਕਾਰ ਨੀਤੀ' ਲਾਗੂ, 28 ਸਭ ਤੋਂ ਲੋੜੀਂਦੇ ਅਪਰਾਧੀਆਂ ਦੀ ਸੂਚੀ ਜਾਰੀ

ਜ਼ਿਕਰ ਪੰਜਾਬ
**ਚੰਡੀਗੜ੍ਹ/ਬਿਊਰੋ**

ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਇਤਿਹਾਸਕ ਫ਼ੈਸਲਾ ਲੈਂਦਿਆਂ 'ਪੁਰਸਕਾਰ ਨੀਤੀ' ਤਹਿਤ ਪੰਜਾਬ ਪੁਲਿਸ ਨੂੰ ਸੂਬੇ ਵਿੱਚ ਲੋੜੀਂਦੇ ਅਪਰਾਧੀਆਂ/ਗੈਂਗਸਟਰਾਂ ਅਤੇ ਉਨ੍ਹਾਂ ਦੇ ਨੈੱਟਵਰਕ ਬਾਰੇ ਭਰੋਸੇਯੋਗ ਜਾਣਕਾਰੀ ਦੇਣ ਵਾਲੇ ਵਿਅਕਤੀਆਂ ਨੂੰ ਪੁਰਸਕਾਰ ਦੇਣ ਦੇ ਅਧਿਕਾਰ ਦਿੱਤੇ ਹਨ। ਇਸ ਸਬੰਧੀ ਪੰਜਾਬ ਸਰਕਾਰ ਨੇ 28 ਸਭ ਤੋਂ ਲੋੜੀਂਦੇ ਅਪਰਾਧੀਆਂ ਦੀ ਸੂਚੀ ਵੀ ਜਾਰੀ ਕੀਤੀ ਹੈ। 'ਗੈਂਗਸਟਰਾਂ 'ਤੇ ਵਾਰ' ਪ੍ਰੋਜੈਕਟ ਤਹਿਤ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸਐਸਪੀ) ਨੂੰ 1 ਲੱਖ ਰੁਪਏ ਤੱਕ; ਪੁਲਿਸ ਕਮਿਸ਼ਨਰ/ਰੇਂਜ ਇੰਸਪੈਕਟਰ ਜਨਰਲ ਆਫ਼ ਪੁਲਿਸ/ਡਿਪਟੀ ਇੰਸਪੈਕਟਰ ਜਨਰਲ ਆਫ਼ ਪੁਲਿਸ ਨੂੰ 1.5 ਲੱਖ ਰੁਪਏ; ਵਿੰਗਾਂ ਦੇ ਮੁਖੀਆਂ (ਵਿਸ਼ੇਸ਼ ਡਾਇਰੈਕਟਰ ਜਨਰਲ ਆਫ਼ ਪੁਲਿਸ/ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਿਸ) ਨੂੰ 2 ਲੱਖ ਰੁਪਏ ਅਤੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਨੂੰ 2 ਲੱਖ ਰੁਪਏ ਤੋਂ ਵੱਧ ਦੀਆਂ ਮਨਜ਼ੂਰੀ ਸ਼ਕਤੀਆਂ ਨੂੰ ਪ੍ਰਵਾਨਗੀ ਦਿੱਤੀ ਹੈ। ਮਨਜ਼ੂਰ ਕੀਤੀ ਗਈ ਰਕਮ ਸਿਰਫ਼ ਸਹੀ ਅਤੇ ਉਚਿਤ ਸੂਚਨਾ ਦੇਣ ਵਿਅਕਤੀਆਂ ਨੂੰ ਹੀ ਦਿੱਤੀ ਜਾਵੇਗੀ। ਇਹ ਪ੍ਰੋਜੈਕਟ ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਨੂੰ ਸੂਬੇ ਨੂੰ ਸੁਰੱਖਿਅਤ ਬਣਾਉਣ ਵਿੱਚ ਮਦਦ ਕਰਨ ਲਈ ਵਸਨੀਕਾਂ ਦੀ ਸ਼ਮੂਲੀਅਤ ਵਧਾਉਣ ਲਈ ਪੇਸ਼ ਕੀਤਾ ਗਿਆ ਹੈ। ਪੰਜਾਬ ਸਰਕਾਰ ਨੇ ਨਾਮਜ਼ਦ ਪੁਲਿਸ ਕਰਮਚਾਰੀਆਂ ਲਈ ਉਕਤ ਮਨਜ਼ੂਰ ਸ਼ਕਤੀਆਂ ਨੂੰ ਪ੍ਰਵਾਨਗੀ ਦੇ ਦਿੱਤੀ ਹੈ। ਮਿਲੀ ਜਾਣਕਾਰੀ ਦੀ ਪਹਿਲਾਂ ਜਾਂਚ ਕੀਤੀ ਜਾਵੇਗੀ ਅਤੇ ਨਿਰਧਾਰਿਤ ਮਾਪਦੰਡਾਂ ਅਨੁਸਾਰ ਸੂਚਨਾ ਦੇਣ ਵਾਲੇ ਵਿਅਕਤੀਆਂ ਨੂੰ ਇਨਾਮ ਦਿੱਤਾ ਜਾਵੇਗਾ। ਇਸ ਦੇ ਨਾਲ ਹੀ ਉਨ੍ਹਾਂ ਦੀ ਪਹਿਚਾਣ ਪੁਲਿਸ, ਜਨਤਾ ਜਾਂ ਸਰਕਾਰ, ਕਿਸੇ ਵੀ ਪੱਧਰ 'ਤੇ ਜਾਹਿਰ ਨਹੀਂ ਕੀਤੀ ਜਾਵੇਗੀ। ਪੰਜਾਬ ਸਰਕਾਰ ਨੇ ਦੱਸਿਆ, ÷ਸਰਕਾਰ ਦਾ ਟੀਚਾ ਸੂਬੇ ਵਿੱਚ ਸਰਗਰਮ ਅਪਰਾਧੀਆਂ ਅਤੇ ਗੈਂਗਸਟਰਾਂ 'ਤੇ ਪੂਰੀ ਤਰ੍ਹਾਂ ਰੋਕ ਲਗਾਉਣਾ ਹੈ ਅਤੇ ਇਸ ਟੀਚੇ ਨੂੰ ਹਾਸਲ ਕਰਨ ਲਈ ਸਰਕਾਰ ਕਿਸੇ ਵੀ ਹੱਦ ਤੱਕ ਜਾਣ ਲਈ ਤਿਆਰ ਹੈ।' 'ਐਂਟੀ-ਗੈਂਗਸਟਰ ਹੈਲਪਲਾਈਨ' 9394693946 'ਤੇ ਜਾਣਕਾਰੀ ਸਾਂਝੀ ਕੀਤੀ ਜਾ ਸਕਦੀ ਹੈ। ਪੰਜਾਬ ਪੁਲਿਸ ਨੇ ਕਿਹਾ ਕਿ ਜੋ ਵਿਅਕਤੀ ਅਜਿਹੀ ਭਰੋਸੇਯੋਗ ਜਾਣਕਾਰੀ ਦੇਵੇਗਾ ਜਿਸ ਨਾਲ ਲੋੜੀਂਦੇ, ਘੋਸ਼ਿਤ ਜਾਂ ਆਦਤਨ ਅਪਰਾਧੀਆਂ ਦੀ ਗ੍ਰਿਫ਼ਤਾਰੀ ਹੋ ਸਕੇਗੀ, ਉਸ ਨੂੰ ਇਨਾਮ ਦਿੱਤਾ ਜਾਵੇਗਾ। ਪੁਲਿਸ ਵਿਅਕਤੀ ਵੱਲੋਂ ਦਿੱਤੇ ਗਏ ਸੁਝਾਵਾਂ 'ਤੇ ਵੀ ਕਾਰਵਾਈ ਕਰੇਗੀ। ਇਹ ਪ੍ਰੋਜੈਕਟ ਅਪਰਾਧੀਆਂ ਨੂੰ ਰੋਕਣ ਲਈ ਪੁਲਿਸ ਦੇ ਨੈੱਟਵਰਕ ਨੂੰ ਹੋਰ ਮਜ਼ਬੂਤੀ ਪ੍ਰਦਾਨ ਕਰਨ ਵਿੱਚ ਸਹਾਈ ਹੋਵੇਗਾ। ਇਸ ਯੋਜਨਾ ਤਹਿਤ ਪ੍ਰਾਪਤ ਜਾਣਕਾਰੀ ਨੂੰ 'ਆਪਰੇਸ਼ਨ ਪ੍ਰਹਾਰ' ਅਧੀਨ 'ਗੈਂਗਸਟਰਾਂ 'ਤੇ ਵਾਰ' ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਵਰਤਿਆ ਜਾਵੇਗਾ। ਇਹ ਇੱਕ ਉੱਚ ਪੱਧਰੀ ਇਨਾਮ ਪ੍ਰੋਗਰਾਮ ਹੈ ਜਿਸ ਵਿੱਚ ਸੂਚਨਾ ਦੇਣ ਵਾਲੇ ਵਿਅਕਤੀ ਦੀ ਪਹਿਚਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ। ਪੁਲਿਸ ਨੇ ਲੋਕਾਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਅੱਗੇ ਆ ਕੇ ਸਰਕਾਰ ਅਤੇ ਪੁਲਿਸ ਦੀ ਮਦਦ ਕਰਨ ਦੀ ਅਪੀਲ ਕੀਤੀ ਹੈ ਤਾਂ ਜੋ ਰਾਜ ਵਿੱਚ ਅਪਰਾਧਕ ਗਤੀਵਿਧੀਆਂ ਨੂੰ ਖ਼ਤਮ ਕੀਤਾ ਜਾ ਸਕੇ। ਉਨ੍ਹਾਂ ਅੱਗੇ ਕਿਹਾ, ÷ਸੂਬੇ ਦੇ ਹਰ ਨਿਵਾਸੀ ਦੀ ਸੁਰੱਖਿਆ ਕਰਨਾ ਸਾਡਾ ਫ਼ਰਜ਼ ਅਤੇ ਜ਼ਿੰਮੇਵਾਰੀ ਹੈ। ਉਚਿਤ ਢੰਗ ਨਾਲ ਜਾਂਚ-ਪੜਤਾਲ ਕਰਨ ਤੋਂ ਬਾਅਦ ਹੀ ਮਿਲੀ ਜਾਣਕਾਰੀ ਦੀ ਵਰਤੋਂ ਕੀਤੀ ਜਾਵੇਗੀ ਅਤੇ ਸੂਚਨਾ ਦੇਣ ਵਾਲੇ ਨੂੰ ਕਿਸੇ ਵੀ ਤਰ੍ਹਾਂ ਦਾ ਕੋਈ ਖਤਰਾ ਨਹੀਂ ਹੋਵੇਗਾ।÷ ਇਨਾਮ ਦੀ ਰਕਮ ਹਰ ਕੇਸ ਵਿੱਚ ਅਪਰਾਧ ਦੀ ਗੰਭੀਰਤਾ, ਖਤਰੇ ਅਤੇ ਜਾਣਕਾਰੀ ਦੀ ਗੁਣਵੱਤਾ ਦੇ ਆਧਾਰ 'ਤੇ ਤੈਅ ਕੀਤੀ ਜਾਵੇਗੀ। ਇਹ ਨੀਤੀ 'ਗੈਂਗਸਟਰਾਂ 'ਤੇ ਵਾਰ' ਮੁਹਿੰਮ ਦਾ ਹਿੱਸਾ ਹੈ, ਜਿਸ ਦਾ ਮਕਸਦ ਪੰਜਾਬ ਨੂੰ ਗੈਂਗਸਟਰ-ਮੁਕਤ ਬਣਾਉਣਾ ਹੈ। ਇਸ ਦੌਰਾਨ 'ਗੈਂਗਸਟਰਾਂ 'ਤੇ ਵਾਰ' ਮੁਹਿੰਮ ਤਹਿਤ ਪੰਜਾਬ ਪੁਲਿਸ ਨੇ ਹਾਲ ਹੀ ਵਿੱਚ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਨਾਲ ਜੁੜੇ ਪਛਾਣੇ ਗਏ ਅਤੇ ਮੈਪ ਕੀਤੇ ਸਥਾਨਾਂ 'ਤੇ 56,487 ਛਾਪੇ ਮਾਰੇ ਹਨ। ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਦੁਆਰਾ ਸ਼ੁਰੂ ਕੀਤੇ ਗਏ ਵਿਸ਼ੇਸ਼ ਨੰਬਰ ਰਾਹੀਂ ਇਨ੍ਹਾਂ ਥਾਵਾਂ ਬਾਰੇ ਕੁਝ ਜਾਣਕਾਰੀ ਵੀ ਸਾਂਝੀ ਕੀਤੀ ਗਈ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ। ਮੁਹਿੰਮ ਦੀ ਸ਼ੁਰੂਆਤ ਤੋਂ ਬਾਅਦ ਕੁੱਲ 19,894 ਗ੍ਰਿਫ਼ਤਾਰੀਆਂ ਕੀਤੀਆਂ ਗਈਆਂ ਹਨ। 9353 ਵਿਅਕਤੀਆਂ ਵਿਰੁੱਧ ਰੋਕਥਾਮ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 15284 ਵਿਅਕਤੀਆਂ ਦੀ ਤਸਦੀਕ ਕੀਤੀ ਗਈ ਅਤੇ ਪੁੱਛਗਿੱਛ ਤੋਂ ਬਾਅਦ ਰਿਹਾਅ ਕੀਤਾ ਗਿਆ। ਇਸ ਤੋਂ ਇਲਾਵਾ 851 ਐਲਾਨੇ ਗਏ ਅਪਰਾਧੀਆਂ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ। ਸੂਬਾ ਵਾਸੀ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਨਾਲ ਸਬੰਧਤ ਜਾਣਕਾਰੀ ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93946-93946 ਰਾਹੀਂ ਗੁਮਨਾਮ ਤੌਰ 'ਤੇ ਰਿਪੋਰਟ ਕਰ ਸਕਦੇ ਹਨ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੁਝਾਅ ਵੀ ਸਾਂਝੇ ਕਰ ਸਕਦੇ ਹਨ।

# ਤੇਲ ਦੀਆਂ ਕੀਮਤਾਂ ਨੂੰ ਲੈ ਕੇ ਕੇਂਦਰ ਦਾ ਵੱਡਾ ਫੈਸਲਾ, ਡੀਜ਼ਲ ਅਤੇ ਹਵਾਈ ਈਂਧਨ 'ਤੇ ਐਕਸਪੋਰਟ ਡਿਊਟੀ 'ਚ ਭਾਰੀ ਵਾਧਾ

ਜ਼ਿਕਰ ਪੰਜਾਬ
**ਨਵੀਂ ਦਿੱਲੀ/ਬਿਊਰੋ**

ਦੇਸ਼ ਵਿੱਚ ਵਧ ਰਹੀ ਮਹਿੰਗਾਈ ਨੂੰ ਨੱਥ ਪਾਉਣ ਅਤੇ ਘਰੇਲੂ ਬਾਜ਼ਾਰ ਵਿੱਚ ਤੇਲ ਦੀ ਉਪਲਬਧਤਾ ਨੂੰ ਬਰਕਰਾਰ ਰੱਖਣ ਲਈ ਕੇਂਦਰ ਸਰਕਾਰ ਨੇ ਇੱਕ ਅਹਿਮ ਕਦਮ ਚੁੱਕਿਆ ਹੈ। ਸ਼ਨੀਵਾਰ ਨੂੰ ਜਾਰੀ ਕੀਤੇ ਗਏ ਤਾਜ਼ਾ ਹੁਕਮਾਂ ਅਨੁਸਾਰ, ਸਰਕਾਰ ਨੇ ਡੀਜ਼ਲ ਅਤੇ ਜੈੱਟ ਫਿਊਲ ਦੀ ਬਰਾਮਦ (ਨਿਰਯਾਤ) 'ਤੇ ਲੱਗਣ ਵਾਲੀ ਡਿਊਟੀ ਵਿੱਚ ਜ਼ਬਰਦਸਤ ਵਾਧਾ ਕਰ ਦਿੱਤਾ ਹੈ। ਹਾਲਾਂਕਿ, ਆਮ ਜਨਤਾ ਲਈ ਰਾਹਤ ਦੀ ਗੱਲ ਇਹ ਹੈ ਕਿ ਪੈਟਰੋਲ 'ਤੇ ਲੱਗਣ ਵਾਲੀ ਡਿਊਟੀ ਵਿੱਚ ਕੋਈ ਬਦਲਾਅ ਨਹੀਂ ਕੀਤਾ ਗਿਆ। ਸਰਕਾਰ ਨੇ ਡੀਜ਼ਲ 'ਤੇ ਨਿਰਯਾਤ ਡਿਊਟੀ ਨੂੰ ਦੁੱਗਣੇ ਤੋਂ ਵੀ ਵੱਧ ਵਧਾ ਦਿੱਤਾ ਹੈ। ਪਹਿਲਾਂ ਇਹ 21.5 ਰੁਪਏ ਪ੍ਰਤੀ ਲੀਟਰ ਸੀ, ਜੋ ਹੁਣ ਵਧ ਕੇ 55.5 ਰੁਪਏ ਪ੍ਰਤੀ ਲੀਟਰ ਹੋ ਗਈ ਹੈ। ਇਸੇ ਤਰ੍ਹਾਂ, ਹਵਾਈ ਜਹਾਜ਼ਾਂ ਦੇ ਈਂਧਨ 'ਤੇ ਨਿਰਯਾਤ ਚਾਰਜ 29.5 ਰੁਪਏ ਤੋਂ ਵਧਾ ਕੇ 42 ਰੁਪਏ ਪ੍ਰਤੀ ਲੀਟਰ ਕਰ ਦਿੱਤਾ ਗਿਆ ਹੈ। ਸਰਕਾਰ ਚਾਹੁੰਦੀ ਹੈ ਕਿ ਕੌਮਾਂਤਰੀ ਬਾਜ਼ਾਰ ਵਿੱਚ ਤੇਲ ਦੀਆਂ ਕੀਮਤਾਂ ਅਸਥਿਰ ਹੋਣ ਦੇ ਬਾਵਜੂਦ ਘਰੇਲੂ ਕੀਮਤਾਂ ਕਾਬੂ ਵਿੱਚ ਰਹਿਣ। ਇਹ ਕਦਮ ਸਰਕਾਰ ਦੇ ਵਿੰਡਫਾਲ ਟੈਕਸ ਢਾਂਚੇ ਦਾ ਹਿੱਸਾ ਹੈ, ਜਿਸ ਰਾਹੀਂ ਤੇਲ ਰਿਫਾਇਨਰੀਆਂ ਦੇ ਵਾਧੂ ਮੁਨਾਫ਼ੇ 'ਤੇ ਟੈਕਸ ਲਗਾ ਕੇ ਸਥਾਨਕ ਬਾਜ਼ਾਰ ਦੀਆਂ ਲੋੜਾਂ ਪੂਰੀਆਂ ਕੀਤੀਆਂ ਜਾਂਦੀਆਂ ਹਨ। ਨਿਰਯਾਤ ਡਿਊਟੀ ਵਧਣ ਨਾਲ ਕੰਪਨੀਆਂ ਬਾਹਰ ਤੇਲ ਵੇਚਣ ਦੀ ਬਜਾਏ ਦੇਸ਼ ਦੇ ਅੰਦਰ ਸਪਲਾਈ ਵਧਾਉਣਗੀਆਂ। ਸਰਕਾਰ ਦੇ ਇਸ ਫੈਸਲੇ ਨਾਲ ਉਨ੍ਹਾਂ ਤੇਲ ਕੰਪਨੀਆਂ ਨੂੰ ਵੱਡਾ ਝਟਕਾ ਲੱਗਿਆ ਹੈ ਜੋ ਰਿਫਾਇੰਡ ਡੀਜ਼ਲ ਅਤੇ ਹਵਾਈ ਈਂਧਨ ਦੂਜੇ ਦੇਸ਼ਾਂ ਨੂੰ ਸਪਲਾਈ ਕਰਕੇ ਮੋਟਾ ਮੁਨਾਫ਼ਾ ਕਮਾ ਰਹੀਆਂ ਸਨ। ਪਰ ਪੈਟਰੋਲ 'ਤੇ ਡਿਊਟੀ 'ਜ਼ੀਰੋ' ਰਹਿਣ ਕਾਰਨ ਪੈਟਰੋਲ ਦਾ ਕਾਰੋਬਾਰ ਅਤੇ ਨਿਰਯਾਤ ਪ੍ਰਭਾਵਿਤ ਨਹੀਂ ਹੋਵੇਗਾ।



ਵਰਤਮਾਨ ਵਿੱਚ ਬ੍ਰੈਂਟ ਕੱਚੇ ਤੇਲ ਦੀ ਕੀਮਤ 100 ਡਾਲਰ ਪ੍ਰਤੀ ਬੈਰਲ ਦੇ ਆਸ-ਪਾਸ ਬਣੀ ਹੋਈ ਹੈ। ਹਾਲਾਂਕਿ ਅਮਰੀਕਾ ਅਤੇ ਈਰਾਨ ਵਿਚਾਲੇ ਜੰਗਬੰਦੀ ਦੀਆਂ ਖ਼ਬਰਾਂ ਨਾਲ ਕੀਮਤਾਂ ਵਿੱਚ ਕੁਝ ਗਿਰਾਵਟ ਦੀ ਉਮੀਦ ਹੈ, ਪਰ ਵਿਸ਼ਵਵਿਆਪੀ ਭੂ-ਰਾਜਨੀਤਿਕ ਜੋਖਮ ਅਜੇ ਵੀ ਬਰਕਰਾਰ ਹਨ।

# ਕੇਂਦਰੀ ਮੰਤਰੀ ਮਨੋਹਰ ਲਾਲ ਨੇ ਪੁਨਤਸਾਂਗਛੂ ਪਣ-ਬਿਜਲੀ ਪ੍ਰੋਜੈਕਟਾਂ ਦਾ ਦੌਰਾ ਕੀਤਾ; ਮੁੱਖ ਸਮਾਗਮ ਵਿੱਚ ਹਿੱਸਾ ਲਿਆ

ਜ਼ਿਕਰ ਪੰਜਾਬ
ਨਵੀਂ ਦਿੱਲੀ/ਬਿਊਰੋ

ਕੇਂਦਰੀ ਬਿਜਲੀ ਅਤੇ ਆਵਾਸ ਅਤੇ ਸ਼ਹਿਰੀ ਮਾਮਲਿਆਂ ਬਾਰੇ ਮੰਤਰੀ ਸ਼੍ਰੀ ਮਨੋਹਰ ਲਾਲ ਨੇ ਭੂਟਾਨ ਦੀ ਆਪਣੀ ਫੇਰੀ ਦੇ ਦੂਜੇ ਦਿਨ ਪੁਨਤਸਾਂਗਛੂ-1 ਅਤੇ ਪੁਨਤਸਾਂਗਛੂ-2 ਪਣ-ਬਿਜਲੀ ਪ੍ਰੋਜੈਕਟ ਸਥਾਨਾਂ ਦਾ ਦੌਰਾ ਕੀਤਾ। ਪੁਨਤਸਾਂਗਛੂ-1 ਪ੍ਰੋਜੈਕਟ ਸਥਾਨ 'ਤੇ, ਕੇਂਦਰੀ ਮੰਤਰੀ ਨੇ ਡੈਮ 'ਤੇ ਕੰਕਰੀਟ ਪਾਉਣ ਦੇ ਸਮਾਗਮ ਵਿੱਚ ਸ਼ਿਰਕਤ ਕੀਤੀ, ਜੋ ਕਿ ਪ੍ਰੋਜੈਕਟ ਦੇ ਵਿਕਾਸ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਹੈ। ਇਸ ਪ੍ਰੋਜੈਕਟ ਨਾਲ, ਦੋਵਾਂ ਦੇਸ਼ਾਂ ਦਰਮਿਆਨ ਸਭ ਤੋਂ ਵੱਡੇ ਸੰਯੁਕਤ ਪਣ-ਬਿਜਲੀ ਉੱਦਮ, ਦੇ ਪੂਰਾ ਹੋਣ 'ਤੇ ਭੂਟਾਨ ਦੀ ਪਣ-ਬਿਜਲੀ ਸਮਰੱਥਾ ਨੂੰ ਕਾਫ਼ੀ ਹੱਦ ਤੱਕ ਵਧਾਉਣ ਦੀ ਉਮੀਦ ਹੈ। ਫੇਰੀ ਦੌਰਾਨ, ਸ਼੍ਰੀ ਮਨੋਹਰ ਲਾਲ ਨੇ ਊਰਜਾ ਖੇਤਰ ਵਿੱਚ ਲੰਬੇ ਸਮੇਂ ਤੋਂ ਚੱਲ ਰਹੀ ਭਾਈਵਾਲੀ 'ਤੇ ਜ਼ੋਰ ਦਿੱਤਾ, ਵਿੱਤੀ ਸਹਾਇਤਾ ਅਤੇ ਤਕਨੀਕੀ ਸਹਿਯੋਗ ਸਮੇਤ ਭਾਰਤ ਦੇ ਨਿਰੰਤਰ ਸਮਰਥਨ ਦਾ ਜ਼ਿਕਰ ਕੀਤਾ, ਅਤੇ ਪ੍ਰੋਜੈਕਟ ਨੂੰ ਸੁਰੱਖਿਅਤ ਅਤੇ ਕੁਸ਼ਲਤਾ ਨਾਲ ਅੱਗੇ ਵਧਾਉਣ ਲਈ ਦੋਵਾਂ ਪਾਸਿਆਂ ਦੇ ਇੰਜੀਨੀਅਰਾਂ ਅਤੇ ਮਾਹਰਾਂ ਦੇ ਤਾਲਮੇਲ ਵਾਲੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਪਾਵਰਹਾਊਸ ਦਾ ਵੀ ਨਿਰੀਖਣ ਕੀਤਾ ਅਤੇ ਉਨ੍ਹਾਂ ਨੂੰ ਲਾਗੂ ਕਰਨ ਦੀ ਸਥਿਤੀ ਅਤੇ ਪ੍ਰਾਪਤ ਕੀਤੇ ਗਏ ਮੁੱਖ ਮੀਲ ਪੱਥਰਾਂ ਬਾਰੇ ਜਾਣਕਾਰੀ ਦਿੱਤੀ ਗਈ। ਸ਼੍ਰੀ ਮਨੋਹਰ ਲਾਲ ਨੇ ਫਿਰ ਪੁਨਤਸਾਂਗਛੂ-99 ਪ੍ਰੋਜੈਕਟ ਦਾ ਦੌਰਾ ਕੀਤਾ, ਜਿਸਦਾ ਉਦਘਾਟਨ 11 ਨਵੰਬਰ 2025 ਨੂੰ ਭਾਰਤ ਦੇ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਅਤੇ ਮਹਾਮਹਿਮ ਜਿਗਮੇ ਖੇਸਰ ਨਾਮਗਯੇਲ ਵਾਂਗਚੁੱਕ ਵਲੋਂ ਸਾਂਝੇ ਤੌਰ 'ਤੇ ਕੀਤਾ ਗਿਆ ਸੀ, ਉਦੋਂ ਤੋਂ ਭੂਟਾਨ ਦੇ ਊਰਜਾ ਖੇਤਰ ਵਿੱਚ ਇੱਕ ਮਹੱਤਵਪੂਰਨ ਯੋਗਦਾਨ ਪਾਉਣ ਵਾਲੇ ਵਜੋਂ ਉਭਰਿਆ ਹੈ। ਕੇਂਦਰੀ ਮੰਤਰੀ ਨੇ ਪ੍ਰੋਜੈਕਟ ਦੇ ਸੰਚਾਲਨ ਪ੍ਰਦਰਸ਼ਨ ਦੀ ਸਮੀਖਿਆ ਕੀਤੀ, ਇਹ ਜ਼ਿਕਰ ਕਰਦੇ ਹੋਏ ਕਿ ਇਸਨੇ ਪਹਿਲਾਂ ਹੀ ਭਾਰਤ ਨੂੰ ਸਵੱਛ ਬਿਜਲੀ ਦੇ ਨਿਰਯਾਤ ਨੂੰ ਸਮਰੱਥ ਬਣਾਉਂਦੇ ਹੋਏ ਕਾਫ਼ੀ ਬਿਜਲੀ ਅਤੇ ਮਾਲੀਆ ਪੈਦਾ ਕੀਤਾ ਹੈ। ਉਨ੍ਹਾਂ ਨੇ ਪ੍ਰੋਜੈਕਟ ਦੇ ਸਫਲ ਅਮਲ ਅਤੇ ਸੰਚਾਲਨ ਕੁਸ਼ਲਤਾ ਦੀ ਸ਼ਲਾਘਾ ਕੀਤੀ, ਭੂਟਾਨ ਦੇ ਆਰਥਿਕ ਵਿਕਾਸ ਵਿੱਚ ਇਸਦੇ ਯੋਗਦਾਨ ਨੂੰ ਸਵੀਕਾਰ ਕੀਤਾ ਅਤੇ ਟਿਕਾਊ ਊਰਜਾ ਵਿਕਾਸ ਵਿੱਚ ਭੂਟਾਨ ਦਾ ਸਮਰਥਨ ਕਰਨ ਲਈ ਭਾਰਤ ਦੀ ਨਿਰੰਤਰ ਵਚਨਬੱਧਤਾ ਦੀ ਪੁਸ਼ਟੀ ਕੀਤੀ। ਦੌਰੇ ਵਿੱਚ ਪਾਵਰਹਾਊਸ ਅਤੇ ਡੈਮ ਸਾਈਟ ਦਾ ਨਿਰੀਖਣ ਸ਼ਾਮਲ ਸੀ, ਜਿੱਥੇ ਉਨ੍ਹਾਂ ਨੂੰ ਚੱਲ ਰਹੇ ਕਾਰਜਾਂ ਬਾਰੇ ਜਾਣੂ ਕਰਵਾਇਆ ਗਿਆ। ਸ਼੍ਰੀ ਮਨੋਹਰ ਲਾਲ ਨੇ ਵਾਂਗਡੂ ਫੋਡਰਾਂਗ ਡਜ਼ੋਂਗ ਦਾ ਵੀ ਦੌਰਾ ਕੀਤਾ, ਜੋ ਕਿ ਭੂਟਾਨ ਦੀ ਅਮੀਰ ਇਤਿਹਾਸਕ ਅਤੇ ਸੱਭਿਆਚਾਰਕ ਵਿਰਾਸਤ ਦਾ ਭੰਡਾਰ ਹੈ।

# ਭਲਾਈ ਕੇਂਦਰ ਵਿਖੇ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਪੂਰਵਕ ਮਨਾਇਆ



ਜ਼ਿਕਰ ਪੰਜਾਬ
ਅੰਮ੍ਰਿਤਸਰ/ਬਿਊਰੋ

ਜਿਥੇ ਦੇਸ਼ ਵਿਦੇਸ਼ ਵਿੱਚ ਸੰਗਤਾਂ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਮਨਾ ਰਹੀਆਂ ਹਨ ਉਥੇ ਬੀਬੀ ਕੌਲਾਂ ਜੀ ਭਲਾਈ ਕੇਂਦਰ ਟਰੱਸਟ ਵਿਖੇ ਵੀ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਉਂਦੇ ਦੀਵਾਨ ਸਜਾਏ ਗਏ। ਦੀਵਾਨ ਦੀ ਆਰੰਭਤਾ ਸ੍ਰੀ ਜਪੁਜੀ ਸਾਹਿਬ ਚੌਪਈ ਦੇ ਸੰਗਤ ਰੂਪੀ ਪਾਠ ਉਪਰੰਤ ਭਾਈ ਗੁਰਕਿਰਪਾਲ ਸਿੰਘ ਸਕੋਟਲੈਂਡ ਵਾਲੇ, ਸਿਵਲ ਲਾਈਨ ਦੇ ਬੀਬੀਆਂ ਦੇ ਜਥੇ, ਭਾਈ ਹਰਵਿੰਦਰਪਾਲ ਸਿੰਘ ਲਿਟਲ ਤੋਂ ਇਲਾਵਾ ਭਾਈ ਗੁਰਇਕਬਾਲ ਸਿੰਘ ਨੇ ਕਥਾ ਕੀਰਤਨ ਦੀਆਂ ਹਾਜ਼ਰੀਆਂ ਭਰਦੇ ਹੋਏ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਵੱਡਾ ਮੁੱਲਾ ਇਤਿਹਾਸ ਸੰਗਤਾਂ ਨੂੰ ਸ਼ਰਵਨ ਕਰਾ ਕੇ ਨਿਹਾਲ ਕੀਤਾ। ਭਾਈ ਸਾਹਿਬ ਨੇ ਕਿਹਾ ਕਿ ਗੁਰੂ ਅਰਜਨ ਦੇਵ ਜੀ ਐਸੇ ਗੁਰੂ ਹੋਏ ਹਨ ਜਿਨ੍ਹਾਂ ਨੇ ਆਪ ਆਪਣੇ ਹੱਥੀ ਕੋਹੜੀਆ ਦੀ ਮਲ੍ਹਮ ਪੱਟੀ ਕਰਕੇ ਸਾਨੂੰ ਵੈਰ ਵਰੋਧ ਨੂੰ ਤਿਆਗਦੇ ਹੋਏ ਸੇਵਾ ਕਰਨ ਦੀ ਜਾਚ ਸਿਖਾਈ ਭਾਈ ਸਾਹਿਬ ਜੀ ਨੇ ਕਿਹਾ ਕਿ ਸਾਨੂੰ ਗੁਰੂ ਸਾਹਿਬ ਜੀ ਦੇ ਪੂਰਨੇਆ ਤੇ ਚਲਦੇ ਹੋਏ ਵੈਰ ਵਿਰੋਧਤਾ ਤਿਆਗਦੇ ਹੋਏ ਹੱਥੀ ਸੇਵਾ ਕਰਨੀ ਚਾਹੀਦੀ ਹੈ। ਇਸ ਮੌਕੇ ਬਾਹਰਲੇ ਦੇਸ਼ਾਂ ਤੋਂ ਆਈਆਂ ਸੰਗਤਾਂ ਦਾ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਸਾਰੇ ਸਮਾਗਮ ਦੀ ਸਟੇਜ ਦੀ ਅਤੇ ਅਰਦਾਸ ਦੀ ਸੇਵਾ ਭਾਈ ਜਸਵਿੰਦਰ ਸਿੰਘ ਸਿਵਲ ਲਾਈਨ ਵਲੋਂ ਨਿਭਾਈ ਗਈ।

> **ਕੋਹੜੀਆ ਦੀ ਮਲ੍ਹਮ ਪੱਟੀ ਦੀ ਸੇਵਾ ਸ੍ਰੀ ਗੁਰੂ ਅਰਜਨ ਦੇਵ ਜੀ ਆਪ ਆਪਣੇ ਹੱਥੀਂ ਕਰਦੇ ਸਨ : ਭਾਈ ਗੁਰਇਕਬਾਲ ਸਿੰਘ**

# ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਵੱਲੋਂ ਵਾਰਡ 78 'ਚ 95.48 ਲੱਖ ਦੀ ਲਾਗਤ ਨਾਲ ਗਲੀਆਂ ਦੇ ਨਵ-ਨਿਰਮਾਣ ਕਾਰਜ ਦੀ ਸ਼ੁਰੂਆਤ

ਜ਼ਿਕਰ ਪੰਜਾਬ
ਲੁਧਿਆਣਾ/ਤਮੰਨਾ ਬੇਦੀ

ਹਲਕਾ ਲੁਧਿਆਣਾ ਸੈਂਟਰਲ ਦੇ ਵਿਕਾਸ ਨੂੰ ਨਵੀਂ ਰਫ਼ਤਾਰ ਦਿੰਦਿਆਂ ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਨੇ ਵਾਰਡ ਨੰਬਰ 78 ਵਿੱਚ ਮੋਹਰ ਸਿੰਘ ਨਗਰ ਦੀਆਂ ਸਾਰੀਆਂ ਗਲੀਆਂ ਦੇ ਨਵ-ਨਿਰਮਾਣ ਕਾਰਜ ਦੀ ਸ਼ੁਰੂਆਤ ਕੀਤੀ। ਇਹ ਪ੍ਰੋਜੈਕਟ ਲਗਭਗ 95 ਲੱਖ 48 ਹਜ਼ਾਰ ਰੁਪਏ ਦੀ ਲਾਗਤ ਨਾਲ ਪੂਰਾ ਕੀਤਾ ਜਾਵੇਗਾ, ਜਿਸ ਨਾਲ ਇਲਾਕਾ ਨਿਵਾਸੀਆਂ ਨੂੰ ਲੰਬੇ ਸਮੇਂ ਤੋਂ ਦਰਪੇਸ਼ ਮੁਸ਼ਕਿਲਾਂ ਤੋਂ ਰਾਹਤ ਮਿਲੇਗੀ। ਇਸ ਮੌਕੇ ਕਾਰਜ ਦੀ ਸ਼ੁਰੂਆਤ ਦੌਰਾਨ ਵਾਰਡ ਕੌਂਸਲਰ ਮੰਨਾ ਦੇ ਨਾਲ ਮੌਜੂਦ ਵਾਰਡ ਵਾਸੀਆਂ ਵਿੱਚ ਖੁਸ਼ੀ ਦਾ ਮਾਹੌਲ ਦੇਖਣ ਨੂੰ ਮਿਲਿਆ ਅਤੇ ਉਨ੍ਹਾਂ ਨੇ ਇਸ ਉਪਰਾਲੇ ਲਈ ਵਿਧਾਇਕ ਦਾ ਧੰਨਵਾਦ ਵੀ ਕੀਤਾ। ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਨੇ ਇਸ ਮੌਕੇ ਗੱਲਬਾਤ ਕਰਦਿਆਂ ਕਿਹਾ ਕਿ ਲੁਧਿਆਣਾ ਸੈਂਟਰਲ ਦੇ ਹਰ ਵਾਰਡ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਬਣਾਉਣਾ ਉਨ੍ਹਾਂ ਦੀ ਮੁੱਖ ਤਰਜੀਹ ਹੈ। ਉਨ੍ਹਾਂ ਅੱਗੇ ਕਿਹਾ ਕਿ ਸਰਕਾਰ ਵੱਲੋਂ ਦਿੱਤੇ ਗਏ ਵਿਕਾਸੀ ਫੰਡਾਂ ਦਾ ਸਹੀ ਅਤੇ ਪਾਰਦਰਸ਼ੀ ਢੰਗ ਨਾਲ ਇਸਤੇਮਾਲ ਕੀਤਾ ਜਾ ਰਿਹਾ ਹੈ ਤਾਂ ਜੋ ਇੱਕ-ਇੱਕ ਪੈਸਾ ਲੋਕਾਂ ਦੀ ਭਲਾਈ ਲਈ ਵਰਤਿਆ ਜਾ ਸਕੇ। ਉਨ੍ਹਾਂ ਇਹ ਵੀ ਭਰੋਸਾ ਦਿਵਾਇਆ ਕਿ ਕੰਮ ਦੀ ਗੁਣਵੱਤਾ ਵਿੱਚ ਕੋਈ ਵੀ ਸਮਝੌਤਾ ਨਹੀਂ ਕੀਤਾ ਜਾਵੇਗਾ ਅਤੇ ਸਮੇਂ ਸਿਰ ਕਾਰਜ ਪੂਰਾ ਕੀਤਾ ਜਾਵੇਗਾ। ਇਲਾਕਾ ਨਿਵਾਸੀਆਂ ਨੇ ਵੀ ਆਪਣੀ ਖੁਸ਼ੀ ਜਾਹਿਰ ਕਰਦਿਆਂ ਕਿਹਾ ਕਿ ਇਸ ਨਵ-ਨਿਰਮਾਣ ਕਾਰਜ ਨਾਲ ਗਲੀਆਂ ਦੀ ਸੂਰਤ ਨਿਖਰੇਗੀ ਅਤੇ ਸਾਫ-ਸੁਥਰਾ ਮਾਹੌਲ ਬਣੇਗਾ। ਉਨ੍ਹਾਂ ਉਮੀਦ ਜਤਾਈ ਕਿ ਇਸ ਤਰ੍ਹਾਂ ਦੇ ਵਿਕਾਸੀ ਕੰਮ ਆਗਾਮੀ ਸਮੇਂ ਵਿੱਚ ਵੀ ਜਾਰੀ ਰਹਿਣਗੇ। ਇਸ ਮੌਕੇ ਵਾਰਡ ਕੌਂਸਲਰ ਸ਼੍ਰੀਮਤੀ ਸੁਰਿੰਦਰ ਕੌਰ, ਵਾਰਡ ਇੰਚਾਰਜ ਮਨਪ੍ਰੀਤ ਸਿੰਘ ਮੰਨਾ ਦੇ ਨਾਲ ਵੱਡੀ ਗਿਣਤੀ ਵਿੱਚ ਸਮਰਥਕ 'ਤੇ ਵਲੰਟੀਅਰ ਸਾਥੀ ਵੀ ਹਾਜ਼ਰ ਰਹੇ।



# ਆਰ.ਐੱਸ. ਮਾਡਲ ਸਕੂਲ ਦੇ ਅੱਠਵੀਂ ਜਮਾਤ ਦੇ ਹੋਣਹਾਰ ਵਿਦਿਆਰਥੀਆਂ ਨੂੰ ਮੈਨੇਜਮੈਂਟ ਵੱਲੋਂ ਸਨਮਾਨਿਤ ਕੀਤਾ ਗਿਆ



ਜ਼ਿਕਰ ਪੰਜਾਬ
ਲੁਧਿਆਣਾ/ਤਮੰਨਾ ਬੇਦੀ

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਘੋਸ਼ਿਤ ਅੱਠਵੀਂ ਜਮਾਤ ਦੇ ਨਤੀਜਿਆਂ ਵਿੱਚ ਆਰ.ਐੱਸ. ਮਾਡਲ ਸਕੂਲ ਦੇ ਛੇ ਵਿਦਿਆਰਥੀਆਂ ਨੇ ਮੈਰਿਟ ਸੂਚੀ ਵਿੱਚ ਸਥਾਨ ਹਾਸਲ ਕਰਕੇ ਸਕੂਲ ਅਤੇ ਆਪਣੇ ਮਾਤਾ-ਪਿਤਾ ਦਾ ਨਾਮ ਰੌਸ਼ਨ ਕੀਤਾ। ਅਕਾਂਸ਼ ਸ਼ਰਮਾ ਨੇ 98% (588/600) ਅੰਕ ਪ੍ਰਾਪਤ ਕਰਕੇ ਰਾਜ ਵਿੱਚ ਬਾਰ੍ਹਵਾਂ ਸਥਾਨ, ਪ੍ਰਣਵ ਸੋਹਲ ਨੇ 97.83% (587/600) ਅੰਕ ਨਾਲ ਤੇਰ੍ਹਵਾਂ ਸਥਾਨ, ਨਿਸ਼ੂ ਕੁਮਾਰੀ ਅਤੇ ਧੈਰਿਆ ਠਾਕੁਰ ਨੇ 97.50% (585/600) ਅੰਕ ਨਾਲ ਪੰਦਰ੍ਹਵਾਂ ਸਥਾਨ, ਅਤੇ ਰਾਜਨ ਸ਼ਰਮਾ ਅਤੇ ਵੰਸ਼ਿਕਾ ਨੇ 97.33% (584/600) ਅੰਕ ਨਾਲ ਸੋਲ੍ਹਵਾਂ ਸਥਾਨ ਪ੍ਰਾਪਤ ਕੀਤਾ। ਸਕੂਲ ਦੀ ਮੁੱਖ ਅਧਿਆਪਕਾ ਸ੍ਰੀਮਤੀ ਸ਼ੁੱਭ ਲਤਾ ਜੀ ਨੇ ਦੱਸਿਆ ਕਿ ਇਸ ਸਾਲ 289 ਵਿਦਿਆਰਥੀਆਂ ਨੇ ਪ੍ਰੀਖਿਆ ਵਿੱਚ ਭਾਗ ਲਿਆ। ਇਨ੍ਹਾਂ ਵਿੱਚੋਂ 32 ਵਿਦਿਆਰਥੀਆਂ ਨੇ 95% ਤੋਂ ਵੱਧ, 50 ਵਿਦਿਆਰਥੀਆਂ ਨੇ 90-94.99% , 84 ਵਿਦਿਆਰਥੀਆਂ ਨੇ 80-89.99% , ਅਤੇ 123 ਵਿਦਿਆਰਥੀਆਂ ਨੇ 70% ਅੰਕ ਹਾਸਲ ਕੀਤੇ । ਸਕੂਲ ਦੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਰਾਕੇਸ਼ ਜੈਨ, ਉਪ ਪ੍ਰਧਾਨ ਵਿਨੋਦ ਸਹਿਗਲ, ਪ੍ਰਬੰਧਕ ਵਿਆਸ ਬੈਂਬੀ, ਖਜਾਨਚੀ ਵੈਭਵ ਸਹਿਗਲ, ਕੈਪਟਨ ਵਿਜੈ ਜੀ ਸਿਆਲ ਅਤੇ ਹੋਰ ਮਾਣਯੋਗ ਮੈਂਬਰਾਂ ਨੇ ਮੁੱਖ ਅਧਿਆਪਕਾ ਸ੍ਰੀਮਤੀ ਸ਼ੁੱਭ ਲਤਾ ਜੀ ਨੇ ਸਾਰੇ ਸਟਾਫ਼ ਮੈਂਬਰਾਂ ਅਤੇ ਵਿਦਿਆਰਥੀਆਂ ਨੂੰ ਦਿਲੋਂ ਵਧਾਈ ਦਿੱਤੀ। ਪ੍ਰਧਾਨ ਸ੍ਰੀ ਰਾਕੇਸ਼ ਜੈਨ ਜੀ ਨੇ ਵਿਦਿਆਰਥੀਆਂ ਦੇ ਪਰਿਵਾਰਕ ਮੈਂਬਰਾਂ ਨੂੰ ਵੀ ਵਧਾਈ ਦਿੰਦਿਆਂ ਕਿਹਾ ਕਿ ਇਸ ਸਫ਼ਲਤਾ ਦਾ ਸਿਹਰਾ ਵਿਦਿਆਰਥੀਆਂ ਦੀ ਮਿਹਨਤ, ਅਧਿਆਪਕਾਂ ਦੇ ਲਗਾਤਾਰ ਯਤਨਾਂ ਅਤੇ ਮਾਪਿਆਂ ਦੇ ਸਹਿਯੋਗ ਨੂੰ ਜਾਂਦਾ ਹੈ। ਨਾਲ ਹੀ ਉਨ੍ਹਾਂ ਨੇ ਮੈਰਿਟ ਸੂਚੀ ਵਿੱਚ ਸਥਾਨ ਪ੍ਰਾਪਤ ਕਰਨ ਵਾਲੇ ਸਾਰੇ ਵਿਦਿਆਰਥੀਆਂ ਨੂੰ ਸਾਈਕਲ ਤੋਹਫ਼ੇ ਵਜੋਂ ਦੇਣ ਦੀ ਘੋਸ਼ਣਾ ਕੀਤੀ।

# ਗੁਣਵੱਤਾ, ਨਵੀਨਤਾ ਅਤੇ ਪਾਲਣਾ ਰਾਹੀਂ ਭਾਰਤ ਦੇ ਫਾਰਮਾ ਨਿਰਯਾਤ ਨੂੰ ਗਤੀ ਦੇਣ 'ਤੇ ਜ਼ੋਰ

## ਫਾਰਮਾ ਮੈਕਟੈੱਕ ਐਂਡ ਲੈਬ-ਨੈਕਸਟ ਐਕਸਪੋ 2026 ਤੋਂ ਪਹਿਲਾਂ ਉੱਚ-ਪੱਧਰੀ ਸੈਮੀਨਾਰ ਆਯੋਜਿਤ

ਜ਼ਿਕਰ ਪੰਜਾਬ
ਚੰਡੀਗੜ੍ਹ/ਬਿਊਰੋ



ਉਦਯੋਗ ਦੇ ਨੇਤਾ, ਸਰਕਾਰੀ ਅਧਿਕਾਰੀ ਅਤੇ ਵੱਖ-ਵੱਖ ਹਿਤਧਾਰਕ ਅੱਜ ਹੋਟਲ ਸ਼ਿਵਾਲਿਕ ਵਿਊ ਵਿਖੇ ਆਯੋਜਿਤ ਇੱਕ ਉੱਚ-ਪੱਧਰੀ ਸੈਮੀਨਾਰ ਵਿੱਚ ਇਕੱਠੇ ਹੋਏ। ਇਸ ਸੈਮੀਨਾਰ ਦਾ ਵਿਸ਼ਾ ਸੀ - ਗੁਣਵੱਤਾ, ਨਵੀਨਤਾ ਅਤੇ ਪਾਲਣਾ ਦੁਆਰਾ ਭਾਰਤ ਦੇ ਫਾਰਮਾਸਿਊਟੀਕਲ, ਫਾਰਮਾ ਮਸ਼ੀਨਰੀ ਅਤੇ ਉਪਕਰਣਾਂ ਦੇ ਨਿਰਯਾਤ ਦਾ ਵਿਸਤਾਰ ਕਰਨਾ। ਇਹ ਸੈਮੀਨਾਰ ਆਗਾਮੀ ਫਾਰਮਾ ਮੈਕਟੈੱਕ ਐਂਡ ਲੈਬ-ਨੈਕਸਟ ਐਕਸਪੋ 2026 ਦੇ ਦੂਜੇ ਐਡੀਸ਼ਨ ਲਈ ਇੱਕ ਮਹੱਤਵਪੂਰਨ ਪੂਰਵ ਪ੍ਰੋਗਰਾਮ ਵਜੋਂ ਆਯੋਜਿਤ ਕੀਤਾ ਗਿਆ। ਸੈਮੀਨਾਰ ਦੀ ਸ਼ੁਰੂਆਤ ਭਾਰਤ ਦੇ ਉੱਚ ਮਾਤਰਾ ਵਾਲੇ ਜੈਨੇਰਿਕ ਉਤਪਾਦਕ ਤੋਂ ਉੱਚ ਮੁੱਲ ਵਾਲੇ ਗਲੋਬਲ ਇਨੋਵੇਸ਼ਨ ਹੱਬ ਵਿੱਚ ਤਬਦੀਲੀ 'ਤੇ ਇੱਕ ਮਹੱਤਵਪੂਰਨ ਚਰਚਾ ਨਾਲ ਹੋਈ। 2030 ਤੱਕ ਇਸ ਖੇਤਰ ਦੀ 50 ਬਿਲੀਅਨ ਅਮਰੀਕੀ ਡਾਲਰ ਤੱਕ ਪਹੁੰਚਣ ਦੀ ਸੰਭਾਵਨਾ ਦੇ ਮੱਦੇਨਜ਼ਰ, ਵਿਕਸਿਤ ਭਾਰਤ 0 2047 ਦੇ ਤਹਿਤ ਭਾਰਤ ਨੂੰ ਫਾਰਮਾ ਪਾਵਰਹਾਊਸ ਦਾ ਉਦੇਸ਼ ਨਿਰਧਾਰਿਤ ਕੀਤਾ ਗਿਆ ਹੈ। ਇਸ ਮਿਸ਼ਨ ਅਧੀਨ, ਗੁੰਝਲਦਾਰ ਬਾਇਓਪ੍ਰੋਸੈਸਿੰਗ ਉਪਕਰਣਾਂ ਅਤੇ ਉੱਨਤ ਪ੍ਰਯੋਗਸ਼ਾਲਾ ਯੰਤਰਾਂ ਵਿੱਚ ਆਤਮ-ਨਿਰਭਰਤਾ (ਆਤਮਨਿਰਭਰ ਭਾਰਤ) 'ਤੇ ਜ਼ੋਰ ਦਿੱਤਾ ਗਿਆ; ਇਸ ਤੋਂ ਇਲਾਵਾ, ਰਵਾਇਤੀ ਨਿਰਮਾਣ ਤੋਂ ਅੱਗੇ ਵਧਦੇ ਹੋਏ ਏਆਈ ਅਧਾਰਿਤ ਆਟੋਮੇਸ਼ਨ ਅਤੇ ਟਿਕਾਊ ਨਿਰਮਾਣ ਵਰਗੀਆਂ ਫਾਰਮਾ 4.0 ਤਕਨਾਲੋਜੀਆਂ ਨੂੰ ਅਪਣਾਉਣ 'ਤੇ ਜ਼ੋਰ ਦਿੱਤਾ ਗਿਆ। ਸੈਮੀਨਾਰ ਵਿੱਚ ਭਾਰਤ ਸਰਕਾਰ ਦੁਆਰਾ ਰੈਗੂਲੇਟਰੀ ਫਰੇਮਵਰਕ ਅਤੇ ਨਿਰਯਾਤ ਪ੍ਰੋਤਸਾਹਨ ਪਹਿਲਕਦਮੀਆਂ ਬਾਰੇ ਵੀ ਵਿਸਤਾਰ ਨਾਲ ਚਰਚਾ ਕੀਤੀ ਗਈ। ਮੁੱਖ ਬੁਲਾਰੇ ਵਜੋਂ, ਸ਼੍ਰੀ ਯਸ਼ ਗਰਗ, ਆਈਏਐੱਸ-ਡਾਇਰੈਕਟਰ ਜਨਰਲ ਅਤੇ ਕਮਿਸ਼ਨਰ, ਸੂਖਮ, ਛੋਟੇ ਅਤੇ ਦਰਮਿਆਨੇ ਉੱਦਮ (ਐੱਮ ਐੱਸ ਐੱਮ ਈਜ਼), ਹਰਿਆਣਾ ਸਰਕਾਰ ਦੀਆਂ ਵੱਖ-ਵੱਖ ਪਹਿਲਕਦਮੀਆਂ 'ਤੇ ਚਾਨਣਾ ਪਾਉਂਦੇ ਹੋਏ ਹਰਿਆਣਾ ਨੂੰ ਫਾਰਮਾ ਮਸ਼ੀਨਰੀ ਅਤੇ ਪ੍ਰਯੋਗਸ਼ਾਲਾ ਉਪਕਰਣਾਂ ਦੇ ਨਿਰਮਾਣ ਅਤੇ ਨਿਰਯਾਤ ਲਈ ਇੱਕ ਸੰਭਾਵੀ ਹੱਬ ਦੱਸਿਆ। ਇਸ ਦੌਰਾਨ, ਸ਼੍ਰੀ ਉਤਪਲ ਕੁਮਾਰ ਆਚਾਰਿਆ, ਸੰਯੁਕਤ ਡਾਇਰੈਕਟਰ ਜਨਰਲ (ਡੀਜੀਐੱਫਟੀ, ਲੁਧਿਆਣਾ) ਨੇ ਨਿਰਯਾਤ ਨੂੰ ਸਰਲ ਬਣਾਉਣ ਅਤੇ ਨਵੀਨਤਾ-ਅਧਾਰਿਤ ਗੁਣਵੱਤਾ ਨਿਰਮਾਣ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਸਰਕਾਰੀ ਨੀਤੀਆਂ 'ਤੇ ਚਾਨਣਾ ਪਾਇਆ। ਸੈਮੀਨਾਰ ਵਿੱਚ ਹੋਰ ਪ੍ਰਮੁੱਖ ਬੁਲਾਰਿਆਂ ਵਿੱਚ ਸ਼?ਰੀ ਅਰੁਣ ਸ਼ੁਕਲਾ (ਈਈਪੀਸੀ ਇੰਡੀਆ), ਡਾ. ਪ੍ਰਦੀਪ ਮੱਟੂ (ਸਾਬਕਾ ਸੰਯੁਕਤ ਡਰੱਗਜ਼ ਕਮਿਸ਼ਨਰ), ਡਾ. ਗੋਵਿੰਦ ਸ਼ੰਕਰ ਪਾਂਡੇ (ਸੀਈਓ ਐਂਡ ਐੱਮਡੀ, ਗੈਂਪ ਤਕਨਾਲੋਜਿਜ਼ ਪ੍ਰਾਈਵੇਟ ਲਿਮਿਟੇਡ) ਅਤੇ ਸ਼?ਰੀ ਜੇ. ਇਮਾਮ (ਸੀਨੀਅਰ ਵਾਈਸ ਪ੍ਰੈਜ਼ੀਡੈਂਟ-ਵਰਕਸ, ਅਰਿਸਟੋ ਫਾਰਮਾਸਿਊਟੀਕਲਸ ਪ੍ਰਾ. ਲਿਮ.) ਸ਼ਾਮਲ ਸਨ। ਬੁਲਾਰਿਆਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਰਕਾਰੀ ਰੈਗੂਲੇਟਰੀ ਸਹਿਯੋਗ ਅਤੇ ਉਦਯੋਗ ਨਵੀਨਤਾ ਦਰਮਿਆਨ ਬਿਹਤਰ ਤਾਲਮੇਲ ਹੀ ਵਰ੍ਹੇ 2047 ਤੱਕ ਭਾਰਤ ਦੇ ਇੰਜੀਨੀਅਰਿੰਗ ਨਿਰਯਾਤ ਨੂੰ 1 ਟ੍ਰਿਲੀਅਨ ਡਾਲਰ ਤੱਕ ਪਹੁੰਚਾਉਣ ਦਾ ਅਧਾਰ ਬਣੇਗਾ। ਇਹ ਸੈਮੀਨਾਰ ਈਈਪੀਸੀ ਇੰਡੀਆ ਦੁਆਰਾ ਆਯੋਜਿਤ ਕੀਤੀ ਗਈ , ਜੋ ਕਿ ਇੰਜੀਨੀਅਰਿੰਗ ਸੈਕਟਰ ਵਿੱਚ ਵਪਾਰ ਅਤੇ ਨਿਵੇਸ਼ ਪ੍ਰੋਤਸਾਹਨ ਦੀ ਮੁੱਖ ਸੰਸਥਾ ਹੈ, ਜਿਸ ਨੂੰ ਵਣਜ ਅਤੇ ਉਦਯੋਗ ਮੰਤਰਾਲਾ, ਭਾਰਤ ਸਰਕਾਰ ਦਾ ਸਮਰਥਨ ਪ੍ਰਾਪਤ ਹੈ।

# ਚੇਅਰਮੈਨ ਗਿੱਲ ਨੇ ਲੁਧਿਆਣਾ ਅਨਾਜ ਮੰਡੀ ਵਿਖੇ ਕਣਕ ਦੀ ਖਰੀਦ ਦਾ ਲਿਆ ਜਾਇਜ਼ਾ

## ਕਿਸਾਨਾਂ ਨੂੰ ਸੁਚਾਰੂ, ਜਲਦੀ ਅਤੇ ਮੁਸ਼ਕਲ ਰਹਿਤ ਖਰੀਦ ਦਾ ਦਿੱਤਾ ਭਰੋਸਾ

ਜ਼ਿਕਰ ਪੰਜਾਬ
ਲੁਧਿਆਣਾ/ਗੀਤਾ ਸਕਸੈਨਾ

ਚੇਅਰਮੈਨ ਮਾਰਕੀਟ ਕਮੇਟੀ ਅਤੇ ਸਟੇਟ ਸਕੱਤਰ ਕਿਸਾਨ ਵਿੰਗ ਪੰਜਾਬ ਸ. ਗੁਰਜੀਤ ਸਿੰਘ ਗਿੱਲ ਨੇ ਅੱਜ ਨੂੰ ਲੁਧਿਆਣਾ ਅਨਾਜ ਮੰਡੀ ਵਿਖੇ ਚੱਲ ਰਹੇ ਕਣਕ ਦੀ ਖਰੀਦ ਕਾਰਜਾਂ ਦਾ ਜਾਇਜ਼ਾ ਲਿਆ ਅਤੇ ਪ੍ਰਬੰਧਾਂ 'ਤੇ ਤਸੱਲੀ ਪ੍ਰਗਟ ਕੀਤੀ। ਉਨ੍ਹਾਂ ਕਿਹਾ ਕਿ ਸੁਚਾਰੂ ਖਰੀਦ ਪ੍ਰਕਿਰਿਆ ਨੂੰ ਯਕੀਨੀ ਬਣਾਉਣ ਲਈ ਸਾਰੇ ਜ਼ਰੂਰੀ ਉਪਾਅ ਲਾਗੂ ਕੀਤੇ ਗਏ ਹਨ। ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਉਨ੍ਹਾਂ ਅੱਗੇ ਕਿਹਾ ਕਿ ਸਾਰੀਆਂ ਮੰਡੀਆਂ ਵਿੱਚ ਕਣਕ ਦੀ ਖਰੀਦ ਨਿਰਵਿਘਨ ਜਾਰੀ ਹੈ। ਚੇਅਰਮੈਨ ਗਿੱਲ ਅਤੇ ਸੈਕਟਰੀ ਹਰਿੰਦਰ ਸਿੰਘ ਗਿੱਲ ਨੇ ਅੱਗੇ ਦੱਸਿਆ ਕਿ ਖਰੀਦ ਕੀਤੀ ਕਣਕ ਦੀ ਅਦਾਇਗੀ ਸਿੱਧੇ ਤੌਰ 'ਤੇ ਆਨਲਾਈਨ ਪ੍ਰਣਾਲੀਆਂ ਰਾਹੀਂ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਸਮੇਂ ਸਿਰ ਟ੍ਰਾਂਸਫਰ ਕੀਤੀ ਜਾ ਰਹੀ ਹੈ। ਕੁਸ਼ਲ ਪ੍ਰਬੰਧਨ 'ਤੇ ਜ਼ੋਰ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਅਧਿਕਾਰੀਆਂ ਨੂੰ ਢੋਆ-ਢੁਆਈ, ਭੁਗਤਾਨ ਜਾਂ ਲੌਜਿਸਟਿਕਸ ਨਾਲ ਸਬੰਧਤ ਕਿਸੇ ਵੀ ਮੁੱਦੇ ਤੋਂ ਬਚਣ ਲਈ ਸਖ਼ਤੀ ਨਾਲ ਨਿਰਦੇਸ਼ ਦਿੱਤੇ ਗਏ ਹਨ। ਖਰੀਦ ਸੀਜ਼ਨ ਦੌਰਾਨ ਕਿਸਾਨਾਂ ਲਈ ਆਰਾਮਦਾਇਕ ਮਾਹੌਲ ਪ੍ਰਦਾਨ ਕਰਨ ਲਈ ਸਾਫ਼ ਪੀਣ ਵਾਲਾ ਪਾਣੀ, ਲੋੜੀਂਦੀ ਰੋਸ਼ਨੀ, ਬੈਠਣ ਦੀ ਵਿਵਸਥਾ ਅਤੇ ਸੈਨੀਟੇਸ਼ਨ ਵਰਗੀਆਂ ਬੁਨਿਆਦੀ ਸਹੂਲਤਾਂ ਨੂੰ ਯਕੀਨੀ ਬਣਾਇਆ ਗਿਆ ਹੈ।




# ਸਰਹਿੰਦ ਫਤਿਹ ਦਿਵਸ ਦੇ 316ਵੇਂ ਇਤਿਹਾਸਿਕ ਦਿਹਾੜੇ ਮੌਕੇ 12 ਮਈ ਨੂੰ ਫਤਿਹ ਮਾਰਚ

## ਬਲਵੀਰ ਕੌਰ ਸਿੱਧੂ ਕੈਨੇਡਾ ਫਾਊਂਡੇਸ਼ਨ ਮਹਿਲਾ ਵਿੰਗ ਦੇ ਪ੍ਰਧਾਨ ਤੇ ਸੰਤੋਖ ਸਿੰਘ ਗਿੱਲ ਨੂੰ ਮੁੱਖ ਸਰਪ੍ਰਸਤ ਨਿਯੁਕਤ

ਜ਼ਿਕਰ ਪੰਜਾਬ
ਮੁੱਲਾਂਪੁਰ ਦਾਖਾ/ਬਿਊਰੋ



ਸਰਹਿੰਦ ਫਤਿਹ ਦਿਵਸ ਦਾ 316ਵਾਂ ਇਤਿਹਾਸਿਕ ਦਿਹਾੜਾ 12 ਮਈ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਗਵਾਈ ਹੇਠ ਵਿਸ਼ਾਲ ਫਤਿਹ ਮਾਰਚ ਕਰਕੇ ਮਨਾਵਾਂਗੇ। ਇਹ ਜਾਣਕਾਰੀ ਬਾਬਾ ਬੰਦਾ ਸਿੰਘ ਬਹਾਦਰ ਭਵਨ ਰਕਬਾ ਵਿਖੇ ਨੌਂਵੇਂ ਪਾਤਸ਼ਾਹ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਜੀ, ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਪ੍ਰਕਾਸ਼ ਪੁਰਬ ਅਤੇ ਭਗਤ ਧੰਨਾ ਜੀ ਅਤੇ ਭਗਤ ਗੁਰੂ ਰਵਿਦਾਸ ਜੀ ਦਾ ਜਨਮ ਉਤਸਵ ਸਮਾਗਮ ਸਮੇਂ ਰੱਖੀ ਵਿਚਾਰ ਗੋਸ਼ਟੀ ਵਿੱਚ ਅੰਤਰਰਾਸ਼ਟਰੀ ਫਾਊਂਡੇਸ਼ਨ ਦੇ ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ ਨੇ ਦਿੱਤੀ। ਇਸ ਸਮੇਂ ਵਿਸਾਖੀ ਦੇ ਪਵਿੱਤਰ ਇਤਿਹਾਸਿਕ ਦਿਹਾੜੇ ਦੀਆਂ ਖੁਸ਼ੀਆਂ ਵੀ ਸਾਂਝੀਆਂ ਕੀਤੀਆਂ ਗਈਆਂ। ਇਸ ਸਮੇਂ ਫਾਊਂਡੇਸ਼ਨ ਪੰਜਾਬ ਦੇ ਪ੍ਰਧਾਨ ਕਰਨੈਲ ਸਿੰਘ ਗਿੱਲ, ਟਰੱਸਟੀ ਦਲਜੀਤ ਸਿੰਘ ਅਮਰੀਕਾ, ਜਸਵੰਤ ਸਿੰਘ ਛਾਪਾ ਜਨਰਲ ਸਕੱਤਰ, ਟਰੱਸਟੀ ਤਰਲੋਚਨ ਸਿੰਘ ਸਫਰੀ, ਸੰਤੋਖ ਸਿੰਘ ਗਿੱਲ, ਡਾ. ਪ੍ਰਮਜੀਤ ਸਿੰਘ ਅਤੇ ਗੁਰਨਾਮ ਸਿੰਘ ਕਲੇਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਸਮੇਂ ਬੀਬੀ ਬਲਵੀਰ ਕੌਰ ਨੂੰ ਫਾਊਂਡੇਸ਼ਨ ਕੈਨੇਡਾ ਦੀ ਮਹਿਲਾ ਵਿੰਗ ਦੀ ਪ੍ਰਧਾਨ ਜਦਕਿ ਸੰਤੋਖ ਸਿੰਘ ਗਿੱਲ ਨੂੰ ਮੁੱਖ ਸਰਪ੍ਰਸਤ ਨਿਯੁਕਤ ਕੀਤਾ ਗਿਆ। ਇਸ ਸਮੇਂ ਬਾਬਾ ਸਰਬਜੋਤ ਸਿੰਘ ਡਾਗੋਂ ਵੱਲੋਂ ਭੇਜਿਆ ਜੱਥਾ ਜਿਹਨਾਂ ਵਿੱਚ ਅਮਰਿੰਦਰ ਸਿੰਘ, ਬਲਪ੍ਰੀਤ ਸਿੰਘ, ਹਰਜੋਤ ਸਿੰਘ, ਬੌਬੀ ਡਾਗੋਂ, ਈਸ਼ਰਪ੍ਰੀਤ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਸਮੇਂ ਬੋਲਦੇ ਬਾਵਾ ਨੇ ਕਿਹਾ ਕਿ ਅੱਜ ਖੁਸ਼ੀ ਦੀ ਗੱਲ ਹੈ ਕਿ ਮਹਾਨ ਯੋਧੇ, ਜਰਨੈਲ, ਕਿਸਾਨੀ ਦੇ ਮੁਕਤੀਦਾਤਾ ਬਾਬਾ ਬੰਦਾ ਸਿੰਘ ਬਹਾਦਰ ਜੀ ਨੂੰ ਯਾਦ ਕਰਦੇ ਹੋਏ ਰਕਬਾ ਭਵਨ ਵਿਖੇ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਜੀ, ਸ੍ਰੀ ਗੁਰੂ ਅਰਜਨ ਦੇਵ ਜੀ, ਭਗਤ ਧੰਨਾ ਜੀ ਅਤੇ ਭਗਤ ਗੁਰੂ ਰਵਿਦਾਸ ਜੀ ਦੇ ਜਨਮ ਉਤਸਵ ਸਬੰਧੀ ਵਿਚਾਰ ਗੋਸ਼ਟੀ ਕੀਤੀ ਜਾ ਰਹੀ ਹੈ। ਉਹਨਾਂ ਕਿਹਾ ਕਿ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਮਾਨਵਤਾ ਦੀ ਰੱਖਿਆ ਲਈ ਦਿੱਤੀ ਕੁਰਬਾਨੀ ਹੈ ਜਿਸ ਦੀ ਵਿਸ਼ਵ ਵਿੱਚ ਕੋਈ ਮਿਸਾਲ ਨਹੀਂ ਮਿਲਦੀ। ਉਹਨਾਂ ਕਿਹਾ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਨੂੰ ਤੱਤੀਆਂ ਤਵੀਆਂ 'ਤੇ ਬਿਠਾਉਣਾ, ਉਹਨਾਂ ਦੇ ਸਿਰ ਵਿੱਚ ਗਰਮ ਰੇਤ ਪਾਉਣਾ, ਵੱਖਰੀ ਮਿਸਾਲ ਹੈ। ਉਹਨਾਂ ਇਸ ਸਮੇਂ ਭਗਤ ਧੰਨਾ ਜੀ ਦੀ ਸਾਦਗੀ, ਸੱਚਾਈ, ਸਪੱਸ਼ਟਤਾ ਅਤੇ ਪ੍ਰਭੂ ਭਗਤੀ ਕਰਕੇ ਪੱਥਰਾਂ ਚੋਂ ਰੱਬ ਨੂੰ ਪਾਉਣਾ ਪਰਮਾਤਮਾ ਵਿੱਚ ਅਟੁੱਟ ਵਿਸ਼ਵਾਸ ਦਿਖਾਉਂਦਾ ਹੈ। ਉਹਨਾਂ ਕਿਹਾ ਕਿ ਅੱਜ ਭਗਤ ਗੁਰੂ ਰਵਿਦਾਸ ਜੀ ਦਾ ਵੀ ਜਨਮ ਉਤਸਵ ਮਨਾ ਰਹੇ ਹਾਂ ਜਿਨਾਂ ਨੇ ਸੱਚੀ ਸੁੱਚੀ ਕਿਰਤ ਰਾਹੀਂ ਪ੍ਰਭੂ ਨੂੰ ਪਾਉਣ ਦਾ ਰਸਤਾ ਦਿਖਾਇਆ ਅਤੇ ਛੂਤਛਾਤ ਰਹਿਤ ਸਮਾਜ ਦੀ ਪ੍ਰੇਰਨਾ ਦਿੱਤੀ। ਇਸ ਸਮੇਂ ਸ਼੍ਰੀ ਬਾਵਾ ਨੇ ਸਮਾਗਮ ਸ਼ੁਰੂ ਕਰਨ ਤੋਂ ਪਹਿਲਾਂ ਵਰਿੰਦਾਵਨ ਗਈਆਂ ਜਗਰਾਉਂ ਦੀਆਂ ਸੰਗਤਾਂ ਦੀ ਅਚਾਨਕ ਹੋਈ ਦਰਦਨਾਕ ਮੌਤ 'ਤੇ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਂਟ ਕੀਤੀ। ਇਸ ਸਮੇਂ ਕਰਨੈਲ ਸਿੰਘ ਗਿੱਲ ਪ੍ਰਧਾਨ ਫਾਊਂਡੇਸ਼ਨ ਪੰਜਾਬ ਨੇ ਲੰਮੇ ਸਮੇਂ ਤੋਂ ਬਾਅਦ ਜੋ ਡਾ. ਮਨਮੋਹਨ ਸਿੰਘ ਦੇ ਪ੍ਰਧਾਨ ਮੰਤਰੀ ਹੁੰਦੇ ਸ਼ੁਰੂਆਤ ਹਲਵਾਰਾ ਨੂੰ ਅੰਤਰਰਾਸ਼ਟਰੀ ਹਵਾਈ ਅੱਡਾ ਬਣਾਉਣ ਦੀ ਹੋਈ ਸੀ, ਉਹ ਹੁਣ ਸ੍ਰੀ ਨਰਿੰਦਰ ਮੋਦੀ ਦੀ ਸਰਕਾਰ ਸਮੇਂ ਉਡਾਣ ਸ਼ੁਰੂ ਹੋਣ ਨੂੰ ਪੰਜਾਬ ਲਈ ਸ਼ੁਭ ਸ਼ਗਨ ਕਿਹਾ। ਇਸ ਸਮੇਂ ਬੀਬੀ ਮਨਜੀਤ ਕੌਰ ਸਰੋਏ, ਮਾਸਟਰ ਗੁਰਪਾਲ ਸਿੰਘ ਮੰਡਿਆਣੀ, ਡਾ. ਜਸਪਾਲ ਸਿੰਘ ਸੈਣੀ, ਸੁਖਵਿੰਦਰ ਸਿੰਘ ਜਗਦੇਵ, ਅਮਰਪਾਲ ਸਿੰਘ, ਟੇਕ ਸਿੰਘ, ਸੰਦੀਪ ਸਿੰਘ, ਹਰਚੇਤ ਸਿੰਘ, ਵਰਿੰਦਰ ਭੱਲਾ, ਸੋਨੀ ਹਾਜਰ ਸਨ।

# ਨਸ਼ਾ ਤਸਕਰ ਨੂੰ ਫੜਨ ਗਈ ਪੁਲਿਸ ਪਾਰਟੀ 'ਤੇ ਪਥਰਾਅ, 4 ਗ੍ਰਿਫ਼ਤਾਰ

ਜ਼ਿਕਰ ਪੰਜਾਬ
ਮੌੜ ਮੰਡੀ/ਬਿਊਰੋ

ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਪਿੰਡ ਘੁੰਮਣ ਕਲਾਂ ਵਿੱਚ ਕਾਰਵਾਈ ਕਰਨ ਪਹੁੰਚੀ ਪੁਲਿਸ ਟੀਮ 'ਤੇ ਤਸਕਰ ਦੇ ਪਰਿਵਾਰਕ ਮੈਂਬਰਾਂ ਅਤੇ ਸਥਾਨਕ ਲੋਕਾਂ ਵੱਲੋਂ ਹਮਲਾ ਕਰਨ ਦਾ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ। ਪੁਲਿਸ ਪਾਰਟੀ 'ਤੇ ਹੋਏ ਇਸ ਪਥਰਾਅ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਖੂਬ ਵਾਇਰਲ ਹੋ ਰਹੀ ਹੈ, ਜਿਸ ਵਿੱਚ ਭੜਕੀ ਹੋਈ ਭੀੜ ਪੁਲਿਸ ਮੁਲਾਜ਼ਮਾਂ 'ਤੇ ਰੋੜੇ ਵਰ੍ਹਾਉਂਦੀ ਨਜ਼ਰ ਆ ਰਹੀ ਹੈ। ਮਿਲੀ ਜਾਣਕਾਰੀ ਅਨੁਸਾਰ, ਥਾਣਾ ਮੌੜ ਦੀ ਪੁਲਿਸ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਸੁਖਜੀਵਨ ਸਿੰਘ ਨਾਮਕ ਵਿਅਕਤੀ ਪਿੰਡ ਘੁੰਮਣ ਕਲਾਂ ਵਿੱਚ ਨਸ਼ਾ ਤਸਕਰੀ ਦਾ ਧੰਦਾ ਕਰ ਰਿਹਾ ਹੈ। ਜਿਵੇਂ ਹੀ ਪੁਲਿਸ ਟੀਮ ਦੋਸ਼ੀ ਨੂੰ ਕਾਬੂ ਕਰਨ ਲਈ ਉਸ ਦੇ ਟਿਕਾਣੇ 'ਤੇ ਪਹੁੰਚੀ, ਤਾਂ ਤਸਕਰ ਦੇ ਹਮਾਇਤੀਆਂ ਨੇ ਪੁਲਿਸ ਦਾ ਰਾਹ ਰੋਕ ਲਿਆ। ਵਿਰੋਧ ਇੰਨਾ ਵਧ ਗਿਆ ਕਿ ਲੋਕਾਂ ਨੇ ਪੁਲਿਸ 'ਤੇ ਇੱਟਾਂ-ਪੱਥਰਾਂ ਨਾਲ ਹਮਲਾ ਕਰ ਦਿੱਤਾ, ਜਿਸ ਦੌਰਾਨ ਇੱਕ ਏ.ਐੱਸ.ਆਈ. ਦੀ ਵਰਦੀ ਵੀ ਫਾੜ ਦਿੱਤੀ ਗਈ। ਇਸ ਘਟਨਾ ਦੀ ਪੁਸ਼ਟੀ ਕਰਦਿਆਂ ਡੀ.ਐੱਸ.ਪੀ. ਮੌੜ, ਕੁਲਦੀਪ ਸਿੰਘ ਨੇ ਦੱਸਿਆ ਕਿ ਸਰਕਾਰੀ ਡਿਊਟੀ ਵਿੱਚ ਵਿਘਨ ਪਾਉਣ ਅਤੇ ਪੁਲਿਸ ਪਾਰਟੀ 'ਤੇ ਹਮਲਾ ਕਰਨ ਦੇ ਦੋਸ਼ ਹੇਠ ਸਖ਼ਤ ਕਾਰਵਾਈ ਕੀਤੀ ਗਈ ਹੈ।

ਪੁਲਿਸ ਨੇ ਇੱਕ ਔਰਤ ਸਮੇਤ 9 ਨਾਮਜ਼ਦ ਅਤੇ ਕਈ ਅਣਪਛਾਤੇ ਵਿਅਕਤੀਆਂ ਖ਼?ਲਾਫ਼ ਮਾਮਲਾ ਦਰਜ ਕਰ ਲਿਆ ਹੈ। ਤਾਜ਼ਾ ਜਾਣਕਾਰੀ ਅਨੁਸਾਰ, ਹੁਣ ਤੱਕ 4 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਹੈ, ਜਦਕਿ ਬਾਕੀਆਂ ਦੀ ਭਾਲ ਲਈ ਛਾਪੇਮਾਰੀ ਜਾਰੀ ਹੈ। ਡੀ.ਐੱਸ.ਪੀ. ਕੁਲਦੀਪ ਸਿੰਘ ਨੇ ਤਸਕਰਾਂ ਨੂੰ ਸਖ਼ਤ ਲਹਿਜੇ ਵਿੱਚ ਚਿਤਾਵਨੀ ਦਿੱਤੀ ਹੈ ਕਿ ਨਸ਼ਾ ਵੇਚਣ ਵਾਲੇ ਜਾਂ ਤਾਂ ਇਹ ਕਾਲਾ ਧੰਦਾ ਬੰਦ ਕਰ ਦੇਣ ਜਾਂ ਫਿਰ ਇਲਾਕਾ ਛੱਡ ਕੇ ਚਲੇ ਜਾਣ। ਉਨ੍ਹਾਂ ਸਪੱਸ਼ਟ ਕੀਤਾ ਕਿ ਕਿਸੇ ਵੀ ਹਮਲੇ ਜਾਂ ਦਬਾਅ ਹੇਠ ਨਸ਼ਾ ਵਿਰੋਧੀ ਮੁਹਿੰਮ ਨੂੰ ਰੁਕਣ ਨਹੀਂ ਦਿੱਤਾ ਜਾਵੇਗਾ। ਅਧਿਕਾਰੀਆਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਾ ਮੁਕਤ ਸਮਾਜ ਬਣਾਉਣ ਲਈ ਪੁਲਿਸ ਦਾ ਸਾਥ ਦੇਣ। ਜੇਕਰ ਕੋਈ ਵਿਅਕਤੀ ਨਸ਼ੇ ਦੀ ਦਲਦਲ ਵਿੱਚ ਫਸਿਆ ਹੋਇਆ ਹੈ, ਤਾਂ ਪੁਲਿਸ ਉਸ ਦਾ ਇਲਾਜ ਨਸ਼ਾ ਛੁਡਾਊ ਕੇਂਦਰਾਂ ਵਿੱਚ ਕਰਵਾਉਣ ਲਈ ਹਰ ਸੰਭਵ ਮਦਦ ਕਰੇਗੀ। ਇਲਾਕੇ ਵਿੱਚ ਤਣਾਅ ਨੂੰ ਦੇਖਦਿਆਂ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ ਅਤੇ ਪੁਲਿਸ ਹਰ ਹਰਕਤ 'ਤੇ ਨਜ਼ਰ ਰੱਖ ਰਹੀ ਹੈ।



# ਮੁੱਖ ਮੰਤਰੀ ਨੇ ਜਗਰਾਉਂ ਪਹੁੰਚ ਕੇ ਮਥੁਰਾ ਪੀੜਤ ਪਰਿਵਾਰਾਂ ਨਾਲ ਕੀਤਾ ਦੁੱਖ ਸਾਂਝਾ

## ਦੁੱਖ ਦੀ ਘੜੀ ਵਿੱਚ ਪੀੜਤ ਪਰਿਵਾਰਾਂ ਨਾਲ ਖੜ੍ਹੇ ਹਾਂ : ਮੁੱਖ ਮੰਤਰੀ ਭਗਵੰਤ ਸਿੰਘ ਮਾਨ

ਜ਼ਿਕਰ ਪੰਜਾਬ
ਜਗਰਾਉਂ/ਬਿਊਰੋ

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਜਗਰਾਉਂ ਦਾ ਦੌਰਾ ਕਰਕੇ ਮਥੁਰਾ ਨੇੜੇ ਕਿਸ਼ਤੀ ਪਲਟਣ ਦੀ ਦੁਖਦਾਈ ਘਟਨਾ ਵਿੱਚ ਆਪਣੇ ਅਜ਼ੀਜ਼ ਗੁਆਉਣ ਵਾਲੇ ਪਰਿਵਾਰਾਂ ਨਾਲ ਦੁੱਖ ਸਾਂਝਾ ਕੀਤਾ ਅਤੇ ਪੀੜਤਾਂ ਪਰਿਵਾਰਾਂ ਨੂੰ ਸੰਕਟ ਦੀ ਇਸ ਘੜੀ ਵਿੱਚ ਹਰ ਸੰਭਵ ਸਹਾਇਤਾ ਦਾ ਭਰੋਸਾ ਦਿੱਤਾ। ਇਸ ਘਟਨਾ ਦੌਰਾਨ ਹੋਏ ਜਾਨੀ ਨੁਕਸਾਨ 'ਤੇ ਡੂੰਘਾ ਦੁੱਖ ਪ੍ਰਗਟ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਵ੍ਰਿੰਦਾਵਨ ਦੀ ਯਾਤਰਾ ਦੌਰਾਨ ਯਮੁਨਾ ਨਦੀ ਵਿੱਚ ਪੀੜਤਾਂ ਦੀ ਕਿਸ਼ਤੀ ਪਲਟ ਗਈ, ਜਿਸ ਵਿੱਚੋਂ ਹੁਣ ਤੱਕ 11 ਲਾਸ਼ਾਂ ਬਰਾਮਦ ਹੋਈਆਂ ਹਨ ਅਤੇ ਚਾਰ ਲਾਪਤਾ ਵਿਅਕਤੀਆਂ ਦੀ ਭਾਲ ਜਾਰੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਲਗਾਤਾਰ ਉੱਤਰ ਪ੍ਰਦੇਸ਼ ਸਰਕਾਰ ਦੇ ਸੰਪਰਕ ਵਿੱਚ ਹੈ ਅਤੇ ਪੰਜਾਬ ਵੱਲੋਂ ਬਚਾਅ ਕਾਰਜਾਂ ਵਿੱਚ ਸਹਾਇਤਾ ਲਈ ਗੋਤਾਖੋਰਾਂ ਦੀਆਂ ਟੀਮਾਂ ਪਹਿਲਾਂ ਹੀ ਭੇਜੀਆਂ ਜਾ ਚੁੱਕੀਆਂ ਹਨ। ਜਵਾਬਦੇਹੀ ਅਤੇ ਰੋਕਥਾਮ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਧਾਰਮਿਕ ਸਥਾਨਾਂ 'ਤੇ ਸ਼ਰਧਾਲੂਆਂ ਦੀ ਸੁਰੱਖਿਆ ਨੂੰ ਹਰ ਕੀਮਤ 'ਤੇ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ। ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਉਨ੍ਹਾਂ ਨੇ ਭਵਿੱਖ ਵਿੱਚ ਸੁਰੱਖਿਆ ਪ੍ਰਬੰਧਾਂ ਨੂੰ ਮਜ਼ਬੂਤ ਕਰਨ ਅਤੇ ਅਜਿਹੇ ਦੁਖਾਂਤ ਰੋਕਣ ਲਈ ਇਹ ਮਾਮਲਾ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਕੋਲ ਉਠਾਇਆ ਹੈ। ਮੀਡੀਆ ਨਾਲ ਗੱਲਬਾਤ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 'ਮਥੁਰਾ ਨੇੜੇ ਵਾਪਰੀ ਮੰਦਭਾਗੀ ਘਟਨਾ ਵਿੱਚ ਕੀਮਤੀ ਜਾਨਾਂ ਦੇ ਨੁਕਸਾਨ 'ਤੇ ਬੇਹੱਦ ਦੁੱਖ ਹੋਇਆ ਹੈ। ਮੇਰੀ ਦਿਲੀ ਹਮਦਰਦੀ ਉਨ੍ਹਾਂ ਪਰਿਵਾਰਾਂ ਦੇ ਨਾਲ ਹੈ ਜਿਨ੍ਹਾਂ ਨੇ ਇਸ ਦੁਖਾਂਤ ਵਿੱਚ ਆਪਣੇ ਅਜ਼ੀਜ਼ ਨੂੰ ਗੁਆ ਦਿੱਤਾ ਹੈ। ਪੀੜਤ ਵ੍ਰਿੰਦਾਵਣ ਵਿਖੇ ਮੱਥਾ ਟੇਕਣ ਜਾ ਰਹੇ ਸਨ, ਜਦੋਂ ਉਨ੍ਹਾਂ ਨੂੰ ਲਿਜਾ ਰਹੀ ਕਿਸ਼ਤੀ ਯਮੁਨਾ ਨਦੀ ਵਿੱਚ ਪਲਟ ਗਈ।' ਮੁੱਖ ਮੰਤਰੀ ਨੇ ਦੱਸਿਆ, 'ਹੁਣ ਤੱਕ 11 ਲਾਸ਼ਾਂ ਬਰਾਮਦ ਕੀਤੀਆਂ ਗਈਆਂ ਹਨ, ਜਦੋਂ ਕਿ ਚਾਰ ਲਾਪਤਾ ਵਿਅਕਤੀਆਂ ਦੀ ਭਾਲ ਅਜੇ ਵੀ ਜਾਰੀ ਹੈ। ਪੰਜਾਬ ਸਰਕਾਰ ਵੱਲੋਂ ਬਚਾਅ ਕਾਰਜਾਂ ਵਿੱਚ ਉੱਤਰ ਪ੍ਰਦੇਸ਼ ਦੇ ਅਧਿਕਾਰੀਆਂ ਦੀ ਸਹਾਇਤਾ ਲਈ ਹਾਦਸੇ ਵਾਲੀ ਥਾਂ 'ਤੇ ਗੋਤਾਖੋਰਾਂ ਦੀਆਂ ਟੀਮਾਂ ਵੀ ਭੇਜੀਆਂ ਗਈਆਂ ਹਨ।' ਮੁੱਖ ਮੰਤਰੀ ਨੇ ਕਿਹਾ, 'ਇਸ ਦੁਖਾਂਤ ਵਿੱਚ ਬਚੇ ਲੋਕਾਂ ਨੂੰ ਜ਼ਰੂਰੀ ਡਾਕਟਰੀ ਇਲਾਜ ਮੁਹੱਈਆ ਕਰਵਾਇਆ ਜਾ ਰਿਹਾ ਹੈ। ਮੈਂ ਉੱਤਰ ਪ੍ਰਦੇਸ਼ ਵਿੱਚ ਆਪਣੇ ਹਮਰੁਤਬਾ ਨਾਲ ਲਗਾਤਾਰ ਸੰਪਰਕ ਵਿੱਚ ਹਾਂ ਅਤੇ ਚੱਲ ਰਹੇ ਬਚਾਅ ਅਤੇ ਰਾਹਤ ਕਾਰਜਾਂ ਦੀ ਨੇੜਿਓਂ ਨਿਗਰਾਨੀ ਕਰ ਰਿਹਾ ਹਾਂ।' ਰੋਕਥਾਮ ਉਪਾਵਾਂ ਦੀ ਜ਼ਰੂਰਤ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ, 'ਮੈਂ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਨੂੰ ਅਪੀਲ ਕੀਤੀ ਹੈ ਕਿ ਭਵਿੱਖ ਵਿੱਚ ਅਜਿਹੇ ਪਵਿੱਤਰ ਸਥਾਨਾਂ ਦੀ ਯਾਤਰਾ ਕਰਨ ਵਾਲੇ ਸ਼ਰਧਾਲੂਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇ। ਇਹ ਜ਼ਰੂਰੀ ਹੈ ਕਿ ਸਬੰਧਤ ਸੂਬਾ ਸਰਕਾਰਾਂ ਵੱਲੋਂ ਜਨਤਕ ਮਹੱਤਤਾ ਵਾਲੇ ਸਥਾਨਾਂ 'ਤੇ ਸ਼ਰਧਾਲੂਆਂ ਦੀ ਸੁਰੱਖਿਆ ਲਈ ਸਾਰੇ ਜ਼ਰੂਰੀ ਕਦਮ ਚੁੱਕੇ ਜਾਣ।'

ਹਮਦਰਦੀ ਸਾਂਝੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ, 'ਮੈਂ ਜਾਨਾਂ ਗੁਆਉਣ ਵਾਲਿਆਂ ਦੇ ਪੀੜਤ ਪਰਿਵਾਰਾਂ, ਰਿਸ਼ਤੇਦਾਰਾਂ ਅਤੇ ਦੋਸਤਾਂ ਨਾਲ ਦਿਲੋਂ ਹਮਦਰਦੀ ਪ੍ਰਗਟ ਕਰਦਾ ਹਾਂ। ਮੈਂ ਪਰਮਾਤਮਾ ਅੱਗੇ ਅਰਦਾਸ ਕਰਦਾ ਹਾਂ ਕਿ ਉਹ ਵਿਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਸਦੀਵੀ ਨਿਵਾਸ ਦੇਣ ਅਤੇ ਪਰਿਵਾਰਾਂ ਨੂੰ ਇਹ ਨਾ ਪੂਰਾ ਹੋਣ ਵਾਲੇ ਘਾਟੇ ਨੂੰ ਸਹਿਣ ਦਾ ਬਲ ਬਖਸ਼ਣ। ਪੰਜਾਬ ਸਰਕਾਰ ਇਸ ਸੰਕਟ ਦੀ ਘੜੀ ਵਿੱਚ ਉਨ੍ਹਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ।'





# ਸੂਬਾ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਮਨਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੇਗੀ : ਮਾਨ

ਜ਼ਿਕਰ ਪੰਜਾਬ

**ਚੰਡੀਗੜ੍ਹ/ਬਿਊਰੋ**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਜਾਣ ਵਾਲੇ ਲੜੀਵਾਰ ਸਮਾਗਮਾਂ ਨੂੰ ਅੰਤਿਮ ਰੂਪ ਦਿੱਤਾ। ਇਹ ਫੈਸਲਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਭਵਨ ਵਿਖੇ ਸੰਤ ਸਮਾਜ ਨਾਲ ਮੀਟਿੰਗ ਦੌਰਾਨ ਲਿਆ ਗਿਆ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬਾ ਪੱਧਰੀ ਸਮਾਗਮਾਂ ਅਤੇ ਪਹਿਲਕਦਮੀਆਂ ਦੀ ਲੜੀ ਦੀ ਰੂਪਰੇਖਾ ਤਿਆਰ ਕੀਤੀ। ਇਨ੍ਹਾਂ ਸਮਾਗਮਾਂ ਵਿੱਚ ਸੈਮੀਨਾਰ, ਕੀਰਤਨ ਸਮਾਗਮ, ਯਾਤਰਾਵਾਂ, ਪੌਦੇ ਲਗਾਉਣ ਦੀਆਂ ਮੁਹਿੰਮਾਂ ਅਤੇ 650 ਏਕੜ ਵਿੱਚ 'ਗੁਰੂ ਰਵਿਦਾਸ ਬਗੀਚੀਆਂ' ਲਾਉਣਾ ਸ਼ਾਮਲ ਹੈ ਅਤੇ ਇਸ ਸਬੰਧੀ ਮੁੱਖ ਸਮਾਗਮ ਖੁਰਾਲਗੜ੍ਹ ਵਿਖੇ ਹੋਵੇਗਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 'ਮੈਂ ਆਪਣੇ ਆਪ ਨੂੰ ਭਾਗਾਂ ਵਾਲਾ ਸਮਝਦਾ ਹਾਂ ਕਿ ਮੈਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਅਤੇ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਮਨਾਉਣ ਦਾ ਸੁਭਾਗ ਹਾਸਲ ਹੋਇਆ ਹੈ। ਸੂਬਾ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਮਨਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੇਗੀ ਕਿਉਂਕਿ ਗੁਰੂ ਜੀ ਦੇ ਸੰਦੇਸ਼ ਨੂੰ ਦੁਨੀਆ ਭਰ ਤੱਕ ਪਹੁੰਚਾਉਣਾ ਸਾਡਾ ਸਮੂਹਿਕ ਫਰਜ਼ ਹੈ।' ਉਨ੍ਹਾਂ ਕਿਹਾ, "ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੇ ਹਰ ਭੇਦਭਾਵ ਤੋਂ ਮੁਕਤ ਬਰਾਬਰੀ ਵਾਲੇ ਸਮਾਜ ਦੀ ਕਲਪਨਾ ਕੀਤੀ ਸੀ। ਪੰਜਾਬ ਸਰਕਾਰ ਇਹ ਯਕੀਨੀ ਬਣਾਏਗੀ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਅਗਾਮੀ 650ਵੇਂ ਪ੍ਰਕਾਸ਼ ਪੁਰਬ ਨੂੰ ਵੱਡੇ ਪੱਧਰ 'ਤੇ ਮਨਾਇਆ ਜਾਵੇ।



ਅਸੀਂ ਹਾਲ ਹੀ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਿਤ ਵੱਖ-ਵੱਖ ਸਮਾਗਮ ਕਰਵਾਏ ਸਨ। ਸਮਾਗਮ ਦੀਆਂ ਤਿਆਰੀਆਂ ਦਾ ਜ਼ਿਕਰ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਨੇ ਸਾਂਝਾ ਕੀਤਾ, "ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸ਼ਾਨਦਾਰ ਢੰਗ ਨਾਲ ਮਨਾਉਣ ਲਈ ਸਾਲ ਭਰ ਚੱਲਣ ਵਾਲੇ ਸਮਾਗਮਾਂ ਦੀ ਯੋਜਨਾ ਉਲੀਕੀ ਗਈ ਹੈ। ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੇ ਸਮੁੱਚੀ ਮਨੁੱਖਤਾ ਦੀ ਭਲਾਈ ਅਤੇ ਸਾਰੇ ਵਰਗਾਂ ਦੀ ਬਰਾਬਰੀ ਦਾ ਸੰਦੇਸ਼ ਦਿੱਤਾ ਅਤੇ ਅਜਿਹੇ ਸਮਾਨਤਾਵਾਦੀ ਸਮਾਜ ਦੀ ਨੀਂਹ ਰੱਖੀ ਜਿੱਥੇ ਕੋਈ ਵੀ ਦੁਖੀ ਨਾ ਹੋਵੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸਾਡੀ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਅਤੇ ਸਿਧਾਂਤਾਂ ਦੇ ਆਧਾਰ 'ਤੇ ਸਮਾਜ ਦੀ ਉਸਾਰੀ ਲਈ ਵਚਨਬੱਧ ਹੈ, ਜੋ ਮਨੁੱਖਤਾ ਨੂੰ ਬਰਾਬਰੀ ਵੱਲ ਸੇਧਿਤ ਕਰਦੇ ਰਹਿੰਦੇ ਹਨ। ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਗਰੀਬਾਂ ਅਤੇ ਪਛੜੇ ਵਰਗ ਦੇ ਲੋਕਾਂ ਲਈ ਮਹਾਨ ਅਧਿਆਤਮਿਕ ਦੂਤ ਅਤੇ ਮਸੀਹਾ ਸਨ, ਜਿਨ੍ਹਾਂ ਨੇ ਸਾਨੂੰ ਨੈਤਿਕ ਜੀਵਨ ਜਿਉਣ ਦੀ ਸੇਧ ਦਿੱਤੀ। ਇਹ ਪ੍ਰਕਾਸ਼ ਪੁਰਬ ਇੱਕ ਅਜਿਹਾ ਸਮਾਜ ਸਿਰਜਣ ਲਈ ਆਪਣੇ ਆਪ ਨੂੰ ਦੁਬਾਰਾ ਸਮਰਪਿਤ ਕਰਨ ਦਾ ਮੌਕਾ ਹੈ ਜਿੱਥੇ ਹਰ ਵਿਅਕਤੀ ਸਵੈ-ਮਾਣ ਅਤੇ ਸਨਮਾਨ ਨਾਲ ਵਿਤਕਰੇ ਤੋਂ ਮੁਕਤ ਰਹਿੰਦਾ ਹੈ। ਮੁੱਖ ਮੰਤਰੀ ਨੇ ਕਿਹਾ, 'ਮੈਂ ਸੰਤ ਸਮਾਜ ਨੂੰ 650ਵੇਂ ਪ੍ਰਕਾਸ਼ ਪੁਰਬ ਮੌਕੇ ਵਿਸ਼ਵਵਿਆਪੀ ਜਸ਼ਨਾਂ ਲਈ ਮਾਰਗਦਰਸ਼ਨ ਕਰਨ ਅਤੇ ਸੁਝਾਅ ਦੇਣ ਦੀ ਅਪੀਲ ਕਰਦਾ ਹਾਂ। ਇਹ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ ਕਿ ਇਹ ਜਸ਼ਨ ਮੇਰੇ ਕਾਰਜਕਾਲ ਦੌਰਾਨ ਮਨਾਏ ਜਾ ਰਹੇ ਹਨ।

ਸਾਡੀ ਸਰਕਾਰ ਇਹ ਸਮਾਗਮ ਸਭ ਤੋਂ ਢੁਕਵੇਂ ਢੰਗ ਨਾਲ ਮਨਾਉਣਾ ਯਕੀਨੀ ਬਣਾਏਗੀ। ਮੈਂ ਸੰਤ ਸਮਾਜ ਨੂੰ ਪ੍ਰੋਗਰਾਮਾਂ ਨੂੰ ਉਲੀਕਣ ਲਈ ਆਪਣੇ ਸੁਝਾਵਾਂ ਨਾਲ ਸਾਡਾ ਮਾਰਗਦਰਸ਼ਨ ਕਰਨ ਦੀ ਅਪੀਲ ਕਰਦਾ ਹਾਂ।' ਸਾਲ ਭਰ ਚੱਲਣ ਵਾਲੇ ਜਸ਼ਨਾਂ ਵਿੱਚ ਸੈਮੀਨਾਰ ਅਤੇ ਵਰਕਸ਼ਾਪਾਂ, ਵਿਸ਼ੇਸ਼ ਕੀਰਤਨ ਸਮਾਗਮ, ਤੀਰਥ ਯਾਤਰਾ, ਸਕੂਲ ਵਾਰ ਮੁਕਾਬਲੇ, ਦਸਤਾਵੇਜ਼ੀ ਸ਼ੋਅ, ਡਰੋਨ ਸ਼ੋਅ, ਖੂਨਦਾਨ ਕੈਂਪ, ਪੌਦੇ ਲਾਉਣ ਦੀ ਮੁਹਿੰਮ ਚਲਾਉਣ ਦਾ ਫ਼ੈਸਲਾ ਕੀਤਾ ਗਿਆ ਹੈ। ਇਹ ਮੁੱਖ ਸਮਾਗਮ ਖੁਰਾਲਗੜ੍ਹ ਵਿਖੇ ਕਰਵਾਉਣ ਦਾ ਫੈਸਲਾ ਲਿਆ ਗਿਆ ਹੈ। ਗੁਰੂ ਰਵਿਦਾਸ ਜੀ ਬਗੀਚੀਆਂ ਦੀ ਸਥਾਪਨਾ ਪੰਜਾਬ ਭਰ ਵਿੱਚ ਕੁੱਲ 650 ਏਕੜ ਪੰਚਾਇਤੀ ਜ਼ਮੀਨ 'ਤੇ ਪ੍ਰਤੀ ਜ਼ਿਲ੍ਹਾ ਔਸਤਨ 6.50 ਲੱਖ ਪੌਦੇ ਲਾਉਣ ਦੀ ਮੁਹਿੰਮ ਦੇ ਨਾਲ-ਨਾਲ ਮੈਰਾਥਨ, ਸ਼ੋਭਾ ਯਾਤਰਾਵਾਂ, ਸਾਈਕਲ ਰੈਲੀਆਂ ਅਤੇ ਹੋਰਨਾਂ ਪ੍ਰੋਗਰਾਮਾਂ ਰਾਹੀਂ ਕੀਤੀ ਜਾਵੇਗੀ। 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮੁੱਖ ਸਮਾਗਮ ਵਿੱਚ ਗੁਰੂ ਰਵਿਦਾਸ ਜੀ ਦੇ ਜੀਵਨ 'ਤੇ ਪ੍ਰਦਰਸ਼ਨੀ ਦਾ ਉਦਘਾਟਨ, ਕਥਾ ਅਤੇ ਕੀਰਤਨ ਦਰਬਾਰ, ਸ੍ਰੀ ਗੁਰੂ ਰਵਿਦਾਸ ਜੀ ਦੇ ਯੋਗਦਾਨ ਨੂੰ ਸਮਰਪਿਤ ਸੰਤ ਸੰਮੇਲਨ, ਮੀਨਾਰ-ਏ-ਬੇਗਮਪੁਰਾ ਵਿਖੇ 3ਡੀ ਪ੍ਰੋਜੈਕਸ਼ਨ, ਡਰੋਨ ਸ਼ੋਅ, ਗੁਰੂ ਰਵਿਦਾਸ ਜੀ ਦੀ ਬਾਣੀ 'ਤੇ ਕਾਨਫਰੰਸ ਅਤੇ ਹੋਰ ਪ੍ਰੋਗਰਾਮ ਸ਼ਾਮਲ ਹੋਣਗੇ। ਇਸ ਮੌਕੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ, ਤਰੁਨਪ੍ਰੀਤ ਸਿੰਘ ਸੌਂਦ, ਲਾਲ ਚੰਦ ਕਟਾਰੂਚੱਕ ਅਤੇ ਡਾ. ਰਵਜੋਤ, ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ, ਸਲਾਹਕਾਰ, ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਦੀਪਕ ਬਾਲੀ ਅਤੇ ਹੋਰ ਵੀ ਮੌਜੂਦ ਸਨ।

# ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਮਲੋਟ ਵਿਖੇ ਕਣਕ ਦੀ ਸਰਕਾਰੀ ਖਰੀਦ ਦੀ ਕਰਵਾਈ ਸ਼ੁਰੂਆਤ

ਜ਼ਿਕਰ ਪੰਜਾਬ

**ਮਲੋਟ/ਨਰਿੰਦਰ ਵਧਵਾ**



ਡਾ.ਬਲਜੀਤ ਕੌਰ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਪੰਜਾਬ ਨੇ ਅੱਜ ਮਲੋਟ ਦੀ ਅਨਾਜ ਮੰਡੀ ਵਿੱਚ ਕਣਕ ਦੀ ਬੋਲੀ ਲਗਾ ਕੇ ਸਰਕਾਰੀ ਖਰੀਦ ਦੀ ਸੁ?ਰੂਆਤ ਕਰਵਾਈ ਅਤੇ ਮਾਰਕੀਟ ਕਮੇਟੀ ਦੇ ਆਹੁਦੇਦਾਰਾਂ, ਪਤਵੰਤੇ ਵਿਅਕਤੀਆਂ ਅਤੇ ਕਿਸਾਨਾਂ ਨੂੰ ਵਧਾਈ ਦਿੱਤੀ। ਉਹਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਕਣਕ ਦੀ ਫਸਲ ਅਨਾਜ ਮੰਡੀਆਂ ਵਿੱਚ ਸਾਫ ਸੁਥਰੀ ਅਤੇ ਸੁੱਕੀ ਲੈ ਕੇ ਆਉਣ ਤਾਂ ਜੋਂ ਅਨਾਜ ਮੰਡੀਆਂ ਵਿੱਚ ਉਹਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਹਨਾਂ ਅੱਗੇ ਕਿਹਾ ਕਿ ਪੂਰੇ ਪੰਜਾਬ ਵਿਚ ਕਣਕ ਦੀ ਸਰਕਾਰੀ ਖਰੀਦ ਸੁਰੂ ਹੋ ਚੁੱਕੀ ਹੈ ਪਰ ਲਗਾਤਾਰ ਪਈ ਬਰਸਾਤ ਕਾਰਨ ਕਣਕ ਮੰਡੀਆਂ ਵਿਚ ਦੇਰੀ ਨਾਲ ਆਉਣੀ ਸੁਰੂ ਹੋਈ ਹੈ। ਉਨ੍ਹਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਕਿਹਾ ਕਿ ਕਣਕ ਦੀ ਖਰੀਦ ਦੇ ਸਰਕਾਰੀ ਪ੍ਰਬੰਧ ਪੂਰੀ ਤਰਾਂ ਮੁਕੰਮਲ ਹੋ ਚੁੱਕੇ ਹਨ, ਕਿਸੇ ਵੀ ਤਰਾਂ ਦੀ ਕਿਸਾਨਾ ਨੂੰ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ । ਉਨਾਂ ਨੇ ਕਿਹਾ ਕੇ ਬਰਸਾਤ ਅਤੇ ਗੜੇਮਾਰੀ ਕਾਰਨ ਫਸਲਾਂ ਦਾ ਭਾਰੀ ਨੁਕਸਾਨ ਹੋਇਆ , ਉਥੇ ਗਿਰਦਾਵਰੀ ਕਰਵਾਈ ਜਾ ਰਹੀ ਹੈ ਤਾਂ ਜੋ ਕਿਸਾਨਾਂ ਨੂੰ ਯੋਗ ਮੁਆਵਜ਼ਾ ਰਾਸ਼ੀ ਦਿੱਤੀ ਜਾਵੇਗੀ ਉਹਨਾਂ ਅੱਗੇ ਕਿਹਾ ਕਿ ਅਗਰ ਕੋਈ ਸਰਕਾਰੀ ਅਧਿਕਾਰੀ ਜਾਂ ਕਰਮਚਾਰੀ ਕਿਸਾਨਾਂ ਨੂੰ ਨਜਾਇਜ ਤੌਰ ਤੇ ਤੰਗ ਪ੍ਰੇਸ਼ਾਨੀ ਕਰਦਾ ਪਾਇਆ ਜਾਂਦਾ ਹੈ ਤਾਂ ਉਸਨੂੰ ਕਿਸੇ ਵੀ ਕੀਮਤ ਤੇ ਬਖਸ਼ਿਆ ਨਹੀਂ ਜਾਵੇਗਾ । ਇਸ ਮੌਕੇ ਤੇ ਚੇਅਰਮੈਨ ਸ.ਜਸ਼ਨ ਸਿੰਘ ਬਰਾੜ, ਐਸ.ਡੀ.ਐਮ. ਮਲੋਟ ਪੰਕਜ ਕੁਮਾਰ, ਸਕੱਤਰ ਮਾਰਕੀਟ ਕਮੇਟੀ ਮਲੋਟ ਮਨਦੀਪ ਰਹੇਜਾ, ਸੁਨੀਸ਼ ਗੋਇਲ, ਰਮਨ ਸਪਰਾ, ਹਰਪ੍ਰੀਤ ਸਿੰਘ, ਰਾਮ ਕੁਮਾਰ ਰੰਮੀ ਸੰਦੀਪ ਸਿੰਘ ਗੋਰਾ, ਸੰਦੀਪ ਕੁਮਾਰ ਮੰਡੀ ਸੁਪਰਵਾਈਜਰ, ਕੱਚਾ ਆੜਤੀਆਂ ਐਸੋਸੀਏਸ਼ਨ ਦੇ ਆਹੁਦੇਦਾਰਾਂ ਤੋਂ ਇਲਾਵਾ ਵੱਖ—ਵੱਖ ਖਰੀਦ ਏਜੰਸੀਆਂ ਦੇ ਅਧਿਕਾਰੀ ਵੀ ਮੌਜੂਦ ਸਨ।

# ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਖੇਡ ਮੈਦਾਨ ਦਾ ਉਦਘਾਟਨ ਕੀਤਾ

ਜ਼ਿਕਰ ਪੰਜਾਬ

**ਲੁਧਿਆਣਾ/ਵਾਸੂ ਜੇਤਲੀ**

ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਐਤਵਾਰ ਨੂੰ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਇੱਕ ਨਵੇਂ ਵਿਕਸਤ ਖੇਡ ਮੈਦਾਨ ਦਾ ਉਦਘਾਟਨ ਕੀਤਾ, ਜੋ ਕਿ ਖੇਤਰ ਵਿੱਚ ਖੇਡ ਬੁਨਿਆਦੀ ਢਾਂਚੇ ਅਤੇ ਨੌਜਵਾਨਾਂ ਦੀ ਸ਼ਮੂਲੀਅਤ ਨੂੰ ਉਤਸ਼ਾਹਿਤ ਕਰਨ ਵੱਲ ਇੱਕ ਵੱਡਾ ਕਦਮ ਹੈ। ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਝਰ ਅਤੇ ਕੁਲਵੰਤ ਸਿੰਘ ਸਿੱਧੂ ਸਮੇਤ ਹੋਰ ਅਧਿਕਾਰੀ ਵੀ ਮੌਜੂਦ ਸਨ। ਇਕੱਠ ਨੂੰ ਸੰਬੋਧਨ ਕਰਦੇ ਹੋਏ, ਅਰੋੜਾ ਨੇ ਨੌਜਵਾਨਾਂ ਵਿੱਚ ਸਰੀਰਕ ਤੰਦਰੁਸਤੀ ਅਤੇ ਮਾਨਸਿਕ ਤੰਦਰੁਸਤੀ ਬਣਾਈ ਰੱਖਣ ਵਿੱਚ ਖੇਡਾਂ ਦੀ ਮਹੱਤਵਪੂਰਨ ਭੂਮਿਕਾ 'ਤੇ ਚਾਨਣਾ ਪਾਇਆ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਖੇਡਾਂ ਵਿੱਚ ਸਰਗਰਮ ਭਾਗੀਦਾਰੀ ਨੌਜਵਾਨਾਂ ਨੂੰ ਨਸ਼ਿਆਂ ਦੀ ਦੁਰਵਰਤੋਂ ਤੋਂ ਦੂਰ ਰੱਖਣ ਅਤੇ ਉਨ੍ਹਾਂ ਨੂੰ ਸਕਾਰਾਤਮਕ ਅਤੇ ਉਤਪਾਦਕ ਮਾਰਗ ਵੱਲ ਲੈ ਜਾਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦੀ ਹੈ। "ਖੇਡਾਂ ਨੌਜਵਾਨਾਂ ਦੀ ਊਰਜਾ ਨੂੰ ਰਚਨਾਤਮਕ ਢੰਗ ਨਾਲ ਚਲਾਉਣ ਲਈ ਇੱਕ ਸ਼ਾਨਦਾਰ ਪਲੇਟਫਾਰਮ ਪ੍ਰਦਾਨ ਕਰਦੀਆਂ ਹਨ। ਇਹ ਨਾ ਸਿਰਫ਼ ਅਨੁਸ਼ਾਸਨ ਅਤੇ ਟੀਮ ਵਰਕ ਦਾ ਨਿਰਮਾਣ ਕਰਦੀਆਂ ਹਨ ਬਲਕਿ ਜ਼ਿੰਮੇਵਾਰ ਨਾਗਰਿਕਾਂ ਨੂੰ ਬਣਾਉਣ ਵਿੱਚ ਵੀ ਮਦਦ ਕਰਦੀਆਂ ਹਨ,"ਉਨ੍ਹਾਂ ਕਿਹਾ। ਕੈਬਨਿਟ ਮੰਤਰੀ ਨੇ ਅੱਗੇ ਐਲਾਨ ਕੀਤਾ ਕਿ ਪੰਜਾਬ ਸਰਕਾਰ ਸੂਬੇ ਭਰ ਦੇ ਪਿੰਡਾਂ ਵਿੱਚ ਖੇਡ ਮੈਦਾਨ ਵਿਕਸਤ ਕਰਨ ਲਈ ਸਰਗਰਮੀ ਨਾਲ ਕੰਮ ਕਰ ਰਹੀ ਹੈ।



ਇਸ ਪਹਿਲ ਦਾ ਉਦੇਸ਼ ਦੁਪਹਿਰ 3 ਵਜੇ ਤੋਂ ਬਾਅਦ ਖੇਡ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਭਾਈਚਾਰਕ-ਮੁਖੀ ਉਪਰਾਲੇ ਗੁਣਵੱਤਾ ਵਾਲੀਆਂ ਖੇਡ ਸਹੂਲਤਾਂ ਤੱਕ ਪਹੁੰਚ ਨੂੰ ਮਹੱਤਵਪੂਰਨ ਤੌਰ 'ਤੇ ਵਧਾਉਂਦੇ ਹਨ। ਅਰੋੜਾ ਨੇ ਇਹ ਵੀ ਦੱਸਿਆ ਕਿ ਨਵਾਂ ਉਦਘਾਟਨ ਕੀਤਾ ਗਿਆ ਮੈਦਾਨ ਵਾਲੀਬਾਲ, ਕ੍ਰਿਕਟ, ਫੁੱਟਬਾਲ ਅਤੇ ਪਿਕਲਬਾਲ ਸਮੇਤ ਕਈ ਖੇਡਾਂ ਲਈ ਸਹੂਲਤਾਂ ਨਾਲ ਲੈਸ ਹੈ, ਜੋ ਉਭਰ ਰਹੇ ਖਿਡਾਰੀਆਂ ਨੂੰ ਸਿਖਲਾਈ ਅਤੇ ਉੱਤਮਤਾ ਪ੍ਰਾਪਤ ਕਰਨ ਲਈ ਇੱਕ ਵਿਆਪਕ ਜਗ?ਹਾ ਪ੍ਰਦਾਨ ਕਰਦਾ ਹੈ।

# ਕੈਬਨਿਟ ਮੰਤਰੀ ਖੁੱਡੀਆਂ ਨੇ ਕੇਂਦਰ ਨੂੰ ਫਸਲਾਂ ਦੇ ਨੁਕਸਾਨ ਦਾ ਮੁਲਾਂਕਣ ਕਰਨ ਲਈ ਟੀਮ ਭੇਜਣ ਦੀ ਕੀਤੀ ਅਪੀਲ

## ਪੰਜਾਬ ਵਿੱਚ 1.30 ਲੱਖ ਏਕੜ ਮੀਂਹ, ਗੜੇਮਾਰੀਤੁਰੰਤ ਰਾਹਤ ਦੀ ਮੰਗ ਕੀਤੀ

ਜ਼ਿਕਰ ਪੰਜਾਬ

**ਗਿੱਦੜਬਾਹਾ/ਨਰਿੰਦਰ ਵਧਵਾ**

ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਰਾਜ ਵਿੱਚ ਹਾਲ ਹੀ ਵਿੱਚ ਹੋਈ ਭਾਰੀ ਬਾਰਿਸ਼ ਅਤੇ ਗੜੇਮਾਰੀ ਕਾਰਨ ਕਣਕ ਅਤੇ ਹੋਰ ਹਾੜੀ ਦੀਆਂ ਫਸਲਾਂ ਨੂੰ ਹੋਏ ਨੁਕਸਾਨ ਦਾ ਮੁਲਾਂਕਣ ਕਰਨ ਲਈ ਤੁਰੰਤ ਇੱਕ ਉੱਚ ਪੱਧਰੀ ਟੀਮ ਭੇਜੇ।ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼੍ਰੀ ਸ਼ਿਵਰਾਜ ਸਿੰਘ ਚੌਹਾਨ ਨੂੰ ਲਿਖੇ ਇੱਕ ਪੱਤਰ ਵਿੱਚ ਸ. ਗੁਰਮੀਤ ਸਿੰਘ ਖੁੱਡੀਆਂ ਨੇ ਰਾਜ ਵਿੱਚ ਕਣਕ ਦੀਆਂ ਫਸਲਾਂ 'ਤੇ ਹਾਲ ਹੀ ਦੇ ਮਾੜੇ ਮੌਸਮ ਦੇ ਗੰਭੀਰ ਪ੍ਰਭਾਵ ਨੂੰ ਉਜਾਗਰ ਕੀਤਾ, ਜਦੋਂ ਕਿ ਇਹ ਦੱਸਦੇ ਹੋਏ ਕਿ ਮੌਜੂਦਾ ਹਾੜੀ ਸੀਜ਼ਨ ਦੌਰਾਨ 35 ਲੱਖ ਹੈਕਟੇਅਰ ਰਕਬੇ ਵਿੱਚ ਕਣਕ ਦੀ ਬਿਜਾਈ ਕੀਤੀ ਗਈ ਸੀ, ਨੇ ਬੰਪਰ ਝਾੜ ਦਾ ਵਾਅਦਾ ਕੀਤਾ ਸੀ, ਪਰ ਲਗਾਤਾਰ ਬਾਰਿਸ਼ ਅਤੇ ਗੜੇਮਾਰੀ ਨੇ ਕਾਫ਼ੀ ਨੁਕਸਾਨ ਪਹੁੰਚਾਇਆ ਹੈ, ਜਿਸ ਨਾਲ ਕਿਸਾਨ ਭਾਈਚਾਰੇ ਨੂੰ ਡੂੰਘੀ ਮੁਸੀਬਤ ਵਿੱਚ ਧੱਕ ਦਿੱਤਾ ਹੈ। ਰਾਜ ਖੇਤੀਬਾੜੀ ਵਿਭਾਗ ਦੇ ਮੁੱਢਲੇ ਮੁਲਾਂਕਣ ਅਨੁਸਾਰ, 1.30 ਲੱਖ ਏਕੜ ਤੋਂ ਵੱਧ ਰਕਬੇ ਵਿੱਚ ਫਸਲ ਦਾ ਨੁਕਸਾਨ ਹੋਇਆ ਹੈ। ਮੀਂਹ ਜਾਰੀ ਰਹਿਣ ਨਾਲ ਨੁਕਸਾਨ ਫੈਲ ਰਿਹਾ ਹੈ ਅਤੇ ਅੰਤਿਮ ਅੰਕੜਾ ਵੱਧ ਸਕਦਾ ਹੈ,



ਸ. ਖੁੱਡੀਆਂ ਨੇ ਦੱਸਿਆ।ਉਨ੍ਹਾਂ ਅੱਗੇ ਕਿਹਾ ਕਿ ਨੁਕਸਾਨ ਸਿਰਫ਼ ਕਣਕ ਤੱਕ ਹੀ ਸੀਮਿਤ ਨਹੀਂ ਹੈ, ਫਾਜ਼ਿਲਕਾ, ਫਿਰੋਜ਼ਪੁਰ, ਸ੍ਰੀ ਮੁਕਤਸਰ ਸਾਹਿਬ, ਬਠਿੰਡਾ, ਅੰਮ੍ਰਿਤਸਰ, ਮੋਗਾ ਅਤੇ ਮਾਨਸਾ ਸਮੇਤ ਕਈ ਜ਼ਿਲ੍ਹਿਆਂ ਵਿੱਚ ਸਬਜ਼ੀਆਂ, ਚਾਰਾ ਅਤੇ ਹੋਰ ਹਾੜੀ ਦੀਆਂ ਫਸਲਾਂ ਨੂੰ ਵੀ ਨੁਕਸਾਨ ਪਹੁੰਚਿਆ ਹੈ। ਫਸਲਾਂ ਦੇ ਨੁਕਸਾਨ ਨਾਲ ਕਿਸਾਨਾਂ ਦੀ ਰੋਜ਼ੀ-ਰੋਟੀ ਅਤੇ ਰਾਜ ਦੀ ਖੇਤੀਬਾੜੀ ਆਰਥਿਕਤਾ ਨੂੰ ਖ਼ਤਰਾ ਪੈਦਾ ਹੋ ਰਿਹਾ ਹੈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੰਕਟ ਦਾ ਸਾਹਮਣਾ ਕਰਨ ਲਈ ਕੀਤੇ ਜਾ ਰਹੇ ਯਤਨਾਂ ਦਾ ਵੇਰਵਾ ਦਿੰਦੇ ਹੋਏ ਸ. ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਸੂਬੇ ਨੇ ਫਸਲਾਂ ਦੇ ਨੁਕਸਾਨ ਦਾ ਮੁਲਾਂਕਣ ਕਰਨ ਲਈ ਪਹਿਲਾਂ ਹੀ ਇੱਕ ਵਿਸ਼ੇਸ਼ ਗਿਰਦਾਵਰੀ ਦੇ ਹੁਕਮ ਦੇ ਦਿੱਤੇ ਹਨ। ਨੁਕਸਾਨ ਦੇ ਪੈਮਾਨੇ ਅਤੇ ਕਿਸਾਨਾਂ 'ਤੇ ਵਿੱਤੀ ਦਬਾਅ ਨੂੰ ਦੇਖਦੇ ਹੋਏ, ਉਨ੍ਹਾਂ ਨੇ ਕੇਂਦਰ ਤੋਂ ਤੁਰੰਤ ਰਾਹਤ ਅਤੇ ਮੁਆਵਜ਼ਾ ਮੰਗਿਆ। ਸ. ਖੁੱਡੀਆਂ ਨੇ ਜ਼ੋਰ ਦੇ ਕੇ ਕਿਹਾ ਕਿ ਵਿਸਤ੍ਰਿਤ ਮੁਲਾਂਕਣ ਲਈ ਇੱਕ ਕੇਂਦਰੀ ਟੀਮ ਦੀ ਤੁਰੰਤ ਲੋੜ ਹੈ, ਜਦੋਂ ਕਿ ਇਹ ਭਰੋਸਾ ਦਿਵਾਇਆ ਕਿ ਰਾਜ ਸਰਕਾਰ ਆਪਣੇ ਕਿਸਾਨਾਂ ਦੀ ਸਹਾਇਤਾ ਲਈ ਵਚਨਬੱਧ ਹੈ ਅਤੇ ਕੇਂਦਰੀ ਟੀਮ ਨੂੰ ਹਰ ਜ਼ਰੂਰੀ ਸਹਿਯੋਗ ਅਤੇ ਸਹਾਇਤਾ ਦੇਵੇਗੀ।

# ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਲੁਧਿਆਣਾ ਵਿੱਚ ਵ੍ਰਿੰਦਾਵਣ ਕਿਸ਼ਤੀ ਹਾਦਸੇ ਦੇ ਪੀੜਤ ਪਰਿਵਾਰਾਂ ਨਾਲ ਕੀਤਾ ਦੁੱਖ ਸਾਂਝਾ

ਜ਼ਿਕਰ ਪੰਜਾਬ

**ਲੁਧਿਆਣਾ/ਤਮੰਨਾ ਬੇਦੀ**

ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਵਿਧਾਇਕ ਕੁਲਵੰਤ ਸਿੰਘ ਸਿੱਧੂ ਦੇ ਨਾਲ ਵ੍ਰਿੰਦਾਵਣ ਵਿੱਚ ਕਿਸ਼ਤੀ ਪਲਟਣ ਦੀ ਦੁਖਦਾਈ ਘਟਨਾ ਵਿੱਚ ਆਪਣੇ ਅਜ਼ੀਜ਼ ਗੁਆਉਣ ਵਾਲੇ ਪੀੜਤ ਪਰਿਵਾਰਾਂ ਨਾਲ ਐਤਵਾਰ ਨੂੰ ਲੁਧਿਆਣਾ ਵਿੱਚ ਮੁਲਾਕਾਤ ਕੀਤੀ। ਸੰਜੀਵ ਅਰੋੜਾ ਨੇ ਇਸ ਬਹੁਤ ਹੀ ਔਖੇ ਸਮੇਂ ਦੌਰਾਨ ਦੁਖੀ ਪਰਿਵਾਰਾਂ ਨਾਲ ਹਮਦਰਦੀ ਦਾ ਪ੍ਰਗਟਾਵਾਂ ਕਰਨ ਲਈ ਰਾਕੇਸ਼ ਗੁਲਾਟੀ ਅਤੇ ਉਨ੍ਹਾਂ ਦੀ ਪਤਨੀ ਅੰਜੂ ਗੁਲਾਟੀ ਦੇ ਘਰ ਅਤੇ ਵੱਖਰੇ ਤੌਰ 'ਤੇ ਮੀਨੂ ਬਾਂਸਲ ਅਤੇ ਉਨ੍ਹਾਂ ਦੀ ਧੀ ਡਿੰਕੀ ਬਾਂਸਲ ਦੇ ਘਰ ਦਾ ਦੌਰਾ ਕੀਤਾ। ਮੰਤਰੀ ਸੰਜੀਵ ਅਰੋੜਾ ਨੇ ਪਰਿਵਾਰਕ





ਮੈਂਬਰਾਂ ਨਾਲ ਬੈਠ ਕੇ ਉਨ੍ਹਾਂ ਦੇ ਦੁੱਖ ਵਿੱਚ ਹਿੱਸਾ ਲਿਆ। ਉਨ੍ਹਾਂ ਕਿਹਾ ਕਿ ਕੋਈ ਵੀ ਸ਼ਬਦ ਸੱਚਮੁੱਚ ਆਪਣੇ ਪਿਆਰੇ ਨੂੰ ਗੁਆਉਣ ਦੇ ਦਰਦ ਨੂੰ ਘੱਟ ਨਹੀਂ ਕਰ ਸਕਦੇ ਅਤੇ ਉਹ ਸਿਰਫ਼ ਇੱਕ ਮੰਤਰੀ ਵਜੋਂ ਨਹੀਂ, ਸਗੋਂ ਇੱਕ ਇਨਸਾਨ ਵਜੋਂ ਉਨ੍ਹਾਂ ਦੇ ਦੁੱਖ ਵਿੱਚ ਉਨ੍ਹਾਂ ਦੇ ਨਾਲ ਖੜ੍ਹੇ ਹੋਣ ਲਈ ਆਏ ਹਨ। ਉਨ੍ਹਾਂ ਨੇ ਇਸ ਦੁਖਾਂਤ ਦਾ ਕਾਰਨ ਬਣੀ ਲਾਪਰਵਾਹੀ ਦੀ ਸਖ਼ਤ ਆਲੋਚਨਾ ਕਰਦਿਆਂ ਜ਼ਿੰਮੇਵਾਰ ਲੋਕਾਂ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਇਹ ਘਟਨਾ ਸਿਰਫ਼ ਇੱਕ ਹਾਦਸਾ ਨਹੀਂ ਸੀ, ਸਗੋਂ ਲਾਪਰਵਾਹੀ ਦਾ ਨਤੀਜਾ ਸੀ ਅਤੇ ਕਿਸ਼ਤੀ ਦਾ ਪ੍ਰਬੰਧਨ ਕਰਨ ਵਾਲਿਆਂ ਨੂੰ ਜਵਾਬਦੇਹ ਠਹਿਰਾਇਆ ਜਾਣਾ ਚਾਹੀਦਾ ਹੈ। ਉਨ੍ਹਾਂ ਉੱਚ ਪੱਧਰੀ ਅਤੇ ਸਮਾਂਬੱਧ ਜਾਂਚ ਦੀ ਮੰਗ ਕਰਦਿਆਂ ਕਿਹਾ ਕਿ ਜ਼ਿੰਮੇਵਾਰਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਹੋਣੀ ਚਾਹੀਦੀ ਹੈ ਅਤੇ ਜ਼ਿੰਮੇਵਾਰ ਲੋਕ ਕਿਸੇ ਵੀ ਕੀਮਤ 'ਤੇ ਬਚਣੇ ਨਹੀਂ ਚਾਹੀਦੇ। ਸੰਜੀਵ ਅਰੋੜਾ ਨੇ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਉੱਤਰ ਪ੍ਰਦੇਸ਼ ਸਰਕਾਰ ਨਾਲ ਤਾਲਮੇਲ ਕਰੇਗੀ ਤਾਂ ਜੋ ਇਨਸਾਫ਼ ਜਲਦੀ ਮਿਲੇ ਅਤੇ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਦੁਬਾਰਾ ਨਾ ਵਾਪਰਨ। ਉਨ੍ਹਾਂ ਪਰਿਵਾਰਾਂ ਨੂੰ ਸਰਕਾਰ ਅਤੇ ਖੁਦ ਦੋਵਾਂ ਵੱਲੋਂ ਪੂਰਾ ਸਮਰਥਨ ਦੇਣ ਦਾ ਭਰੋਸਾ ਦਿੱਤਾ। ਉਨ੍ਹਾਂ ਪਰਿਵਾਰਾਂ ਨੂੰ ਕਿਹਾ ਕਿ ਉਹ ਮਦਦ ਲਈ ਕਿਸੇ ਵੀ ਸਮੇਂ ਉਨ੍ਹਾਂ ਤੱਕ ਪਹੁੰਚ ਕਰ ਸਕਦੇ ਹਨ ਅਤੇ ਇਸ ਮੁਸ਼ਕਲ ਸਮੇਂ ਦੌਰਾਨ ਉਨ੍ਹਾਂ ਨੂੰ ਇਕੱਲੇ ਨਹੀਂ ਛੱਡਿਆ ਜਾਵੇਗਾ। ਵਿਧਾਇਕ ਕੁਲਵੰਤ ਸਿੰਘ ਸਿੱਧੂ ਜੋ ਦੌਰੇ ਦੌਰਾਨ ਮੌਜੂਦ ਸਨ, ਨੇ ਮੰਤਰੀ ਸੰਜੀਵ ਅਰੋੜਾ ਦੇ ਬਿਆਨਾਂ ਦਾ ਸਮਰਥਨ ਕੀਤਾ ਅਤੇ ਸਥਾਨਕ ਪੱਧਰ 'ਤੇ ਹਰ ਜ਼ਰੂਰੀ ਸਹਾਇਤਾ ਪ੍ਰਦਾਨ ਕਰਨ ਦਾ ਵਾਅਦਾ ਕੀਤਾ। ਐਤਵਾਰ ਨੂੰ ਮੀਨੂੰ ਬਾਂਸਲ ਦੀ ਧੀ ਡਿੰਕੀ ਬਾਂਸਲ ਦੀ ਲਾਸ਼ ਵੀ ਯਮੁਨਾ ਨਦੀ ਤੋਂ ਬਰਾਮਦ ਕੀਤੀ ਗਈ। ਉਨ੍ਹਾਂ ਦੀ ਮ੍ਰਿਤਕ ਦੇਹ ਦੇਰ ਰਾਤ ਪਹੁੰਚਣ ਦੀ ਉਮੀਦ ਹੈ।

# ਅਮਿਤ ਕੁਮਾਰ ਪੰਚਾਲ ਆਈਏਐਸ ਨੇ ਸ੍ਰੀ ਮੁਕਤਸਰ ਸਾਹਿਬ ਦੇ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲਿਆ

ਜ਼ਿਕਰ ਪੰਜਾਬ

**ਸ੍ਰੀ ਮੁਕਤਸਰ ਸਾਹਿਬ/ਨਰਿੰਦਰ ਵਧਵਾ**

2016 ਬੈਚ ਦੇ ਆਈ.ਏ.ਐਸ. ਅਮਿਤ ਕੁਮਾਰ ਪੰਚਾਲ ਨੇ ਅੱਜ ਬਤੌਰ ਡਿਪਟੀ ਕਮਿਸ਼ਨਰ, ਸ੍ਰੀ ਮੁਕਤਸਰ ਸਾਹਿਬ ਵਿਖੇ ਆਪਣਾ ਆਹੁਦਾ ਸੰਭਾਲ ਲਿਆ ਹੈ। ਇਸ ਤੋਂ ਪਹਿਲਾਂ ਪੰਚਾਲ ਕਪੂਰਥਲਾ ਦੇ ਡਿਪਟੀ ਕਮਿਸ਼ਨਰ ਵਜੋਂ ਸੇਵਾਵਾਂ ਨਿਭਾਅ ਚੁੱਕੇ ਹਨ। ਡਿਪਟੀ ਕਮਿਸ਼ਨਰ ਪੰਚਾਲ ਨੇ ਅੱਜ ਸਭ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਟੁੱਟੀ ਗੰਢੀ ਸਾਹਿਬ ਵਿਖੇ ਪਰਿਵਾਰ ਸਮੇਤ ਨਤਮਸਤਕ ਹੋ ਕੇ ਸਰਬਤ ਦੇ ਭਲੇ ਦੀ ਅਰਦਾਸ ਕੀਤੀ ਅਤੇ ਇਸ ਉਪਰੰਤ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਗਾਰਡ ਆਫ ਆਨਰ ਲਿਆ, ਜਿਸ ਦੌਰਾਨ ਜ਼ਿਲ੍ਹੇ ਦੇ ਅਧਿਕਾਰੀਆਂ ਵੱਲੋਂ ਉਹਨਾਂ ਨੂੰ 'ਜੀ ਆਇਆਂ ਨੂੰ' ਆਖਿਆ ਗਿਆ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ), ਸ੍ਰੀ ਮੁਕਤਸਰ ਸਾਹਿਬ ਡੈਵੀ ਗੋਇਲ, ਐਸ.ਡੀ.ਐੱਮ. ਸ੍ਰੀ ਮੁਕਤਸਰ ਸਾਹਿਬ ਗੁਰਕਿਰਨਦੀਪ ਸਿੰਘ, ਐੱਸ. ਡੀ. ਐੱਮ. ਗਿੱਦੜਬਾਹਾ ਜਸਪਾਲ ਸਿੰਘ ਬਰਾੜ, ਸੁਰਿੰਦਰ ਕੁਮਾਰ ਪੀ. ਏ. ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।



# ਮੁੱਖ ਮੰਤਰੀ ਰੌਸ਼ਨ ਪੰਜਾਬ ਯੋਜਨਾ' ਤਹਿਤ ਪੰਜਾਬ ਦੇ 13,000 ਪਿੰਡਾਂ ਨੂੰ ਸੋਲਰ ਐਲ.ਈ.ਡੀ. ਲਾਈਟਾਂ ਨਾਲ ਕੀਤਾ ਜਾਵੇਗਾ ਰੌਸ਼ਨ : ਅਮਨ ਅਰੋੜਾ

ਜ਼ਿਕਰ ਪੰਜਾਬ

**ਜਲੰਧਰ/ਬਲਵਿੰਦਰ ਕੁਮਾਰ**

ਪੰਜਾਬ ਦੇ ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਅਮਨ ਅਰੋੜਾ ਨੇ ਐਤਵਾਰ ਨੂੰ ਐਲਾਨ ਕੀਤਾ ਕਿ ਪੰਜਾਬ ਸਰਕਾਰ ਵੱਲੋਂ 550 ਕਰੋੜ ਰੁਪਏ ਦੀ ਲਾਗਤ ਨਾਲ ਸੂਬੇ ਭਰ ਦੇ ਸਾਰੇ ਪਿੰਡਾਂ ਨੂੰ ਸੂਰਜੀ ਊਰਜਾ ਨਾਲ ਚੱਲਣ ਵਾਲੀਆਂ ਐਲ.ਈ.ਡੀ. ਸਟ੍ਰੀਟ ਲਾਈਟਾਂ ਨਾਲ ਰੌਸ਼ਨ ਕਰਨ ਲਈ ਇੱਕ ਵਿਲੱਖਣ ਪਹਿਲਕਦਮੀ 'ਮੁੱਖ ਮੰਤਰੀ ਰੌਸ਼ਨ ਪੰਜਾਬ ਯੋਜਨਾ' ਦੀ ਸ਼ੁਰੂਆਤ ਕੀਤੀ ਗਈ ਹੈ। ਸਥਾਨਕ ਸਰਕਟ ਹਾਊਸ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਇਸ ਪ੍ਰਾਜੈਕਟ ਨੂੰ ਪਿੰਡਾਂ ਵਿੱਚ ਰੌਸ਼ਨੀ ਲਈ ਸਭ ਤੋਂ ਵੱਡੀਆਂ ਪਹਿਲਕਦਮੀਆਂ ਵਿੱਚੋਂ ਇੱਕ ਦੱਸਿਆ, ਜਿਸ ਤਹਿਤ ਪੰਜਾਬ ਭਰ ਵਿੱਚ 3 ਲੱਖ ਤੋਂ ਵੱਧ ਸੋਲਰ ਐਲ.ਈ.ਡੀ. ਲਾਈਟਾਂ ਲਗਾਈਆਂ ਜਾਣਗੀਆਂ। ਅਰੋੜਾ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਮੰਤਰੀ ਮੰਡਲ ਵੱਲੋਂ ਸ਼ਨੀਵਾਰ ਨੂੰ ਪਿੰਡਾਂ ਵਿੱਚ ਭਰੋਸੇਯੋਗ ਅਤੇ ਕਿਫਾਇਤੀ ਲਾਈਟਿੰਗ ਯਕੀਨੀ ਬਣਾਉਣ ਲਈ ਇਸ ਪ੍ਰੋਗਰਾਮ ਨੂੰ ਮਨਜ਼ੂਰੀ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਸੋਲਰ ਸਟ੍ਰੀਟ ਲਾਈਟਾਂ ਨੂੰ ਉਨ੍ਹਾਂ ਦੀ ਜ਼ੀਰੋ ਬਿਜਲੀ ਲਾਗਤ, ਭਰੋਸੇਯੋਗਤਾ ਅਤੇ ਪੇਂਡੂ ਖੇਤਰਾਂ ਲਈ ਢੁਕਵੀਂਆਂ ਹੋਣ ਕਰਕੇ ਤਰਜੀਹ ਦਿੱਤੀ ਜਾ ਰਹੀ ਹੈ। ਇਹ ਪ੍ਰਾਜੈਕਟ ਪੰਜਾਬ ਊਰਜਾ ਵਿਕਾਸ ਏਜੰਸੀ (ਪੇਡਾ) ਵੱਲੋਂ ਨੇਪਰੇ ਚਾੜ੍ਹਿ ਆ ਜਾਵੇਗਾ ਅਤੇ ਜੂਨ ਅਤੇ ਅਕਤੂਬਰ 2026 ਦਰਮਿਆਨ ਪੜਾਅਵਾਰ ਢੰਗ ਨਾਲ ਲਾਈਟਾਂ ਲਗਾਈਆਂ ਜਾਣਗੀਆਂ। ਯੋਜਨਾ ਲਈ ਸੋਧੇ ਹੋਏ ਫੰਡਿੰਗ ਪੈਟਰਨ ਦੀ ਪਾਲਣਾ ਕੀਤੀ ਜਾਵੇਗੀ, ਜਿਸ ਤਹਿਤ ਰਾਜ ਸਰਕਾਰ ਵੱਲੋਂ 70 ਫੀਸਦੀ ਅਤੇ ਗ੍ਰਾਮ ਪੰਚਾਇਤਾਂ ਵੱਲੋਂ 30 ਫੀਸਦੀ ਯੋਗਦਾਨ ਪਾਇਆ ਜਾਵੇਗਾ। ਇਸ



ਪਹਿਲਕਦਮੀ ਦੀ ਮਹੱਤਤਾ 'ਤੇ ਚਾਨਣਾ ਪਾਉਂਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਪਿਛਲੇ 70 ਸਾਲਾਂ ਵਿੱਚ ਪਿੰਡਾਂ ਵਿੱਚ ਸਿਰਫ਼ 1.14 ਲੱਖ ਸਟ੍ਰੀਟ ਲਾਈਟਾਂ ਲਗਾਈਆਂ ਗਈਆਂ, ਜਿਨ੍ਹਾਂ ਵਿੱਚੋਂ ਬਹੁਤ ਸਾਰੀਆਂ ਹੁਣ ਖ਼ਰਾਬ ਹੋ ਗਈਆਂ ਹਨ। ਨਵੀਂ ਯੋਜਨਾ ਤਹਿਤ ਸਾਰੀਆਂ ਲਾਈਟਾਂ ਸੱਤ ਸਾਲਾਂ ਦੇ ਸਾਲਾਨਾ ਰੱਖ-ਰਖਾਅ ਦੇ ਇਕਰਾਰਨਾਮੇ ਨਾਲ ਲਗਾਈਆਂ ਜਾਣਗੀਆਂ, ਜਿਸ ਤਹਿਤ ਖ਼ਰਾਬ ਹੋਣ ਦੀ ਸਥਿਤੀ ਵਿੱਚ ਉਨ੍ਹਾਂ ਨੂੰ ਤਿੰਨ ਦਿਨਾਂ ਦੇ ਅੰਦਰ ਬਦਲਣਾ ਯਕੀਨੀ ਬਣੇਗਾ।ਇਸ ਸਿਸਟਮ ਤਹਿਤ ਹਰੇਕ ਲਾਈਟ ਦੀ ਜੀਓ-ਟੈਗਿੰਗ, ਇਕ ਕਮਾਂਡ ਤੇ ਕੰਟਰੋਲ ਸੈਂਟਰ ਰਾਹੀਂ ਕੇਂਦਰੀਕ੍ਰਿਤ ਨਿਗਰਾਨੀ ਅਤੇ ਸ਼ਿਕਾਇਤਾਂ ਦਰਜ ਕਰਨ ਲਈ ਇੱਕ ਆਈ. ਵੀ. ਆਰ. ਹੈਲਪਲਾਈਨ ਸ਼ਾਮਲ ਹੋਵੇਗੀ। ਅਰੋੜਾ ਨੇ ਕਿਹਾ ਕਿ ਇਸ ਪਹਿਲਕਦਮੀ ਨਾਲ ਸੁਰੱਖਿਆ ਵਧੇਗੀ, ਖਾਸ ਕਰ ਔਰਤਾਂ ਦੀ ਸੁਰੱਖਿਆ ਯਕੀਨੀ ਬਣੇਗੀ। ਪੇਂਡੂ ਖੇਤਰਾਂ ਵਿੱਚ ਜੀਵਨ ਪੱਧਰ ਬਿਹਤਰ ਹੋਵੇਗਾ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚ ਗ੍ਰੀਨ ਐਨਰਜੀ ਉਤਪਾਦਨ ਨੂੰ ਉਤਸ਼ਾਹਿਤ ਕਰਨ ਲਈ ਕਈ ਸੋਲਰ ਪ੍ਰਾਜੈਕਟਾਂ 'ਤੇ ਵੀ ਕੰਮ ਕਰ ਰਹੀ ਹੈ। ਇਸ ਯੋਜਨਾ ਨੂੰ ਕ੍ਰਾਂਤੀਕਾਰੀ ਦੱਸਦਿਆਂ ਉਨ੍ਹਾਂ ਕਿਹਾ ਕਿ ਇਸ ਨਾਲ ਨਾ ਸਿਰਫ਼ ਸੁਰੱਖਿਆ ਵਿੱਚ ਵਾਧਾ ਹੋਵੇਗਾ ਸਗੋਂ ਰਾਜ ਭਰ ਦੇ ਪਿੰਡਾਂ ਵਿੱਚ ਆਰਥਿਕ ਗਤੀਵਿਧੀਆਂ ਵੀ ਮਜ਼ਬੂਤ ਹੋਣਗੀਆਂ। ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਕੈਬਨਿਟ ਆਪਣੀਆਂ ਮੀਟਿੰਗਾਂ ਵਿੱਚ ਲੋਕ-ਪੱਖੀ ਨੀਤੀਆਂ ਅਤੇ ਪਹਿਲਕਦਮੀਆਂ ਨੂੰ ਲਗਾਤਾਰ ਤਰਜੀਹ ਦਿੰਦੀ ਹੈ, ਜਿਸ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ, ਮੁਫ਼ਤ ਬਿਜਲੀ, ਮਾਵਾਂ-ਧੀਆਂ ਸਤਿਕਾਰ ਯੋਜਨਾ, ਪੰਜਾਬ ਵਿੱਚ 9000 ਤੋਂ ਵੱਧ ਸਟੇਡੀਅਮਾਂ ਦਾ ਨਿਰਮਾਣ ਅਤੇ ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਦੀ ਸੋਚ ਮੁਤਾਬਕ ਰੰਗਲਾ ਪੰਜਾਬ ਬਣਾਉਣ ਲਈ ਕਈ ਹੋਰ ਯੋਜਨਾਵਾਂ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ 'ਮੁੱਖ ਮੰਤਰੀ ਰੌਸ਼ਨ ਪੰਜਾਬ ਯੋਜਨਾ' ਤਹਿਤ ਗ੍ਰਾਮ ਪੰਚਾਇਤਾਂ 'ਤੇ ਵਿੱਤੀ ਬੋਝ ਕਾਫ਼ੀ ਹੱਦ ਤੱਕ ਘਟਾਇਆ ਗਿਆ ਹੈ। ਪਹਿਲਾਂ ਪੰਚਾਇਤਾਂ ਨੂੰ ਸਟ?ਰੀਟ ਲਾਈਟਾਂ ਲਗਾਉਣ ਲਈ 70 ਫੀਸਦੀ ਖਰਚ ਸਹਿਣ ਕਰਨਾ ਪੈਂਦਾ ਸੀ ਪਰ ਹੁਣ ਰਾਜ ਸਰਕਾਰ 70 ਫੀਸਦੀ ਖਰਚ ਸਹਿਣ ਕਰੇਗੀ ਜਦਕਿ ਪੰਚਾਇਤਾਂ ਦਾ ਯੋਗਦਾਨ ਸਿਰਫ਼ 30 ਫੀਸਦੀ ਹੋਵੇਗਾ। ਇਸ ਮੌਕੇ 'ਆਪ' ਆਗੂ ਆਤਮ ਪ੍ਰਕਾਸ਼ ਬਬਲੂ, ਤਰੁਣਦੀਪ ਸਿੰਘ ਵੀ ਮੌਜੂਦ ਸਨ।